ਆਸਾ ਦੀ ਵਾਰ ਸਟੀਕ

ਟੀਕਾਕਾਰ

ਪ੍ਰੋਫ਼ੈਸਰ ਸਾਹਿਬ ਸਿੰਘ, ਡੀ. ਲਿਟ.

ਸਿੰਘ ਬ੍ਰਦਰਜ਼, ਮਾਈ ਸੇਵਾਂ, ਅੰਮ੍ਰਿਤਸਰ

ਆਸਾ ਦੀ ਵਾਰ ਸਟੀਕ

(ਸਮੇਤ ਛਕੇ ਛੰਤਾਂ ਦੇ)

ਕਰਤਾ

ਪ੍ਰੋਫ਼ੈਸਰ ਸਾਹਿਬ ਸਿੰਘ, ਡੀ. ਲਿਟ.

ਸਿੰਘ ਬ੍ਰਦਰਜ਼, ਮਾਈ ਸੇਵਾਂ, ਅੰਮ੍ਰਿਤਸਰ

ਪਹਿਲੀਆਂ ਐਡੀਸ਼ਨਾਂ
੧੯੩੩, ੧੯੪੩, ੧੯੫੦, ੧੯੫੩
ਸਿੰਘ ਬ੍ਰਦਰਜ਼ ਅੰਮ੍ਰਿਤਸਰ ਵਲੋਂ
੧੯੬੨, ੧੯੬੪, ੧੯੬੮, ੧੯੭੧, ੧੯੭੩, ੧੯੭੫, ੧੯੭੭
੧੯੭੮, ੧੯੮੦, ੧੯੮੧, ੧੯੮੫, ੧੯੮੮
੧੭ਵੀਂ ਵਾਰ ਫ਼ਰਵਰੀ ੧੯੯੧

ਬਿਨਾਂ ਜਿਲਦ ੯-੦੦ ਜਿਲਦ ਸਮੇਤ ੧੨-੦੦

ISBN 81-7205-012-7

ਪ੍ਰਕਾਸ਼ਕ
ਸਿੰਘ ਬ੍ਰਦਰਜ਼, ਮਾਈ ਸੇਵਾਂ, ਅੰਮ੍ਰਿਤਸਰ
ਪ੍ਰਿੰਟਰ
ਲਾਕਟ ਪ੍ਰਿੰਟਰਜ਼, ਬਜ਼ਾਰ ਬਾਬਾ ਭੌੜੀ ਵਾਲਾ, ਅੰਮ੍ਰਿਤਸਰ

ਦੋ ਗੱਲਾਂ

ਇਸ ਟੀਕੇ ਦਾ ਮੁਖ ਮੰਤਵ ਇਹ ਹੈ ਕਿ ਪਾਠਕਾਂ ਨੂੰ ਗੁਰਬਾਣੀ ਦੇ ਅਰਥ ਵਿਆਕਰਣ ਅਨੁਸਾਰ ਕਰਨੇ ਆ ਜਾਣ। ਹੁਣ ਤਾਈਂ ਜੋ ਇਕ ਤੁਕ ਦੇ ਕਈ ਕਈ ਅਰਥ ਕਰਨ ਦੀ ਆਦਤ ਪਈ ਹੋਈ ਹੈ, ਉਹ ਹੱਟ ਜਾਏ। ਹਰੇਕ ਲਫ਼ਜ਼ ਦੀ ਪਹਿਲਾਂ ਬਨਾਵਟ ਸਮਝ ਵਿਚ ਆਵੇ, ਫੇਰ ਉਸ ਬਨਾਵਟ ਦੇ ਅਨੁਸਾਰ ਅਰਥ ਕਰਨ ਦਾ ਯਤਨ ਕੀਤਾ ਜਾਏ। ਉਦਾਹਰਣ ਦੇ ਤੌਰ ਤੇ ਪਹਿਲੀ ਪਉੜੀ ਦੇ ਸਲੋਕਾਂ ਵਿਚ ਸ਼ਬਦ 'ਸਉ' ਦੋ ਵਾਰੀ ਆਇਆ ਹੈ, ਕੋਈ ਕਾਰਨ ਨਹੀਂ ਦਿਸਦਾ ਕਿ ਪਹਿਲੀ ਵਾਰੀ ਅਰਥ ਗਿਣਤੀ-ਵਾਚਕ ਲਿਆ ਜਾਏ ਤੇ ਦੂਜੀ ਵਾਰੀ ਉਸ ਦੇ ਉਚਾਰਨ ਵਿਚ 'ਹ' ਲਗਾ ਕੇ ਉਸ ਦਾ ਅਰਥ 'ਸ਼ਹੁ' ਕੀਤਾ ਜਾਏ।

ਇਸੇ ਤਰ੍ਹਾਂ ਜੇ ਲਫ਼ਜ਼ 'ਅਕਲ' ਦੇ ਨਾਲ ਕਿਤੇ ਸ਼ਬਦ 'ਅਕਲਿ ਆ ਗਿਆ ਹੈ, ਤਾਂ ਇਹ ਸਮਝ ਹੋਣੀ ਚਾਹੀਦੀ ਹੈ ਕਿ ਇਹ ਦੋਵੇਂ ਲਫ਼ਜ਼ ਕਿਸ ਕਿਸ ਬੋਲੀ ਵਿਚੋਂ ਆਏ ਹਨ, ਤੇ ਇਨ੍ਹਾਂ ਦੇ ਅਰਥ ਵਿਚ ਕੀ ਫ਼ਰਕ ਹੈ। ਜੇ ਕਿਤੇ 'ਖੈਰਿ' ਦੇ ਨਾਲ ਸ਼ਬਦ 'ਖੈਰੁ' ਮਿਲਿਆ ਹੈ, ਤਾਂ ਪਾਠਕਾਂ ਨੂੰ ਸਮਝ ਹੋਣੀ ਚਾਹੀਦੀ ਹੈ ਕਿ ਇਹਨਾਂ ਵਿਚ ਕੀ ਭੇਦ ਹੈ; ਇਤਿ ਆਦਿਕ।

ਇਸ ਸੁਭਾਉ ਦਾ ਰਿਵਾਜ ਪਾਣ ਵਾਸਤੇ ਹੀ ਪਦ-ਅਰਥ ਬਹੁਤ ਵਿਸਥਾਰ ਨਾਲ ਲਿਖੇ ਗਏ ਹਨ। ਜਪੁਜੀ ਸਟੀਕ ਛਾਪਣ ਵੇਲੇ ਖ਼ਿਆਲ ਸੀ ਕਿ ਕੁਝ ਵਿਆਕਰਣ ਭੀ ਦਿਤਾ ਜਾਏ। ਪਰ ਹੁਣ ਸਾਰਾ ਵਿਆਕਰਣ ਤਿਆਰ ਹੋ ਜਾਣ ਦੇ ਕਾਰਨ ਟੀਕੇ ਨਾਲ ਥੋੜਾ ਜਿਹਾ ਵਿਆਕਰਣ

ਦਰਜ ਕਰਨਾ ਜ਼ਰੂਰੀ ਨਹੀਂ ਸਮਝਿਆ ਗਿਆ। ਹਾਂ, ਕਈ ਥਾਈਂ ਕਈ ਲਫ਼ਜ਼ਾਂ ਦੇ ਅਰਥਾਂ ਸੰਬੰਧੀ ਵਿਚਾਰ ਪੇਸ਼ ਕਰ ਕੇ ਖੋਜੀ ਸਜਣਾਂ ਦੀ ਰੁਚੀ ਏਸ ਪਾਸੇ ਲਾਉਣ ਦਾ ਯਤਨ ਕੀਤਾ ਗਿਆ ਹੈ ਕਿ ਉਹ ਕਿਸੇ ਤੁਕ ਦੇ ਅਰਥ ਕਰਨ ਤੋਂ ਪਹਿਲਾਂ ਹਰੇਕ ਲਫ਼ਜ਼ ਦੀ ਬਨਾਵਟ ਨੂੰ ਸਮਝਣ ਦਾ ਉਦਮ ਕਰਿਆ ਕਰਨ।

ਆਸਾ ਦੀ ਵਾਰ ਦਾ ਇਹ ਟੀਕਾ ਆਪਣੀ ਸੁਪਤਨੀ ਆਗਿਆ ਕੌਰ ਦੀ ਯਾਦ ਵਿਚ ਲਿਖਿਆ ਸੀ, ਜੋ ੨੮ ਦਸੰਬਰ ੧੯੩੨ ਨੂੰ ਗੁਰਪੁਰੀ ਸਿਧਾਰੀ।

ਇਸ ਟੀਕੇ ਦੀ ਨੌਵੀਂ ਛਾਪ ਪੇਸ਼ ਕਰਦਿਆਂ ਮੈਂ ਪਾਠਕਾਂ ਦਾ ਧੰਨਵਾਦ ਕਰਦਾ ਹਾਂ ਕਿ ਉਹਨਾਂ ਮੇਰੀ ਮਿਹਨਤ ਵਿਚ ਦਿਲਚਸਪੀ ਲੈ ਕੇ ਮੇਰੀ ਹੌਸਲਾ-ਅਫ਼ਜ਼ਾਈ ਕੀਤੀ ਹੈ।

57-ਜੋਸ਼ੀ ਕਾਲੋਨੀ
ਮਾਲ ਰੋਡ, ਅੰਮ੍ਰਿਤਸਰ
੮ ਦਸੰਬਰ ੧੯੭੩

ਸਾਹਿਬ ਸਿੰਘ
ਰੀਟਾਇਰਡ ਪ੍ਰੋਫੈਸਰ

ਆਸਾ ਦੀ ਵਾਰ ਦਾ ਭਾਵ

ਗੁਰੂ ਅਰਜਨ ਸਾਹਿਬ ਜੀ ਤੋਂ ਪਹਿਲਾਂ 'ਆਸਾ ਦੀ ਵਾਰ' ਦੀ ਕੀ ਸ਼ਕਲ ਸੀ—ਇਸ ਗੱਲ ਦਾ ਨਿਰਣਾ "ਸਲੋਕ ਭੀ ਮਹਲੇ ਪਹਿਲੇ ਕੇ ਲਿਖੇ" ਦੇ ਸਿਰਲੇਖ ਦੀ ਵਿਆਖਿਆ ਵਿਚ ਕੀਤਾ ਗਿਆ ਹੈ। 'ਵਾਰ' ਪਹਿਲਾਂ ਕੇਵਲ ਪਉੜੀਆਂ ਹੀ ਸੀ। ਸੋ ਆਸਾ ਦੀ ਵਾਰ ਦਾ ਭਾਵ ਲਿਖਣ ਜਾਂ ਸਮਝਣ ਵੇਲੇ ਹਰੇਕ ਪਉੜੀ ਦੇ ਸਲੋਕਾਂ ਦਾ ਧਿਆਨ ਰੱਖਣ ਦੀ ਲੋੜ ਨਹੀਂ ਹੈ।

ਗੁਰੂ ਗ੍ਰੰਥ ਸਾਹਿਬ ਦੀ ਬਾਣੀ ਦੇ ਸ਼ਬਦ ਜਾਂ ਸਲੋਕ ਆਦਿਕ ਆਮ ਤੌਰ ਤੇ ਕਿਸੇ ਖ਼ਾਸ ਇਤਿਹਾਸਕ ਸਾਖੀ ਸੰਬੰਧੀ ਹਨ, ਪਰ ਉਨ੍ਹਾਂ ਦਾ ਮੁਖ-ਭਾਵ ਹਰ ਵੇਲੇ ਹਰੇਕ ਮਨੁੱਖ ਦੇ ਜੀਵਨ ਤੇ ਘਟ ਸਕਦਾ ਹੈ। ਇਸ ਗੱਲ ਦੀ ਲੋੜ ਨਹੀਂ ਹੈ ਕਿ ਜੇ ਉਹੋ ਜਿਹੀ ਇਤਿਹਾਸਕ ਘਟਨਾ ਵਰਤੋਂ ਵਿਚ ਆਵੇ, ਤਦੋਂ ਹੀ ਕੋਈ ਸ਼ਬਦ ਜਾਂ ਸਲੋਕ ਢੁਕ ਸਕੇਗਾ। ਇਸੇ ਤਰ੍ਹਾਂ ਆਸਾ ਦੀ ਵਾਰ ਦੇ ਸਲੋਕਾਂ ਦਾ ਸਾਖੀ ਵਾਲਾ ਸੰਬੰਧ ਪਉੜੀਆਂ ਦੇ ਨਾਲ ਨਹੀਂ ਹੈ, ਕੇਵਲ ਮੁੱਖ ਭਾਵ ਦਾ ਸੰਬੰਧ ਪਉੜੀਆਂ ਦੇ ਭਾਵ ਨਾਲ ਹੈ।

ਇਸ ਗੱਲ ਨੂੰ ਹੋਰ ਵਧੀਕ ਸਮਝਣ ਵਾਸਤੇ ਗੁਰੂ ਨਾਨਕ ਸਾਹਿਬ ਜੀ ਦੇ ਜੀਵਨ ਵਿਚੋਂ ਇਕ ਸਾਖੀ ਲੈ ਲਵੋ। ਸੰਗਲਾਦੀਪ ਤੋਂ ਆਉਂਦੇ ਹੋਏ, ਰਸਤੇ ਵਿਚ ਜੈਨੀਆਂ ਦੇ ਇਕ ਮੱਠ 'ਤੇ ਗੁਰੂ ਸਾਹਿਬ ਇਕ ਸਰੇਵੜੇ ਨੂੰ ਮਿਲੇ, ਜਿਸ ਦਾ ਨਾਉਂ 'ਅਨਭੀ' ਸੀ। ਇਸ ਦੇ ਨਾਲ ਧਰਮ-ਵਿਚਾਰ ਦੇ ਸੰਬੰਧ ਵਿਚ ਗੁਰੂ ਸਾਹਿਬ ਨੇ ਹੇਠ-ਲਿਖਿਆ ਸਲੋਕ ਉਚਰਿਆ :—

ਸਿਰੁ ਖੋਹਾਇ ਪੀਅਹਿ ਮਲਵਾਣੀ ਜੂਠਾ ਮੰਗਿ ਮੰਗਿ ਖਾਹੀ॥

ਫੋਲਿ ਫਦੀਹਤਿ ਮੁਹਿ ਲੈਨਿ ਭੜਾਸਾ ਪਾਣੀ ਦੇਖਿ ਸਗਾਹੀ ॥
ਭੇਡਾ ਵਾਗੀ ਸਿਰੁ ਖੋਹਾਇਨਿ ਭਰੀਅਨਿ ਹਥ ਸੁਆਹੀ ॥...

ਐਸ ਵੇਲੇ ਇਹ ਸਲੋਕ 'ਮਾਝ ਕੀ ਵਾਰ' ਦੀ ੨੬ਵੀਂ ਪਉੜੀ ਦੇ ਨਾਲ ਦਰਜ ਹੈ। ਉਪਰਲੀ ਸਾਖੀ ਵਿਚ ਕਿਤੇ ਇਹ ਜਿਕਰ ਨਹੀਂ ਆਉਂਦਾ ਕਿ ਉਸ ਸਰੇਵੜੇ ਨੂੰ ਉਪਦੇਸ਼ ਕਰਨ ਵੇਲੇ ਗੁਰੂ ਨਾਨਕ ਸਾਹਿਬ ਨੇ ਇਹ ਮਾਝ ਦੀ ਵਾਰ ਭੀ ਉਚਾਰੀ ਸੀ, ਜਿਸ ਵਿਚ ਹੁਣ ਉਪਰਲਾ ਸਲੋਕ ਦਰਜ ਹੈ। ਸਲੋਕਾਂ ਸਮੇਤ ਇਹ ਵਾਰ ਉਸ ਸਰੇਵੜੇ ਸੰਬੰਧੀ ਹੋ ਭੀ ਨਹੀਂ ਸੀ ਸਕਦੀ, ਕਿਉਂਕਿ ਇਸ ਵਿਚ ਮੁਸਲਮਾਨਾਂ ਬਾਰੇ ਸਲੋਕ ਭੀ ਦਰਜ ਹਨ।

ਸੋ 'ਮਾਝ ਕੀ ਵਾਰ' ਦਾ ਮੁਖ-ਉਪਦੇਸ਼ ਦਾ ਜਿਕਰ ਕਰਨ ਵੇਲੇ ਇਹਨਾਂ ਸਲੋਕਾਂ ਦੀਆਂ ਸਾਖੀਆਂ ਦਾ ਹਵਾਲਾ ਦੇਣਾ, ਜਾਂ ਇਉਂ ਆਖਣਾ ਕਿ 'ਮਾਝ ਕੀ ਵਾਰ' ਵਿਚ ਗੁਰੂ ਨਾਨਕ ਸਾਹਿਬ ਨੇ ਸਰੇਵੜਿਆਂ ਤੇ ਮੁਸਲਮਾਨਾਂ ਨੂੰ ਅਮੁਕਾ ਉਪਦੇਸ਼ ਕੀਤਾ, ਗਲਤ ਹੈ। 'ਮਾਝ ਕੀ ਵਾਰ' ਕੇਵਲ ਪਉੜੀਆਂ ਹਨ, ਇਸ ਵਾਸਤੇ 'ਵਾਰ' ਦਾ ਮੁਖ ਭਾਵ ਕੇਵਲ ਪਉੜੀਆਂ ਦਾ ਹੀ ਮੁਖ-ਭਾਵ ਹੋ ਸਕਦਾ ਹੈ।

ਇਸੇ ਤਰ੍ਹਾਂ 'ਆਸਾ ਦੀ ਵਾਰ' ਦੇ ਮੁਖ-ਉਪਦੇਸ਼ ਦਾ ਵਰਣਨ ਕਰਨ ਵੇਲੇ ਇਹ ਆਖਣਾ ਅਸ਼ੁੱਧ ਹੈ ਕਿ ਗੁਰੂ ਨਾਨਕ ਸਾਹਿਬ ਨੇ 'ਆਸਾ ਦੀ ਵਾਰ' ਦੀ ਰਾਹੀਂ ਰਾਸਾਂ ਸੰਬੰਧੀ, ਮੁਸਲਮਾਨਾਂ ਦੇ ਮੁਰਦੇ ਦੱਬਣ ਸੰਬੰਧੀ, ਜਨੇਊ ਸੰਬੰਧੀ, ਗਊ ਦੇ ਗੋਬਰ ਦਾ ਪੋਚਾ ਫੇਰਨ ਸੰਬੰਧੀ, ਹਉਮੈ ਸੰਬੰਧੀ, ਇਸਤ੍ਰੀ ਜਾਤੀ ਸੰਬੰਧੀ ਜਾਂ ਹੋਰ ਸਲੋਕਾਂ ਦੇ ਕਿਸੇ ਮਜ਼ਮੂਨ ਸੰਬੰਧੀ ਉਪਦੇਸ਼ ਕੀਤਾ ਹੈ। ਸਲੋਕਾਂ ਦੇ ਵੱਖ-ਵੱਖਰੇ ਮਜ਼ਮੂਨ ਹੀ ਦੱਸ ਰਹੇ ਹਨ ਕਿ ਇਹ ਸਭ ਵੱਖ-ਵੱਖਰੇ ਸਮੇਂ ਲੋੜ ਅਨੁਸਾਰ ਉਚਾਰੇ ਗਏ ਹਨ। ਜਨੇਊ ਦੀ ਸਾਖੀ ਆਮ ਪ੍ਰਸਿੱਧ ਹੈ। ਇਤਿਹਾਸ ਵਿਚ ਉਹ ਖ਼ਾਸ ਸਲੋਕ ਭੀ ਦਿੱਤੇ ਗਏ ਹਨ, ਜੋ ਜਨੇਊ ਵੇਲੇ ਗੁਰੂ ਸਾਹਿਬ ਨੇ ਪਾਂਧੇ ਨੂੰ ਸੁਣਾਏ ਸਨ, ਪਰ ਕੋਈ ਸਿਆਣਾ ਮਨੁੱਖ ਇਹ

ਫੋਲਿ ਫਦੀਹਤਿ ਮੁਹਿ ਲੈਨਿ ਭੜਾਸਾ ਪਾਣੀ ਦੇਖਿ ਸਗਾਹੀ ॥
ਭੇਡਾ ਵਾਗੀ ਸਿਰੁ ਖੋਹਾਇਨਿ ਭਰੀਅਨਿ ਹਥ ਸੁਆਹੀ ॥...

ਐਸ ਵੇਲੇ ਇਹ ਸਲੋਕ 'ਮਾਝ ਕੀ ਵਾਰ' ਦੀ ੨੬ਵੀਂ ਪਉੜੀ ਦੇ ਨਾਲ ਦਰਜ ਹੈ। ਉਪਰਲੀ ਸਾਖੀ ਵਿਚ ਕਿਤੇ ਇਹ ਜ਼ਿਕਰ ਨਹੀਂ ਆਉਂਦਾ ਕਿ ਉਸ ਸਰੇਵੜੇ ਨੂੰ ਉਪਦੇਸ਼ ਕਰਨ ਵੇਲੇ ਗੁਰੂ ਨਾਨਕ ਸਾਹਿਬ ਨੇ ਇਹ ਮਾਝ ਦੀ ਵਾਰ ਭੀ ਉਚਾਰੀ ਸੀ, ਜਿਸ ਵਿਚ ਹੁਣ ਉਪਰਲਾ ਸਲੋਕ ਦਰਜ ਹੈ। ਸਲੋਕਾਂ ਸਮੇਤ ਇਹ ਵਾਰ ਉਸ ਸਰੇਵੜੇ ਸੰਬੰਧੀ ਹੋ ਭੀ ਨਹੀਂ ਸੀ ਸਕਦੀ, ਕਿਉਂਕਿ ਇਸ ਵਿਚ ਮੁਸਲਮਾਨਾਂ ਬਾਰੇ ਸਲੋਕ ਭੀ ਦਰਜ ਹਨ।

ਸੋ 'ਮਾਝ ਕੀ ਵਾਰ' ਦਾ ਮੁਖ-ਉਪਦੇਸ਼ ਦਾ ਜ਼ਿਕਰ ਕਰਨ ਵੇਲੇ ਇਹਨਾਂ ਸਲੋਕਾਂ ਦੀਆਂ ਸਾਖੀਆਂ ਦਾ ਹਵਾਲਾ ਦੇਣਾ, ਜਾਂ ਇਉਂ ਆਖਣਾ ਕਿ 'ਮਾਝ ਕੀ ਵਾਰ' ਵਿਚ ਗੁਰੂ ਨਾਨਕ ਸਾਹਿਬ ਨੇ ਸਰੇਵੜਿਆਂ ਤੇ ਮੁਸਲਮਾਨਾਂ ਨੂੰ ਅਮੁਕਾ ਉਪਦੇਸ਼ ਕੀਤਾ, ਗ਼ਲਤ ਹੈ। 'ਮਾਝ ਕੀ ਵਾਰ' ਕੇਵਲ ਪਉੜੀਆਂ ਹਨ, ਇਸ ਵਾਸਤੇ 'ਵਾਰ' ਦਾ ਮੁਖ ਭਾਵ ਕੇਵਲ ਪਉੜੀਆਂ ਦਾ ਹੀ ਮੁਖ-ਭਾਵ ਹੋ ਸਕਦਾ ਹੈ।

ਇਸੇ ਤਰ੍ਹਾਂ 'ਆਸਾ ਦੀ ਵਾਰ' ਦੇ ਮੁਖ-ਉਪਦੇਸ਼ ਦਾ ਵਰਣਨ ਕਰਨ ਵੇਲੇ ਇਹ ਆਖਣਾ ਅਸ਼ੁੱਧ ਹੈ ਕਿ ਗੁਰੂ ਨਾਨਕ ਸਾਹਿਬ ਨੇ 'ਅ ਸਾ ਦੀ ਵਾਰ' ਦੀ ਰਾਹੀਂ ਰਾਸਾਂ ਸੰਬੰਧੀ, ਮੁਸਲਮਾਨਾਂ ਦੇ ਮੁਰਦੇ ਦੱਬਣ ਸੰਬੰਧੀ, ਜਨੇਊ ਸੰਬੰਧੀ, ਗਊ ਦੇ ਗੋਬਰ ਦਾ ਪੋਚਾ ਫੇਰਨ ਸੰਬੰਧੀ, ਹਉਮੈ ਸੰਬੰਧੀ, ਇਸਤ੍ਰੀ ਜਾਤੀ ਸੰਬੰਧੀ ਜਾਂ ਹੋਰ ਸਲੋਕਾਂ ਦੇ ਕਿਸੇ ਮਜ਼ਮੂਨ ਸੰਬੰਧੀ ਉਪਦੇਸ਼ ਕੀਤਾ ਹੈ। ਸਲੋਕਾਂ ਦੇ ਵੱਖ-ਵੱਖਰੇ ਮਜ਼ਮੂਨ ਹੀ ਦੱਸ ਰਹੇ ਹਨ ਕਿ ਇਹ ਸਭ ਵੱਖੋ-ਵੱਖਰੇ ਸਮੇ ਲੋੜ ਅਨੁਸਾਰ ਉਚਾਰੇ ਗਏ ਹਨ। ਜਨੇਊ ਦੀ ਸਾਖੀ ਆਮ ਪ੍ਰਸਿੱਧ ਹੈ। ਇਤਿਹਾਸ ਵਿਚ ਉਹ ਖ਼ਾਸ ਸਲੋਕ ਭੀ ਦਿੱਤੇ ਗਏ ਹਨ, ਜੋ ਜਨੇਊ ਵੇਲੇ ਗੁਰੂ ਸਾਹਿਬ ਨੇ ਪਾਂਧੇ ਨੂੰ ਸੁਣਾਏ ਸਨ, ਪਰ ਕੋਈ ਸਿਆਣਾ ਮਨੁੱਖ ਇਹ

ਨਹੀਂ ਆਖ ਸਕਦਾ ਕਿ ਇਹ ਸਾਰੀ 'ਵਾਰ' ਸਾਰੇ ਸਲੋਕਾਂ ਸਮੇਤ ਗੁਰੂ ਨਾਨਕ ਦੇਵ ਜੀ ਨੇ ਉਸ ਜਨੇਊ ਦੇ ਸਮੇ ਪਾਂਧੇ ਨੂੰ ਉਪਦੇਸ਼ ਦੇਣ ਵਾਸਤੇ ਉਚਾਰੀ ਸੀ। ਜਨੇਊ ਦੇ ਸਲੋਕਾਂ ਦੀ ਸਾਖੀ ਦਾ ਆਸਾ ਦੀ ਵਾਰ ਦੀ ੧੫ਵੀਂ ਪਉੜੀ ਦੇ ਮਜ਼ਮੂਨ ਨਾਲ ਕੋਈ ਸੰਬੰਧ ਨਹੀਂ ਹੈ। ਇਹੀ ਹਾਲ ਸਾਰੇਸ ਲੋਕਾਂ ਦਾ ਹੈ। ਇਹਨਾਂ ਸਲੋਕਾਂ ਦੀ ਕੇਵਲ ਉਹੀ ਸਿੱਖਿਆ ਜੋ "ਸਾਂਝੀ ਸਗਲ ਜਹਾਨੇ" ਹੈ ਤੇ ਇਹਨਾਂ ਪਉੜੀਆਂ ਦੇ ਭਾਵ ਨਾਲ ਰਲਦੀ ਹੈ,ਆਸਾ ਦੀ ਵਾਰ ਦੇ ਮੁਖ ਉਪਦੇਸ਼ ਵਿਚ ਲਈ ਜਾਣੀ ਹੈ। ਦੂਜੇ ਅੱਖਰਾਂ ਵਿਚ ਇਉਂ ਆਖ ਲਵੋ ਕਿ 'ਆਸਾ ਦੀ ਵਾਰ' ਦਾ ਮੁਖ-ਭਾਵ ਕੇਵਲ ਪਉੜੀਆਂ ਦਾ ਹੀ ਮੁਖ ਭਾਵ ਹੈ।

ਸੋ ਜੋ ਸੱਜਣ ਹੁਣ ਤਕ ਸ਼ਿਕਾਇਤ ਕਰਿਆ ਕਰਦੇ ਸਨ ਕਿ 'ਆਸਾ ਦੀ ਵਾਰ' ਦੇ ਸਾਰੇ ਮਜ਼ਮੂਨ ਦੀ ਇਕ ਲੜੀ ਨਹੀਂ ਬਣਦੀ, ਉਹਨਾਂ ਦੀ ਸੇਵਾ ਵਿਚ ਪ੍ਰਾਰਥਨਾ ਹੈ ਕਿ ਸਲੋਕਾਂ ਤੋਂ ਬਿਨਾ ਰਤਾ ਗਹੁ ਨਾਲ ਮੂਲ 'ਆਸਾ ਦੀ ਵਾਰ', ਅਰਥਾਤ, ਕੇਵਲ ਪਉੜੀਆਂ ਦਾ ਪਾਠ ਕਰਨ ਅਤੇ ਵੇਖ ਲੈਣ ਕਿ ਸਾਰੀਆਂ ਪਉੜੀਆਂ ਕਿਵੇਂ ਇਕੋ ਹੀ ਸੁੰਦਰ ਮਜ਼ਮੂਨ ਵਿਚ ਪਰੋਤੀਆਂ ਹੋਈਆਂ ਹਨ।

ਬਾਕੀ ਰਹੇ ਸਲੋਕ, ਉਹਨਾਂ ਦੀਆਂ ਭੀ ਸਾਖੀਆਂ ਨੂੰ ਛੱਡ ਕੇ ਜੇ ਸੱਜਣ ਜਨ 'ਸਾਂਝੇ ਉਪਦੇਸ਼', ਮੁੱਖ-ਭਾਵ' ਨੂੰ ਰਤਾ ਵਿਚਾਰ ਨਾਲ ਸੋਚਣਗੇ, ਤਾਂ ਪਰਤੱਖ ਪਰਗਟ ਹੋ ਜਾਏਗਾ ਕਿ ਹਰੇਕ ਸਲੋਕ ਜਿਸ ਪਉੜੀ ਦੇ ਨਾਲ ਦਰਜ ਹੈ, ਓਥੇ ਉਸ ਦਾ ਮੁਖ ਭਾਵ ਪਉੜੀ ਨਾਲ ਮਿਲਦਾ ਹੈ।

ਕਈ ਇਤਿਹਾਸਕਾਰ ਲਿਖ ਗਏ ਹਨ ਕਿ 'ਆਸਾ ਦੀ 'ਵਾਰ' ਦੀਆਂ ਪਹਿਲੀਆਂ ੯ ਪਉੜੀਆਂ (ਸਲੋਕਾਂ ਸਮੇਤ) ਪਾਕ-ਪਟਨ ਵਿਚ ਸ਼ੇਖ਼ ਬ੍ਰਹਮ ਪਾਸ ਉਚਾਰੀਆਂ ਸਨ ਤੇ ਬਾਕੀ ੧੫ ਕਿਸੇ ਹੋਰ ਥਾਂ। ਇਹ ਖ਼ਿਆਲ ਉੱਕਾ ਹੀ ਗ਼ਲਤ ਹੈ। ਸਾਰੀ 'ਵਾਰ' ਦਾ ਇਕੋ ਹੀ ਮਜ਼ਮੂਨ ਹੈ ਜਿਥੇ ਭੀ ਉਚਾਰੀ ਹੈ, ਸਾਰੀ ਇਕੱਠੀ ਹੀ ਉਚਾਰੀ ਹੈ।

ਭਾਵ

੧. (ਪਉੜੀ ੧, ੨, ੩) ਪਰਮਾਤਮਾ ਨੇ ਆਪਣੇ ਆਪ ਤੋਂ ਜਗਤ ਰਚਿਆ ਹੈ, ਇਸ ਵਿਚ ਹਰ ਥਾਂ ਬੈਠ ਕੇ ਜਗਤ-ਤਮਾਸ਼ਾ ਵੇਖ ਰਿਹਾ ਹੈ। ਜਗਤ ਵਿਚ ਮਨੁੱਖ ਪੈਦਾ ਕੀਤਾ ਹੈ ਕਿ 'ਸਚ' ਨੂੰ ਗ੍ਰਹਿਣ ਕਰੇ, 'ਸੱਚੇ' ਪ੍ਰਭੂ ਦੀ ਬੰਦਗੀ ਕਰੇ; ਪਰ ਦੁਨੀਆ ਵਿਚ ਲੱਗ ਕੇ ਬੰਦਾ ਬਾਜ਼ੀ ਹਾਰ ਰਿਹਾ ਹੈ।

੨. (ਨੰ: ੪, ੫, ੬) ਪ੍ਰਭੂ ਦੀ ਮਿਹਰ ਨਾਲ ਜਿਸ ਨੂੰ ਗੁਰੂ ਮਿਲਦਾ ਹੈ, ਉਹ 'ਆਪਾ-ਭਾਵ' ਗੁਆ ਕੇ ਗੁਰੂ ਦਾ ਉਪਦੇਸ਼ ਸੁਣਦਾ ਹੈ ਤੇ 'ਨਾਮ' ਸਿਮਰਦਾ ਹੈ,ਜਿਸ ਕਰਕੇ ਉਸ ਦੇ ਦੁੱਖ ਕਲੇਸ਼ ਨਿਵਰਦੇ ਹਨ। ਗੁਰੂ ਤੋਂ ਬਿਨਾ ਇਹ ਦਾਤ ਨਹੀਂ ਮਿਲਦੀ, ਗੁਰੂ ਦੀ ਅੱਖ ਹੀ ਪ੍ਰਭੂ ਦਾ ਹਰ ਥਾਂ ਦੀਦਾਰ ਕਰਨ ਦੇ ਸਮਰੱਥ ਹੈ।

੩. 'ਨਾਮ' ਦੀ ਕਮਾਈ ਕੀ ਹੈ ? (੭ ਤੋਂ ੧੦) ਸੰਤੋਖ ਦਾ ਜੀਵਨ, ਆਪਣੇ ਅੰਦਰ ਹਰ ਵੇਲੇ ਪ੍ਰਭੂ ਨੂੰ ਦ੍ਰਿੜ੍ਹ ਕਰਨਾ, ਗੁਰਮੁਖਾਂ ਦੀ ਸੰਗਤ, ਨਿਰੀ ਆਪਣੀ ਨਿੱਕੀ ਜਿਹੀ ਮੱਤ ਤੇ ਟੇਕ ਨਾ ਰੱਖਣੀ, ਸਗੋਂ (੧੧ ਤੋਂ ੧੫) ਪਰਮਾਤਮਾ ਦੀ ਬਖ਼ਸ਼ਸ਼ ਤੇ ਆਸਾ ਰੱਖ ਕੇ ਉੱਦਮ ਕਰਨਾ, ਕਿਸੇ ਵਿਦਿਆ ਦੇ ਮਾਣ ਤੇ ਮੂੰਹ-ਜ਼ੋਰ ਨਾ ਹੋ ਜਾਣਾ, ਸਗੋਂ 'ਆਪਾ' ਗੁਰੂ ਤੋਂ ਵਾਰ ਦੇਣਾ, ਨੇਕ ਕਮਾਈ, ਨੇਕ ਅਮਲ ਅਤੇ ਪਰਮਾਤਮਾ ਦੀ ਰਜ਼ਾ ਵਿਚ ਰਾਜ਼ੀ ਰਹਿਣਾ।

੪. ਦੁਨੀਆ ਦੀਆਂ ਵਡਿਆਈਆਂ ਦਾ ਮਾਣ ਕੂੜਾ ਹੈ-(੧੬) ਪ੍ਰਭੂ ਆਪ ਹੀ ਵਡਿਆਈਆਂ ਦੇਂਦਾ ਹੈ। ਪਰ ਜੇ ਖੋਹਣ ਲਗੇ ਤਾਂ ਰਾਜੇ ਤੋਂ ਕੰਗਾਲ ਬਣਾ ਦੇਂਦਾ ਹੈ ਅਤੇ (੧੭) ਰਾਜ ਮਿਲਖ ਤਖ਼ਤ ਮਹਲ ਵੇਖ ਕੇ ਮਨ-ਮੰਨੀਆਂ ਮੌਜਾਂ ਵਿਚ ਜੀਵਨ ਗਵਾ ਲੈਣਾ ਭਾਰੀ ਭੁੱਲ ਹੈ-(੧੮) ਆਤਮਕ ਰੱਬੀ ਗੁਣ ਸਭ ਤੋਂ ਉੱਚਾ ਧਨ ਹੈ। ਇਹ ਗੁਣ ਗੁਰੂ ਤੋਂ ਮਿਲਦਾ ਹੈ-(੧੯) ਮਮਤਾ ਵਿਚ ਫਸ ਕੇ ਕਿਸੇ ਹੰਕਾਰ ਵਿਚ ਆ ਕੇ ਮੰਦੇ ਪਾਸੇ ਨਾ ਤੁਰੀਏ, ਕਿਸੇ ਦਾ ਦਿਲ ਨਾ ਦੁਖਾਈਏ-(੨੦)

ਭਾਵ

੧. (ਪਉੜੀ ੧, ੨, ੩) ਪਰਮਾਤਮਾ ਨੇ ਆਪਣੇ ਆਪ ਤੋਂ ਜਗਤ ਰਚਿਆ ਹੈ, ਇਸ ਵਿਚ ਹਰ ਥਾਂ ਬੈਠ ਕੇ ਜਗਤ-ਤਮਾਸ਼ਾ ਵੇਖ ਰਿਹਾ ਹੈ। ਜਗਤ ਵਿਚ ਮਨੁੱਖ ਪੈਦਾ ਕੀਤਾ ਹੈ ਕਿ 'ਸਚ' ਨੂੰ ਗ੍ਰਹਿਣ ਕਰੇ, 'ਸੱਚੇ' ਪ੍ਰਭੂ ਦੀ ਬੰਦਗੀ ਕਰੇ; ਪਰ ਦੁਨੀਆ ਵਿਚ ਲੱਗ ਕੇ ਬੰਦਾ ਬਾਜ਼ੀ ਹਾਰ ਰਿਹਾ ਹੈ।

੨. (ਨੰ: ੪, ੫, ੬) ਪ੍ਰਭੂ ਦੀ ਮਿਹਰ ਨਾਲ ਜਿਸ ਨੂੰ ਗੁਰੂ ਮਿਲਦਾ ਹੈ, ਉਹ 'ਆਪਾ-ਭਾਵ' ਗੁਆ ਕੇ ਗੁਰੂ ਦਾ ਉਪਦੇਸ਼ ਸੁਣਦਾ ਹੈ ਤੇ 'ਨਾਮ' ਸਿਮਰਦਾ ਹੈ,ਜਿਸ ਕਰਕੇ ਉਸ ਦੇ ਦੁੱਖ ਕਲੇਸ਼ ਨਿਵਰਦੇ ਹਨ। ਗੁਰੂ ਤੋਂ ਬਿਨਾ ਇਹ ਦਾਤ ਨਹੀਂ ਮਿਲਦੀ, ਗੁਰੂ ਦੀ ਅੱਖ ਹੀ ਪ੍ਰਭੂ ਦਾ ਹਰ ਥਾਂ ਦੀਦਾਰ ਕਰਨ ਦੇ ਸਮਰੱਥ ਹੈ।

੩. 'ਨਾਮ' ਦੀ ਕਮਾਈ ਕੀ ਹੈ ? (੭ ਤੋਂ ੧੦) ਸੰਤੋਖ ਦਾ ਜੀਵਨ, ਆਪਣੇ ਅੰਦਰ ਹਰ ਵੇਲੇ ਪ੍ਰਭੂ ਨੂੰ ਦ੍ਰਿੜ੍ਹ ਕਰਨਾ, ਗੁਰਮੁਖਾਂ ਦੀ ਸੰਗਤ, ਨਿਰੀ ਆਪਣੀ ਨਿੱਕੀ ਜਿਹੀ ਮੱਤ ਤੇ ਟੇਕ ਨਾ ਰੱਖਣੀ, ਸਗੋਂ (੧੧ ਤੋਂ ੧੫) ਪਰਮਾਤਮਾ ਦੀ ਬਖਸ਼ਸ਼ ਤੇ ਆਸਾ ਰੱਖ ਕੇ ਉੱਦਮ ਕਰਨਾ, ਕਿਸੇ ਵਿਦਿਆ ਦੇ ਮਾਣ ਤੇ ਮੂੰਹ-ਜ਼ੋਰ ਨਾ ਹੋ ਜਾਣਾ, ਸਗੋਂ 'ਆਪਾ' ਗੁਰੂ ਤੋਂ ਵਾਰ ਦੇਣਾ, ਨੇਕ ਕਮਾਈ, ਨੇਕ ਅਮਲ ਅਤੇ ਪਰਮਾਤਮਾ ਦੀ ਰਜ਼ਾ ਵਿਚ ਰਾਜ਼ੀ ਰਹਿਣਾ।

੪. ਦੁਨੀਆ ਦੀਆਂ ਵਡਿਆਈਆਂ ਦਾ ਮਾਣ ਕੂੜਾ ਹੈ-(੧੬) ਪ੍ਰਭੂ ਆਪ ਹੀ ਵਡਿਆਈਆਂ ਦੇਂਦਾ ਹੈ। ਪਰ ਜੇ ਖੋਹਣ ਲਗੇ ਤਾਂ ਰਾਜੇ ਤੋਂ ਕੰਗਾਲ ਬਣਾ ਦੇਂਦਾ ਹੈ ਅਤੇ (੧੭) ਰਾਜ ਮਿਲਖ ਤਖ਼ਤ ਮਹਲ ਵੇਖ ਕੇ ਮਨ-ਮੰਨੀਆਂ ਮੌਜਾਂ ਵਿਚ ਜੀਵਨ ਗਵਾ ਲੈਣਾ ਭਾਰੀ ਭੁੱਲ ਹੈ-(੧੮) ਆਤਮਕ ਰੱਬੀ ਗੁਣ ਸਭ ਤੋਂ ਉੱਚਾ ਧਨ ਹੈ। ਇਹ ਗੁਣ ਗੁਰੂ ਤੋਂ ਮਿਲਦਾ ਹੈ-(੧੯) ਮਮਤਾ ਵਿਚ ਫਸ ਕੇ ਕਿਸੇ ਹੰਕਾਰ ਵਿਚ ਆ ਕੇ ਮੰਦੇ ਪਾਸੇ ਨਾ ਤੁਰੀਏ, ਕਿਸੇ ਦਾ ਦਿਲ ਨਾ ਦੁਖਾਈਏ-(੨੦)

ਜੀਵਨ ਸੁਆਰੀਏ ਤੇ ਪ੍ਰਭੂ ਨੂੰ ਚੇਤੇ ਰੱਖੀਏ, ਇੱਥੇ ਸਦਾ ਨਹੀਂ ਬਹਿ ਰਹਿਣਾ। (੨੧) ਆਪਣੇ ਕੀਤੇ ਅਨੁਸਾਰ ਸੁਖ ਦੁਖ ਮਿਲਦਾ ਹੈ, ਤਾਂ ਫਿਰ ਬੁਰੇ ਰਾਹੇ ਕਿਉਂ ਤੁਰੀਏ? (੨੨) ਦੁਨੀਆ ਦੇ ਕੂੜੇ ਮਾਣ ਤੇ ਮਾਲਕ ਨਾਲ ਸ਼ਰੀਕਾ ਕੀਤਿਆਂ ਸ਼ਰਮਿੰਦਗੀ ਮਿਲਦੀ ਹੈ। (੨੩) ਕਿਸੇ ਨੂੰ ਸੁਖ ਤੇ ਕਿਸੇ ਨੂੰ ਦੁਖ ਪ੍ਰਭੂ ਆਪ ਹੀ ਦੇ ਰਿਹਾ ਹੈ। (੨੪) ਪਰਮਾਤਮਾ ਆਪ ਹੀ ਰਾਜ਼ਕ ਹੈ, ਉਸ ਤੋਂ ਬਿਨਾ ਜੀਵ ਦਾ ਹੋਰ ਕੋਈ ਆਸਰਾ ਨਹੀਂ ਹੈ।

ਗੁਰੂ ਨਾਨਕ ਦੇਵ ਜੀ ਦਾ ਸੰਖੇਪ ਜੀਵਨ

ਇਹ ਬਾਣੀ ਗੁਰੂ ਨਾਨਕ ਦੇਵ ਜੀ ਦੀ ਉਚਾਰੀ ਹੋਈ ਹੈ। ਪਾਠਕਾਂ ਦੀ ਵਾਕਫ਼ੀ ਲਈ ਉਹਨਾਂ ਦਾ ਜੀਵਨ ਬਹੁਤ ਥੋੜੇ ਲਫ਼ਜ਼ਾਂ ਵਿੱਚ ਦਿੱਤਾ ਜਾਂਦਾ ਹੈ।

੧. ਜਨਮ–ਤਲਵੰਡੀ ਰਾਇ ਭੋਇ ਦੀ, ਵੈਸਾਖ ਸੁਦੀ ੩, ਸੰਮਤ ੧੫੨੬ (੧੫ ਅਪਰੈਲ ੧੪੬੯)। ਉਮਰ ੭ ਸਾਲ, ਪਾਂਧੇ ਪਾਸ ਪੜ੍ਹਨ ਗਏ (ਸੰਨ ੧੪੭੬)। ਬੀਬੀ ਨਾਨਕੀ (ਗੁਰੂ ਜੀ ਦੀ ਭੈਣ) ਦਾ ਵਿਆਹ ਸੰਨ ੧੪੭੭। ਉਮਰ ੯ ਸਾਲ ਜਨੇਊ, ਪੰਡਤ ਹਰਦਿਆਲ, ''ਦਇਆ ਕਪਾਹ ਸੰਤੋਖੁ ਸੂਤੁ''।

੨. ਉਮਰ ੧੧ ਸਾਲ, (ਸੰਨ ੧੪੮੦) ਮਹੀਆਂ ਦਾ ਮਾਹੀ ਕਿਤੇ ਗਿਆ ਹੋਇਆ ਸੀ, ਸੋ ਮਹੀਆਂ ਚਾਰਨ। ਕਿਸੇ ਦੀ ਪੈਲੀ ਪੈ ਗਈਆਂ।

ਉਮਰ ੧੩-੧੪ ਸਾਲ, ਰੁੱਖ ਦੀ ਸਾਖੀ, ਰਾਇ ਬੁਲਾਰ ਨੇ ਲੰਘਦਿਆਂ ਵੇਖਿਆ। ਹਾਲੀ ਪਾਲੀ ਰਾਖੇ ਸਭ ਖੇਤੀ ਗੋਡਣ ਗਏ ਸਨ। ਪਿਤਾ ਦੇ ਹੁਕਮ ਅਨੁਸਾਰ ਪੈਲੀਆਂ ਵਲ ਫੇਰਾ ਮਾਰਨ ਗਏ। ਫੇਰਾ ਮਾਰ ਕੇ ਇਕ ਰੁੱਖ ਹੇਠ ਆ ਸੁੱਤੇ।

੩. ਉਮਰ ੧੬ ਸਾਲ, ਕੁੜਮਾਈ ਵਟਾਲੇ ਤੋਂ ਬਾਬਾ ਮੂਲਾ ਜੀ ਵਲੋਂ (ਵੈਸਾਖ ਵਦੀ ੧, ਸੰਮਤ ੧੫੪੨), ਉਸੇ ਸਾਲ ਸ਼ਾਦੀ। ਉਮਰ ੨੦ ਸਾਲ, ਵੈਦ ਦੀ ਸਾਖੀ। ਉਮਰ ੨੮ ਸਾਲ, ਜਨਮ ਬਾਬਾ ਸ੍ਰੀ ਚੰਦ (ਸੰਨ ੧੪੯੭)। ਜਨਮ ਬਾਬਾ ਲਖਮੀ ਚੰਦ (ਸੰਨ ੧੫੦੦)। ਉਮਰ ੪੩ ਸਾਲ, ਸਾਖੀ ਖਰਾ ਸੌਦਾ।

੪. ਉਮਰ ੩੫ ਸਾਲ ੬ ਮਹੀਨੇ (ਸੰਨ ੧੫੦੪), ਸੁਲਤਾਨਪੁਰ ਭਾਈ ਜੈਰਾਮ ਜੀ ਪਾਸ ਚਲੇ ਗਏ।

ਨਵੰਬਰ ੧੫੦੪ ਤੋਂ ਅਕਤੂਬਰ ੧੫੦੭ ਤਕ ਸੁਲਤਾਨਪੁਰ ਰਹੇ

੧. ਨਵਾਬ ਦੌਲਤ ਖ਼ਾਂ ਦੇ ਮੋਦੀ, ਪਰਵਾਰ ਨੂੰ ਇੱਥੇ ਸਦਾ ਲਿਆ। ਪਿਤਾ ਕਾਲੂ ਜੀ ਭੀ ਮਿਲਣ ਆਏ। ਭਾਈ ਮਰਦਾਨਾ ਭੀ ਪਾਸ ਆ ਰਿਹਾ।

੨. ਮੈਲਸੀ ਦਾ ਭਾਈ ਭਗੀਰਥ ਸਿੱਖ ਬਣਿਆ, ਜਿਸ ਦੀ ਰਾਹੀਂ ਲਾਹੌਰ ਦਾ ਭਾਈ ਮਨਸੁਖ ਸਿੱਖ ਹੋਇਆ, ਗੁਰੂ ਜੀ ਦੇ ਪਾਸ ਹੀ ਰਿਹਾ। ਸੁਲਤਾਨਪੁਰ ਛੱਡਣ ਤੋਂ ਪਹਿਲਾਂ ਇਸ ਨੂੰ ਵੀ ਵਪਾਰ ਲਈ ਭੇਜ ਦਿਤਾ।

੩. ਉਮਰ ੩੮ ਸਾਲ ੬ ਮਹੀਨੇ (ਸਤੰਬਰ ੧੫੦੭), ਸਾਖੀ ਵੇਈਂ ਨਦੀ। ਕਾਜ਼ੀ ਤੇ ਨਵਾਬ ਨਾਲ ਨਮਾਜ਼।

੪. ਪਰਵਾਰ ਨੂੰ ਬਾਬਾ ਮੂਲਾ ਜੀ ਦੇ ਸਪੁਰਦ। ਭਾਈ ਮਰਦਾਨੇ ਨੂੰ ਨਾਲ ਲਿਆ।

ਪਹਿਲੀ ਉਦਾਸੀ, ਅਕਤੂਬਰ ੧੫੦੭ ਤੋਂ ੧੫੧੫ ਤਕ ਹਿੰਦੂ ਤੀਰਥ ਵੇਖੇ

੧. ਮਾਤਾ ਪਿਤਾ ਨੂੰ ਮਿਲਣ ਤਲਵੰਡੀ। ਐਮਨਾਬਾਦ, ਮਲਕ ਭਾਗੋ ਦੇ ਸਰਾਧ ਦੀ ਸਾਖੀ।

੨. ਹਰਦੁਆਰ, ਪੱਛਮ ਵਲ ਪਾਣੀ ਦੇਣਾ, ਵੈਸ਼ਨਵ ਸਾਧੂ ਦਾ ਚੌਂਕਾ, ਨਾਨਕ ਮਤਾ, ਕੰਨ-ਪਾਟੇ ਜੋਗੀ, ਇਥੋਂ ੩੦ ਕੋਹ ਤੇ ਰੇਠਿਆਂ ਦਾ ਜੰਗਲ, ਮਿੱਠਾ ਰੀਠਾ। ਅਜੁੱਧਿਆ, ਪਿਰਾਗ, ਬਨਾਰਸ, ਪੰਡਤ ਚਤੁਰਦਾਸ ''ਸਾਲਗਰਾਮ ਬਿਪ........''। ਗਇਆ ''ਦੀਵਾ ਮੇਰਾ ਏਕੁ ਨਾਮੁ।''

੩. ਪਟਨਾ, ਸਾਲਸ ਰਾਇ ਜੌਹਰੀ ਤੇ ਅਧਰਕਾ, ੪ ਮਹੀਨੇ ਇਥੇ।

੪. ਆਸਾਮ (ਧਨ ਪੁਰ) ਨੂਰਸ਼ਾਹ ਦੀ ਸਾਖੀ, ਜਾਦੂ ਟੂਣੇ, ਕਲਕਤੇ ਤੋਂ ਜਗਨਨਾਥ ਪੁਰੀ "ਗਗਨ ਮੈ ਥਾਲ ..."।

੫. ਸਮੁੰਦਰ-ਕੰਢੇ ਰਾਮੇਸ਼ਰ ਤੀਰਥ। ਰਾਜਾ ਸ਼ਿਵ ਨਾਭ। ਪੱਛਮੀ ਕੰਢਾ, ਸੋਮਨਾਥ–ਦੁਆਰਕਾ।

੬. ਨਰਬਦਾ ਨਦੀ ਦੇ ਕੰਢੇ 'ਮੰਦਰ ਓਅੰਕਾਰ', ਸ਼ਿਵ ਦਾ ਮੰਦਰ, ਇੱਥੇ ਬਾਣੀ 'ਓਅੰਕਾਰ'। ਠੱਗਾਂ ਤੇ ਮਾਣਸ-ਖਾਣਿਆਂ ਨਾਲ ਵਾਹ, ਕੌਡਾ।

੭. ਰਿਆਸਤ ਬੀਕਾਨੇਰ, ਅਨਭੀ ਸਰੇਵੜਾ "ਸਿਰੁ ਖੋਹਾਇ...", ਪੁਸ਼ਕਰ ਤੀਰਥ। ਮਥੁਰਾ, 'ਕਿਤੇ ਦੇਸਿ ਨ ਆਇਆ'। ਬਿੰਦਰਾਬਨ 'ਵਾਇਨਿ ਚੇਲੇ...'।

੮. ਦਿੱਲੀ,ਪਾਨੀਪਤ। ਕੁਰਖੇਤ੍ਰ, ਪੰਡਤ ਨਾਨੂ,'ਮਾਸ' ਤੇ ਚਰਚਾ।

੯. ਸੁਲਤਾਨਪੁਰ ਬੇਬੇ ਨਾਨਕੀ ਜੀ ਨੂੰ ਮਿਲੇ, ਤਲਵੰਡੀ ਮਾਤਾ ਪਿਤਾ ਨੂੰ।

੧੦. ਪੱਖੋ ਕੇ ਰੰਧਾਵੇ (ਰਾਵੀ ਦੇ ਕੰਢੇ) ਪਰਵਾਰ ਨੂੰ ਮਿਲਣ ਗਏ ਸਨ, ਕ੍ਰੋੜੀ ਮਲ, ਕਰਤਾਰਪੁਰ ਵਸਾਇਆ। (੧੩ ਮਾਘ ਸੰਮਤ ੧੫੭੨ ਸੰਨ ੧੫੧੬ ਦਾ ਸ਼ੁਰੂ)। ਮਾਤਾ ਪਿਤਾ ਭੀ ਇੱਥੇ। ਦੋ ਕੁ ਸਾਲ ਏਥੇ ਹੀ ਰਹੇ।

ਦੂਜੀ ਉਦਾਸੀ, ੧ ਸਾਲ, ਉਤਰ ਖੰਡ, ਕਰਤਾਰਪੁਰ (ਸੰਨ ੧੫੧੭ ਤੋਂ ੧੫੧੮)

੧. ਪਸਰੂਰ, ਐਮਨਾਬਾਦ, ਸਿਆਲਕੋਟ, ਹਮਜ਼ਾ ਗੌਂਸ ਦੀ ਸਾਖੀ।

੨. ਪੰਡਤ ਬ੍ਰਹਮਦਾਸ ਤੇ ਕਮਾਲ, ਸੁਮੇਰ ਪਰਬਤ, ਜੋਗੀਆਂ ਤੇ ਸਿੱਧਾਂ ਨੂੰ ਮਿਲੇ।

੩. ਸਿਆਲਕੋਟ, ਮੂਲਾ ਖਤ੍ਰੀ। ਸੰਨ ੧੫੧੮ ਵਿਚ ਕਰਤਾਰਪੁਰ ਵਾਪਸ।

ਤੀਜੀ ਉਦਾਸੀ, ਤਿੰਨ ਕੁ ਸਾਲ, ਪੱਛਮ ਦੇਸ਼, ੧੫੧੮ ਤੋਂ ੧੫੨੧, ਕਰਤਾਰਪੁਰੋਂ

੧. ਪਾਕਟਪਨ, ਸ਼ੇਖ ਬ੍ਰਹਮ। ਤੁਲੰਭਾ, ਸੱਜਣ ਠੱਗ 'ਉਜਲ ਕੈਹਾ...', ਰਿਆਸਤ ਬਹਾਵਲਪੁਰ, ਰੋਹੜੀ ਸੱਖਰ।

੨. ਮੱਕਾ, ਜੀਉਣ ਨੇ ਪੈਰੋਂ ਘਸੀਟਿਆ, ਰੁਕਨ ਦੀਨ ਦੀ ਚਰਚਾ, ਖੜਾਂਵ ਨਿਸ਼ਾਨੀ, ਮਦੀਨਾ ਬਗ਼ਦਾਦ, ਕਾਬਲ।

੩. ਹਸਨ ਅਬਦਾਲ, ਵਲੀ ਕੰਧਾਰੀ ਦੀ ਸਾਖੀ। ਭੇਰਾ, ਸ਼ਹੁ ਸੋਹਾਗਣ ਦੀ ਸਾਖੀ। ਡਿੰਗਾ, ਇਕ ਜੋਗੀ ਦਾ ਚਲੀਹਾ।

੪. ਐਮਨਾਬਾਦ, (ਸੰਨ ੧੫੨੧) ਬਾਬਰ ਦਾ ਹਮਲਾ, ਕਰਤਾਰਪੁਰ ਵਾਪਸ ਆਏ (ਉਦਾਸੀਆਂ ਖ਼ਤਮ)।

ਕਰਤਾਰਪੁਰ, ੧੫੨੧ ਤੋਂ ਸਤੰਬਰ ੧੫੩੯ ਤਕ

੧. ਰਮਦਾਸ ਦਾ ਬਾਲਕ ਬੂੜਾ, ਬਾਬਾ ਬੁੱਢਾ ਜੀ।

੨. ਬਾਬਾ ਲਹਿਣਾ ਜੀ ਅਕਤੂਬਰ ਸੰਨ ੧੫੩੨ ਵਿਚ।

੩. ਅਚਲ ਵਟਾਲੇ, ਜੋਗੀਆਂ ਨਾਲ ਚਰਚਾ, "ਸਿਧ ਗੋਸਟਿ" (ਮਾਰਚ ੧੫੩੯)। ਮੁਲਤਾਨ ੧੫੩੯।

੪. ਗੁਰਿਆਈ ਬਾਬਾ ਲਹਿਣਾ ਜੀ ਨੂੰ ਅਸੂ ਸੁਦੀ ੫, ੧੫੯੬ (ਸਤੰਬਰ ੧੫੩੯), ਜੋਤੀ-ਜੋਤਿ ਅਸੂ ਸੁਦੀ ੧੦, ੧੫੯੬ (ਸਤੰਬਰ ੧੫੩੯)। ਕੁਲ ਉਮਰ ੭੦ ਸਾਲ, ੫ ਮਹੀਨੇ, ੭ ਦਿਨ।

ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ
ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਪਦ ਅਰਥ :-

ੴ–'ਓਅੰਕਾਰ' ਸੰਸਕ੍ਰਿਤ ਦੇ 'ਓਅੰ' ਸ਼ਬਦ ਤੋਂ ਲਿਆ ਗਿਆ ਹੈ। ਇਹ ਸ਼ਬਦ 'ਓਅੰ' ਸਭ ਤੋਂ ਪਹਿਲਾਂ ਉਪਨਿਸ਼ਦਾਂ ਵਿਚ ਵਰਤਿਆ ਗਿਆ ਹੈ। 'ਮਾਂਡੂਕਯ' ਉਪਨਿਸ਼ਦ ਵਿਚ ਲਿਖਿਆ ਹੈ ਕਿ ਜੋ ਕੁਝ ਹੋ ਚੁਕਿਆ ਹੈ, ਜੋ ਐਸ ਵੇਲੇ ਮੌਜੂਦ ਹੈ ਅਤੇ ਜੋ ਹੋਵੇਗਾ, ਇਹ 'ਓਅੰ' ਹੀ ਹੈ।

ਉਪਨਿਸ਼ਦਾਂ ਤੋਂ ਪਿਛੋਂ ਦੇ ਸਮੇਂ ਵਿਚ ਸ਼ਬਦ 'ਓਅੰ' ਵਿਸ਼ਨੂੰ, ਸ਼ਿਵ ਅਤੇ ਬ੍ਰਹਮਾ ਦੇ ਸਮੁਦਾਇ ਲਈ ਵਰਤਿਆ ਗਿਆ।

'ਓਅੰਕਾਰ' ਸ਼ਬਦ 'ਅਕਾਲ ਪੁਰਖ' ਦੇ ਅਰਥ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ ਕਈ ਵਾਰ ਆਉਂਦਾ ਹੈ, ਜਿਵੇਂ–

'ਓਅੰਕਾਰਿ ਬ੍ਰਹਮਾ ਉਤਪਤਿ ॥ ਓਅੰਕਾਰੁ ਕੀਆ ਜਿਨਿ ਚਿਤਿ ॥
ਓਅੰਕਾਰਿ ਸੈਲ ਜੁਗ ਭਏ ॥ ਓਅੰਕਾਰਿ ਬੇਦ ਨਿਰਮਏ ॥
[ਰਾਮਕਲੀ ਮਹਲਾ ੧ ਦਖਣੀ ਓਅੰਕਾਰੁ

ਸ਼ਬਦ 'ਏਕੰਕਾਰ' ਭੀ (ਜੋ ੴ ਦਾ ਉਚਾਰਨ ਹੈ) ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਵਰਤਿਆ ਗਿਆ ਹੈ, ਯਥਾ :-

ਏਕਮ 'ਏਕੰਕਾਰੁ' ਨਿਰਾਲਾ ॥ ਅਮਰੁ ਅਜੋਨੀ ਜਾਤਿ ਨ ਜਾਲਾ ॥
[ਬਿਲਾਵਲੁ ਮਹਲਾ ੧ ਥਿਤੀ ਘਰੁ ੧੦ ਜਤਿ

ਸਤਿਨਾਮੁ–ਜਿਸ ਦਾ ਨਾਮ 'ਸਤਿ' ਹੈ। ਸ਼ਬਦ 'ਸਤਿ' ਸੰਸਕ੍ਰਿਤ

ਦੇ ਧਾਤੂ 'ਅਸ' ਤੋਂ ਹੈ, ਜਿਸ ਦਾ ਅਰਥ ਹੈ 'ਹੋਣਾ'। 'ਸਤਿ' ਦਾ ਸੰਸਕ੍ਰਿਤ ਰੂਪ 'ਸਤ੍ਯ' ਹੈ। ਏਸ ਦਾ ਅਰਥ ਹੈ 'ਹੋਂਦ ਵਾਲਾ'। 'ਸਤਿਨਾਮੁ' ਦਾ ਅਰਥ ਹੈ 'ਉਹ ਇਕ ਓਅੰਕਾਰ ਜਿਸ ਦਾ ਨਾਮ ਹੈ ਹੋਂਦ ਵਾਲਾ'।

ਪੁਰਖੁ–ਸੰਸਕ੍ਰਿਤ ਵਿਚ ਵਿਉਤਪੱਤੀ ਅਨੁਸਾਰ ਏਸ ਦੇ ਅਰਥ ਇਉਂ ਕੀਤੇ ਗਏ ਹਨ : 'ਪੁਰਿ ਸ਼ੇਤੇ ਇਤਿ ਪੁਰੁਸ਼ਹ'। ਭਾਵ, ਜੋ ਸਰੀਰ ਵਿਚ ਲੇਟਿਆ ਹੋਇਆ ਹੈ। ਸੰਸਕ੍ਰਿਤ ਵਿਚ ਸ਼ਬਦ 'ਪੁਰਖੁ' ਦਾ ਪਰਚਲਤ ਅਰਥ ਹੈ 'ਮਨੁੱਖ'। ਭਗਵਤ ਗੀਤਾ ਵਿਚ 'ਪੁਰਖੁ' 'ਆਤਮਾ' ਅਰਥ ਵਿਚ ਵਰਤਿਆ ਗਿਆ ਹੈ। 'ਰਘੁਵੰਸ਼' ਪੁਸਤਕ ਵਿਚ ਇਹ ਸ਼ਬਦ 'ਬ੍ਰਹਮਾਂਡ ਦਾ ਆਤਮਾ' ਦੇ ਅਰਥਾਂ ਵਿਚ ਆਇਆ ਹੈ। ਏਸੇ ਤਰ੍ਹਾਂ ਪੁਸਤਕ 'ਸ਼ਿਸ਼ੂਪਾਲ ਵਧ' ਵਿਚ ਭੀ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ 'ਪੁਰਖੁ' ਦੇ ਅਰਥ ਹਨ ਉਹ ਓਅੰਕਾਰ ਜੋ ਸਾਰੇ ਜਗਤ ਵਿਚ ਵਿਆਪਕ ਹੈ, ਉਹ ਆਤਮਾ ਜੋ ਸਾਰੀ ਸ੍ਰਿਸ਼ਟੀ ਵਿਚ ਰਮ ਰਿਹਾ ਹੈ। 'ਮਨੁਖ' ਅਤੇ 'ਆਤਮਾ' ਅਰਥ ਵਿਚ ਭੀ ਇਹ ਸ਼ਬਦ ਕਈ ਥਾਈਂ ਆਇਆ ਹੈ।

ਅਕਾਲ ਮੂਰਤਿ–ਸ਼ਬਦ 'ਮੂਰਤਿ' ਇਸਤ੍ਰੀ-ਲਿੰਗ ਹੈ। ਅਕਾਲ ਇਸ ਦਾ ਵਿਸ਼ੇਸ਼ਣ ਹੈ। ਏਸੇ ਕਰਕੇ ਇਹ ਇਸਤ੍ਰੀ-ਲਿੰਗ ਰੂਪ ਵਿਚ ਲਿਖਿਆ ਗਿਆ ਹੈ। ਜੇ ਸ਼ਬਦ 'ਅਕਾਲ' ਇਕੱਲਾ ਹੀ 'ਪੁਰਖੁ' 'ਨਿਰਭਉ' 'ਨਿਰਵੈਰੁ' ਵਾਂਗ ੧ਓ ਦਾ ਗੁਣ-ਵਾਚਕ ਹੁੰਦਾ, ਤਾਂ ਪੁਲਿੰਗ ਰੂਪ ਵਿਚ ਹੁੰਦਾ, ਭਾਵ, ਤਾਂ ਏਸ ਦੇ ਅੰਤ ਵਿਚ (ੁ) ਹੁੰਦਾ।

ਅਜੂਨੀ–ਜੂਨਾਂ ਤੋਂ ਰਹਿਤ, ਜੋ ਜਨਮ ਵਿਚ ਨਹੀਂ ਆਉਂਦਾ।

ਸੈਭੰ–ਸ੍ਵਯੰਭੂ (ਸ੍ਵ–ਸ੍ਵਯੰ। ਭੰ–ਭੂ) ਆਪਣੇ ਆਪ ਤੋਂ ਹੋਣ ਵਾਲਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ।

ਗੁਰ ਪ੍ਰਸਾਦਿ–ਗੁਰੂ ਦੇ ਪ੍ਰਸਾਦ ਨਾਲ, ਗੁਰੂ ਦੀ ਕਿਰਪਾ ਨਾਲ, ਭਾਵ, ਉਪ੍ਰੋਕਤ '੧ਓ' ਗੁਰੂ ਦੀ ਕਿਰਪਾ ਨਾਲ (ਮਿਲਦਾ ਹੈ)।

ਅਰਥ :

ਅਕਾਲ ਪੁਰਖ ਇਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ, ਜੋ ਸ੍ਰਿਸ਼ਟੀ ਦਾ ਰਚਣਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ; (ਭਾਵ, ਜਿਸ ਦਾ ਸਰੀਰ ਨਾਸ ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

ਆਸਾ ਮਹਲਾ ੧ ॥ ਵਾਰ ਸਲੋਕਾ ਨਾਲਿ ਸਲੋਕ ਭੀ ਮਹਲੇ ਪਹਿਲੇ ਕੇ ਲਿਖੇ ॥

ਸ਼ਬਦ 'ਮਹਲਾ' ਦਾ ਉਚਾਰਨ ਕੀ ਹੈ ?

ਗੁਰੂ ਗ੍ਰੰਥ ਸਾਹਿਬ ਵਿਚ ਸ਼ਬਦ 'ਮਹਲ' 'ਮਹਲੁ' 'ਮਹਲਾ' ਕਈ ਵਾਰੀ ਆਉਂਦੇ ਹਨ। ਇਕ ਦੋ ਥਾਂ ਉਲੰਘਣ ਤੋਂ ਬਿਨਾ ਕਿਤੇ ਭੀ ਇਹਨਾਂ ਦਾ ਉਚਾਰਨ 'ਮਹੱਲ' ਅਤੇ 'ਮਹੱਲਾ' ਨਹੀਂ ਹੈ। ਸੋ ਜਦੋਂ ਇਹੀ 'ਮਹਲਾ' ਸ਼ਬਦ 'ਗੁਰ-ਵਿਅਕਤੀ' ਸੰਬੰਧੀ ਆਵੇ (ਜਿਵੇਂ ਉਪਰ ਆਇਆ ਹੈ, ਆਸਾ ਮਹਲਾ ੧) ਤਦੋਂ ਏਸ ਦਾ ਉਚਾਰਨ ਉਚੇਚੇ ਤੌਰ ਤੇ 'ਮਹੱਲਾ' ਕਰਨਾ ਅਸ਼ੁੱਧ ਹੈ। ਇਹ ਗੱਲ ਹੋਰ ਭੀ ਵਧੀਕ ਸਾਫ਼ ਹੋ ਜਾਂਦੀ ਹੈ, ਜਦੋਂ ਅਸੀ ਏਸ ਸ਼ਬਦ ਦੇ ਅਰਥ ਨੂੰ ਗਹੁ ਨਾਲ ਵਿਚਾਰਦੇ ਹਾਂ।

ਸ਼ਬਦ 'ਮਹਲਾ' ਸੰਸਕ੍ਰਿਤ 'ਮਹਿਲਾ' (महिला) ਦਾ ਰੂਪ ਦੱਸ ਕੇ ਏਸ ਦਾ ਅਰਥ 'ਇਸਤ੍ਰੀ' ਕਰਨਾ ਉੱਕਾ ਹੀ ਨਿਰਮੂਲ ਹੈ, ਕਿਉਂਕਿ ਕਈ ਥਾਈਂ ਸਪੱਸ਼ਟ ਤੌਰ ਤੇ ਏਸ ਦੇ ਨਾਲ 'ਪਹਿਲਾ' 'ਤੀਜਾ' ਆਦਿਕ ਸ਼ਬਦ ਵਰਤੇ ਹੋਏ ਹਨ, ਜੋ ਪੁਲਿੰਗ ਹਨ। ਨਮੂਨੇ ਦੇ ਤੌਰ ਤੇ ਵੇਖੋ ਪੰਨਾ ੫੮੨, ਬੀੜ ੧੪੩੦ ਸਫ਼ੇ ਵਾਲੀ : 'ਵਡਹੰਸ ਮਹਲਾ ੩ ਮਹਲਾ ਤੀਜਾ'। ਜੇ 'ਮਹਲਾ', ਇਸਤ੍ਰੀ ਵਾਚਕ ਹੁੰਦਾ, ਤਾਂ ਪਹਿਲਾ, ਤੀਜਾ ਆਦਿਕ ਦੇ ਥਾਂ 'ਪਹਿਲੀ' 'ਤੀਜੀ' ਹੁੰਦੀ।

'ਸੀਤਾ' ਇਸਤ੍ਰੀ ਵਾਚਕ ਸ਼ਬਦ ਹੈ ਅਤੇ 'ਗੰਡਾ' ਪੁਲਿੰਗ ਵਾਚਕ। 'ਸੀਤਾ ਦਾ ਪੁੱਤਰ' ਆਖਣਾ ਸ਼ੁੱਧ ਹੈ, ਪਰ 'ਗੰਡਾ ਦਾ ਪੁੱਤਰ' ਆਖਣਾ ਅਸ਼ੁੱਧ ਹੈ। ਗੰਡੇ ਦਾ ਪੁੱਤਰ ਆਖਣਾ ਚਾਹੀਦਾ ਹੈ। ਏਸੇ ਤਰ੍ਹਾਂ 'ਕਮਲਾ ਦੀ ਪੁਸਤਕ', 'ਬਿਮਲਾ ਦਾ ਪਿਤਾ' ਆਦਿਕ; ਪਰ 'ਝੰਡੇ ਦੀ ਹੱਟੀ', 'ਰੱਖੇ ਦਾ ਦਸਤਾ'। ਇਹਨਾਂ ਉਦਾਹਰਣਾਂ ਤੋਂ ਨਿਯਮ ਇਹ ਨਿਕਲਦਾ ਹੈ ਕਿ ਜਦੋਂ ਆਕਾਰਾਂਤ (ਾ-ਅੰਤ) ਪੁਲਿੰਗ ਸ਼ਬਦ ਦੇ ਨਾਲ 'ਦਾ, ਦੇ, ਦੀ' ਆਦਿਕ 'ਸੰਬੰਧਕ' ਵਰਤੇ ਜਾਣ ਤਾਂ ਅਖ਼ੀਰਲੇ 'ਕੰਨੇ' ਦੀ 'ਲਾਂ' ਬਣ ਜਾਂਦੀ ਹੈ। 'ਸਲੋਕ ਭੀ ਮਹਲੇ ਪਹਿਲੇ ਕੇ ਲਿਖੇ' ਵਿਚ 'ਮਹਲਾ' ਦੇ ਅੰਤਲੇ 'ਕੰਨੇ' ਦੀ 'ਲਾਂ' ਬਣ ਗਈ ਹੈ। ਇਸ ਤੋਂ ਸਪੱਸ਼ਟ ਹੈ ਕਿ ਸ਼ਬਦ 'ਮਹਲਾ' ਪੁਲਿੰਗ ਹੈ।

ਸ਼ਬਦ 'ਮਹਲ' ਅਤੇ 'ਮਹਲਾ' ਦੇ ਅਰਥਾਂ ਅਨੁਸਾਰ ਪ੍ਰਮਾਣਾਂ ਦੀ ਵੰਡ ਚਾਰ ਹਿੱਸਿਆਂ ਵਿਚ ਕੀਤੀ ਜਾ ਸਕਦੀ ਹੈ :

(੧) ਮਹਲ—ਇਸਤ੍ਰੀ।

ਮਹਲ ਕੁਚਜੀ ਮੜਵੜੀ ਕਾਲੀ ਮਨਹੁ ਕਸੁਧ ॥
ਜੇ ਗੁਣ ਹੋਵਨਿ ਤਾ ਪਿਰ ਰਵੈ ਨਾਨਕ ਅਵਗੁਣ ਮੁੰਧ ॥੧॥੫॥

[ਸਲੋਕ ਮ: ੧, ਮਾਰੂ ਕੀ ਵਾਰ ਮ: ੩

(੨) ਮਹਲੁ—ਘਰ, ਟਿਕਾਣਾ, ਨਿਵਾਸ-ਅਸਥਾਨ, ਉਹ ਅਵਸਥਾ ਜਿੱਥੇ ਪਰਮਾਤਮਾ ਸਾਖਿਆਤ ਹੋ ਜਾਂਦਾ ਹੈ।

ਖੋਜਤ ਖੋਜਤ ਦੁਆਰੇ ਆਇਆ ॥
ਤਾ ਨਾਨਕ ਜੋਗੀ ਮਹਲੁ ਘਰੁ ਪਾਇਆ ॥੪॥੧॥੧੨॥

[ਰਾਮਕਲੀ ਮ: ੫ ਘਰੁ ੨

ਡਿਗੈ ਨ ਡੋਲੈ ਕਤਹੂ ਨ ਧਾਵੈ ॥
ਗੁਰ ਪ੍ਰਸਾਦਿ ਕੋ ਇਹੁ ਮਹਲੁ ਪਾਵੈ ॥੩॥੯॥੨੦॥

[ਰਾਮਕਲੀ ਮ: ੫ ਘਰੁ ੨

(੩) ਮਹਲ, ਮਹਲਾ—ਵੱਡੀਆਂ ਇਮਾਰਤਾਂ, ਪੱਕੇ ਘਰ।

ਕਿਤੈ ਦੇਸਿ ਨ ਆਇਆ ਸੁਣੀਐ ਤੀਰਥ ਪਾਸਿ ਨ ਬੈਠਾ ॥

ਦਾਤਾ ਦਾਨੁ ਕਰੇ ਤਹ ਨਾਹੀ ਮਹਲ ਉਸਾਰਿ ਨ ਬੈਠਾ ॥੨॥੧॥
[ਰਾਮਕਲੀ ਮ: ੧ ਅਸਟਪਦੀਆ

ਗੜ੍ਹ ਮੰਦਰ ਮਹਲਾ ਕਹਾ ਜਿਉ ਬਾਜੀ ਦੀਬਾਣੁ ॥
ਨਾਨਕ ਸਚੇ ਨਾਮ ਵਿਣੁ ਝੂਠਾ ਆਵਣੁ ਜਾਣੁ ॥
ਆਪੇ ਚਤੁਰੁ ਸਰੂਪੁ ਹੈ ਆਪੇ ਜਾਣੁ ਸੁਜਾਣੁ ॥੪੨॥
[ਰਾਮਕਲੀ ਮ: ੧, ਦਖਣੀ ਓਅੰਕਾਰੁ

(੪) ਮਹਲਾ–ਕਾਇਆਂ, ਸਰੀਰ ।

ਗੁਰ ਮਹਲੀ ਘਰਿ ਆਪਣੈ ਸੋ ਭਰਪੁਰਿ ਲੀਣਾ ॥
ਸੇਵਕ ਸੇਵਾ ਤਾ ਕਰੇ ਸਚ ਸਬਦਿ ਪਤੀਣਾ ॥
ਸਬਦੇ ਪਤੀਜੈ ਅੰਕੁ ਭੀਜੈ ਸੁ ਮਹਲੁ ਮਹਲਾ ਅੰਤਰੇ ॥
ਆਪਿ ਕਰਤਾ ਕਰੇ ਸੋਈ ਪ੍ਰਭੁ ਆਪਿ ਅੰਤਿ ਨਿਰੰਤਰੇ ॥੮॥੨॥੫॥
[ਸੂਹੀ ਛੰਤ ਮ: ੧ ਘਰੁ ੪

ਕੰਚਨ ਦੇਹੀ ਸਬਦੁ ਭਤਾਰੋ ॥ ਅਨਦਿਨੁ ਭੋਗ ਭੋਗੇ ਹਰਿ
ਸਿਉ ਪਿਆਰੋ ॥ ਮਹਲਾ ਅੰਦਰਿ ਗੈਰ ਮਹਲੁ ਪਾਏ ਭਾਣਾ
ਬੂਝਿ ਸਮਾਹਾ ਹੇ ॥੧੪॥੫॥੧੪॥ [ਮਾਰੂ ਮ: ੩ ਸੋਲਹੇ

ਉਚਾਰਨ ਸੰਬੰਧੀ ਤਾਂ ਅੱਗੇ ਹੀ ਲਿਖਿਆ ਜਾ ਚੁਕਿਆ ਹੈ ਕਿ ਉਚਾਰਨ 'ਮਹੱਲਾ' ਨਹੀਂ ਹੈ। ਜਿਵੇਂ ਸਾਧਾਰਨ ਤੌਰ ਤੇ ਸ਼ਬਦ 'ਰਹਤ' 'ਬਹਰੇ' 'ਬਹਲੇ' 'ਸਹਜ' ਆਦਿਕ ਦਾ ਉਚਾਰਨ ਕਰਦੇ ਹਾਂ ਤਿਵੇਂ ਸ਼ਬਦ 'ਮਹਲਾ' ਦਾ ਭੀ ਕਰਨਾ ਚਾਹੀਦਾ ਹੈ।

ਉਪਰ ਦਿਤੇ ਗਏ ਸਾਰੇ ਪ੍ਰਮਾਣਾਂ ਨੂੰ ਗਹੁ ਨਾਲ ਵਿਚਾਰਿਆਂ ਸ਼ਬਦ 'ਮਹਲਾ' ਦਾ ਅਰਥ ਭੀ ਸਾਫ਼ ਸੁਝ ਪੈਂਦਾ ਹੈ। ਸਤਿਗੁਰੂ ਜੀ ਦੀ ਉਚਾਰੀ ਹੋਈ ਬਾਣੀ ਵਿਚ ਨਾਮ ਕੇਵਲ 'ਨਾਨਕ' ਆਉਂਦਾ ਹੈ। ਇਹ ਨਿਰਣਾ ਕਰਨ ਲਈ ਕਿ ਅਮੁਕੀ ਬਾਣੀ ਕਿਸ ਗੁਰ ਵਿਅੱਕਤੀ ਦੀ ਹੈ, ਸ਼ਬਦ 'ਮਹਲਾ' ਵਰਤਿਆ ਗਿਆ ਹੈ, ਜਿਸ ਦਾ ਅਰਥ ਹੈ 'ਵਿਅੱਕਤੀ' 'ਕਾਇਆਂ', 'ਸਰੀਰ', ਜਿਵੇਂ ਉਪਰ ਦਿਤੇ ਗਏ ਪ੍ਰਮਾਣਾਂ

ਦੇ ਅੰਕ ਨੰ: ੪ ਵਿਚ ਸ਼ਬਦ 'ਮਹਲਾ' ਦਾ ਅਰਥ 'ਕਾਇਆ' 'ਸਰੀਰ' ਹੈ।

ਸੋ 'ਮਹਲਾ ਪਹਿਲਾ' ਦਾ ਅਰਥ ਹੈ 'ਗੁਰੂ ਨਾਨਕ ਪਹਿਲੀ ਵਿਅੱਕਤੀ'। 'ਮਹਲਾ ਦੂਜਾ' ਦਾ ਅਰਥ ਹੈ 'ਗੁਰੂ ਨਾਨਕ ਦੂਜੀ ਵਿਅੱਕਤੀ'। 'ਮਹਲਾ ਤੀਜਾ' ਦਾ ਅਰਥ ਹੈ 'ਗੁਰੂ ਨਾਨਕ ਤੀਜੀ ਵਿਅੱਕਤੀ', ਇਤਿ ਆਦਿਕ।

ਸੱਤੇ ਬਲਵੰਡ ਦੀ ਵਾਰ ਵਿਚ ਇਹ ਗੱਲ ਹੋਰ ਵੀ ਵਧੀਕ ਖੁਲ੍ਹ ਜਾਂਦੀ ਹੈ, ਜਦੋਂ ਉਹ ਲਿਖਦੇ ਹਨ ਕਿ "ਜੋਤਿ" ਤਾਂ ਸਭ ਗੁਰ-ਮਹਲਾਂ ਵਿਚ ਗੁਰੂ ਨਾਨਕ ਵਾਲੀ ਹੈ, ਕੇਵਲ "ਕਾਇਆ" ਹੀ ਪਲਟੀ ਹੈ–

ਲਹਣੇ ਦੀ ਫੇਰਾਈਐ ਨਾਨਕਾ ਦੋਹੀ ਖਟੀਐ ॥
ਜੋਤਿ ਓਹਾ ਜੁਗਤਿ ਸਾਇ ਸਹਿ ਕਾਇਆ ਫੇਰਿ ਪਲਟੀਐ ॥੨॥
[ਰਾਮਕਲੀ ਕੀ ਵਾਰ ਸਤੈ ਬਲਵੰਡਿ ਆਖੀ

ਭਾਈ ਗੁਰਦਾਸ ਜੀ ਭੀ ਵਾਰਾਂ ਵਿਚ ਇਹੀ ਖ਼ਿਆਲ ਪਰਗਟ ਕਰਦੇ ਹਨ :–

'ਅਰਜੁਨ ਕਾਇਆ ਪਲਟਿ ਕੈ ਮੂਰਤਿ ਹਰਗੋਬਿੰਦ ਸਵਾਰੀ ॥"

ਸਲੋਕ ਭੀ ਮਹਲੇ ਪਹਿਲੇ ਕੇ ਲਿਖੇ

ਸਾਰੀ ਗੁਰਬਾਣੀ ਨੂੰ ਤਰਤੀਬ ਦੇ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰੂਪ ਵਿਚ ਇਕੱਤਰ ਕਰਾਉਣ ਵਾਲੇ ਸ੍ਰੀ ਗੁਰੂ ਅਰਜਨ ਦੇਵ ਜੀ ਸਨ। ਵਖੋ ਵਖਰੇ ਸ਼ਬਦਾਂ ਅਤੇ ਬਾਣੀਆਂ ਦੇ ਮੁੱਢ ਵਿਚ ਸਿਰਲੇਖ ਭੀ ਗੁਰੂ ਅਰਜਨ ਸਾਹਿਬ ਜੀ ਨੇ ਹੀ ਭਾਈ ਗੁਰਦਾਸ ਜੀ ਤੋਂ ਲਿਖਾਏ। ਆਸਾ ਦੀ ਵਾਰ ਦੇ ਮੁੱਢ ਤੇ ਭੀ ਇਹ ਪੰਕਤੀ 'ਸਲੋਕ ਭੀ ਮਹਲੇ ਪਹਿਲੇ ਕੇ ਲਿਖੇ' ਉਹਨਾਂ ਦੀ ਹੀ ਲਿਖਾਈ ਹੋਈ ਹੈ। ਉਹ ਆਪ ਹੀ ਲਿਖ ਰਹੇ ਹਨ ਕਿ ਇਸ ਵਾਰ ਦੇ 'ਨਾਲਿ' ਸਲੋਕ ਭੀ ਅਸਾਂ ਮਹਲੇ ਪਹਿਲੇ ਕੇ ਲਿਖ ਦਿਤੇ ਹਨ। ਏਸ ਤੋਂ ਇਹ ਗੱਲ ਸਪੱਸ਼ਟ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੀੜ ਤਿਆਰ ਹੋਣ ਤੋਂ ਪਹਿਲਾਂ 'ਆਸਾ ਦੀ ਵਾਰ' ਕੇਵਲ ੨੪

ਪਉੜੀਆਂ ਹੀ ਸੀ। ਸਾਰੇ ਗੁਰ-ਮਹਲਾਂ ਦੀ ਅਤੇ ਭਗਤਾਂ ਆਦਿਕਾਂ ਦੀ ਬਾਣੀ ਨੂੰ ਤਰਤੀਬ ਦੇਣ ਵੇਲੇ ਗੁਰੂ ਅਰਜਨ ਸਾਹਿਬ ਜੀ ਨੇ ਸਭ ਤੋਂ ਪਹਿਲਾਂ ਹਰੇਕ ਰਾਗ ਦੇ 'ਸ਼ਬਦ', ਫੇਰ 'ਅਸਟਪਦੀਆਂ', 'ਛੰਤ, ਤੇ 'ਵਾਰ' ਆਦਿਕ ਲਿਖਾਏ, ਅਤੇ ਰਾਗ ਦੇ ਅਖ਼ੀਰ ਵਿਚ ਭਗਤਾਂ ਦੇ ਸ਼ਬਦ ਲਿਖਾਏ। ਏਸੇ ਤਰ੍ਹਾਂ ਸਾਰੇ ਗੁਰ-ਮਹਲਾਂ ਦੇ ਸਲੋਕਾਂ ਨੂੰ ਆਪ ਨੇ ਵਾਰਾਂ ਦੀਆਂ ਪਉੜੀਆਂ ਦੇ ਨਾਲ ਦੋ ਦੋ ਤਿੰਨ ਤਿੰਨ ਕਰ ਕੇ ਜੋੜ ਦਿਤਾ। ਜਿਹੜੇ ਸਲੋਕ ਵਧ ਰਹੇ, ਉਹਨਾਂ ਨੂੰ ਬੀੜ ਦੇ ਅਖ਼ੀਰ ਵਿਚ ਦਰਜ ਕੀਤਾ ਤੇ ਸਿਰਲੇਖ ਵਜੋਂ ਲਿਖਿਆ 'ਸਲੋਕ ਵਾਰਾਂ ਤੇ ਵਧੀਕ'।

ਟੁੰਡੇ ਅਸਰਾਜੇ ਕੀ ਧੁਨੀ

ਅਰਥ :–ਧੁਨੀ–ਸੁਰ। (ਇਹ ਵਾਰ) ਟੁੰਡੇ (ਰਾਜਾ) ਅਸਰਾਜ ਦੀ ਵਾਰ ਦੀ ਸੁਰ ਉਤੇ (ਗਾਉਣੀ ਹੈ)।

ਸਾਖੀ

ਅਸਰਾਜ ਇਕ ਰਾਜੇ ਦਾ ਪੁਤਰ ਸੀ, ਜਿਸ ਦਾ ਨਾਂ ਸਾਰੰਗ ਸੀ। ਆਪਣੀ ਪਹਿਲੀ ਇਸਤ੍ਰੀ ਦੇ ਮਰ ਜਾਣ ਕਰਕੇ ਰਾਜਾ ਸਾਰੰਗ ਨੇ ਪਿਛਲੀ ਉਮਰੇ ਇਕ ਹੋਰ ਵਿਆਹ ਕਰ ਲਿਆ। ਨਵੀਂ ਰਾਣੀ ਆਪਣੇ ਮਤਰੇਏ ਪੁਤਰ ਅਸਰਾਜ ਤੇ ਰੀਝ ਪਈ, ਪਰ ਅਸਰਾਜ ਆਪਣੇ ਧਰਮ ਤੇ ਕਾਇਮ ਰਿਹਾ। ਜਦੋਂ ਰਾਣੀ ਦੀ ਹੋਰ ਕੋਈ ਚਾਲ ਪੁੱਤਰ ਨੂੰ ਧਰਮ ਤੋਂ ਡੇਗਣ ਵਿਚ ਕਾਮਯਾਬ ਨਾ ਹੋਈ, ਤਾਂ ਉਸ ਨੇ ਰਾਜੇ ਪਾਸ ਅਸਰਾਜ ਦੇ ਉਲਟ ਝੂਠੇ ਦੂਸ਼ਣ ਲਗਾ ਦਿੱਤੇ। ਰਾਜੇ ਨੇ ਕ੍ਰੋਧ ਵਿਚ ਆ ਕੇ ਪੁੱਤਰ ਵਾਸਤੇ ਫਾਂਸੀ ਦਾ ਹੁਕਮ ਦੇ ਦਿਤਾ।

ਰਾਜੇ ਦਾ ਵਜ਼ੀਰ ਸਿਆਣਾ ਸੀ। ਉਸ ਨੇ ਅਸਰਾਜ ਨੂੰ ਜਾਨੋਂ ਤਾਂ ਨਾ ਮਾਰਿਆ, ਪਰ ਉਸ ਦਾ ਇਕ ਹੱਥ ਕੱਟ ਕੇ ਉਸ ਨੂੰ ਸ਼ਹਿਰੋਂ ਬਾਹਰ ਕਿਸੇ ਉਜਾੜ ਵਿਚ ਇਕ ਖੂਹ ਤੇ ਛੱਡ ਦਿੱਤਾ। ਉੱਥੋਂ ਦੀ ਵਣਜਾਰਿਆਂ ਦਾ ਇਕ ਕਾਫ਼ਲਾ ਲੰਘਿਆ। ਉਹਨਾਂ ਵਿਚੋਂ ਇਕ

ਵਣਜਾਰੇ ਨੇ ਅਸਰਾਜ ਨੂੰ ਆਪਣੇ ਨਾਲ ਲੈ ਲਿਆ। ਵਣਜਾਰੇ ਕਿਸੇ ਹੋਰ ਰਾਜੇ ਦੇ ਸ਼ਹਿਰ ਵਿਚੋਂ ਦੀ ਲੰਘੇ। ਓਥੇ ਅਸਰਾਜ ਇਕ ਧੋਬੀ ਦੇ ਪਾਸ ਵੇਚ ਦਿਤਾ ਗਿਆ।

ਅਸਰਾਜ ਉੱਥੇ ਧੋਬੀ ਦੇ ਘਰ ਰਹਿ ਕੇ ਸੇਵਾ ਵਿਚ ਆਪਣੇ ਦਿਨ ਬਿਤਾਉਣ ਲੱਗ ਪਿਆ। ਸਮਾ ਪਾ ਕੇ ਉਸ ਸ਼ਹਿਰ ਦਾ ਰਾਜਾ ਸੰਤਾਨ-ਹੀਨ ਹੀ ਮਰ ਗਿਆ। ਵਜ਼ੀਰਾਂ ਨੇ ਆਪੋ ਵਿਚ ਫ਼ੈਸਲਾ ਕੀਤਾ ਕਿ ਸਵੇਰੇ ਜੋ ਮਨੁੱਖ ਸਭ ਤੋਂ ਪਹਿਲਾਂ ਸ਼ਹਿਰ ਦਾ ਦਰਵਾਜ਼ਾ ਖੜਕਾਏ, ਉਸ ਨੂੰ ਰਾਜ ਦੇ ਦਿਤਾ ਜਾਏ। ਅਸਰਾਜ ਦੇ ਭਾਗ ਜਾਗੇ, ਧੋਬੀ ਦਾ ਬਲਦ ਖੁਲ੍ਹ ਗਿਆ। ਬਲਦ ਦੀ ਢੂੰਡ ਭਾਲ ਵਿਚ ਅਸਰਾਜ ਸਵੇਰੇ ਹੀ ਉਠ ਤੁਰਿਆ ਤੇ ਦਰਵਾਜ਼ਾ ਜਾ ਖੜਕਾਇਓਸੁ। ਇਸ ਤਰ੍ਹਾਂ ਉਸ ਦੇਸ਼ ਦਾ ਰਾਜ ਇਸ ਨੂੰ ਮਿਲ ਗਿਆ।

ਰਾਜੇ ਦਾ ਪੁੱਤਰ ਹੋਣ ਕਰਕੇ ਅਸਰਾਜ ਅੰਦਰ ਰਾਜ-ਪਰਬੰਧ ਵਾਲੇ ਸੰਸਕਾਰ ਮੌਜੂਦ ਸਨ; ਸੋ ਇਸ ਨੇ ਦੇਸ਼ ਦੇ ਪਰਬੰਧ ਨੂੰ ਚੰਗੀ ਤਰ੍ਹਾਂ ਸੰਭਾਲ ਲਿਆ। ਕੁਝ ਸਮਾ ਪਾ ਕੇ ਗੁਆਂਢੀ ਦੇਸ਼ਾਂ ਵਿਚ ਕਾਲ ਪੈ ਗਿਆ, ਪਰ ਅਸਰਾਜ ਦੇ ਦੇਸ਼ ਵਿਚ ਚੰਗਾ ਸੁਕਾਲ ਸੀ। ਦੂਸਰੇ ਦੇਸ਼ਾਂ ਦੇ ਲੋਕ ਇਸ ਦੇ ਰਾਜ ਵਿਚੋਂ ਅੰਨ ਦਾਣਾ ਮੁੱਲ ਲੈਣ ਵਾਸਤੇ ਆਉਣ ਲੱਗ ਪਏ। ਇਸ ਦੇ ਪਿਤਾ ਦਾ ਵਜ਼ੀਰ ਭੀ ਆਇਆ। ਅਸਰਾਜ ਨੇ ਵਜ਼ੀਰ ਨੂੰ ਪਛਾਣ ਲਿਆ। ਆਪੋ ਵਿਚ ਦੋਵੇਂ ਬੜੇ ਪ੍ਰੇਮ ਨਾਲ ਮਿਲੇ। ਅਸਰਾਜ ਨੇ ਵਜ਼ੀਰ ਦੀ ਬੜੀ ਸੇਵਾ ਕੀਤੀ ਤੇ ਕੁਝ ਦਿਨ ਕੋਲ ਰਖ ਕੇ ਆਪਣੇ ਪਿਤਾ ਦੇ ਦੇਸ਼-ਵਾਸੀਆਂ ਵਾਸਤੇ ਬਹੁਤ ਸਾਰਾ ਅੰਨ ਮੁੱਲ ਲੈਣ ਤੋਂ ਬਿਨਾ ਹੀ ਭੇਟ ਕੀਤਾ।

ਵਜ਼ੀਰ ਨੇ ਵਾਪਸ ਆ ਕੇ ਇਹ ਸਾਰਾ ਬਿਰਤਾਂਤ ਰਾਜੇ ਨੂੰ ਦੱਸਿਆ ਤੇ ਪ੍ਰੇਰਿਆ ਕਿ ਆਪਣੇ ਪੁੱਤਰ ਨੂੰ ਹੀ ਆਪਣਾ ਰਾਜ ਭੀ ਸਉਂਪੇ। ਰਾਜੇ ਨੂੰ ਆਪਣੇ ਪੁੱਤਰ ਦੇ ਨੇਕ ਆਚਰਨ ਦਾ ਪਤਾ ਲਗ ਚੁਕਾ ਹੋਇਆ ਸੀ। ਉਸ ਨੇ ਆਪਣੇ ਵਜ਼ੀਰ ਦੀ ਇਹ ਭਲੀ ਸਲਾਹ

ਮੰਨ ਲਈ ਤੇ ਆਪਣੇ ਪੁੱਤਰ ਨੂੰ ਸਦਵਾ ਕੇ ਅਪਣਾ ਰਾਜ ਵੀ ਉਸ ਦੇ ਹਵਾਲੇ ਕਰ ਦਿਤਾ।

ਢਾਡੀਆਂ ਨੇ ਇਹ ਸਾਰਾ ਬ੍ਰਿਤਾਂਤ ਵਾਰ ਵਿਚ ਜੋੜ ਕੇ ਰਾਜੇ ਦੇ ਦਰਬਾਰ ਵਿਚ ਗਾਂਵਿਆ ਤੇ ਇਨਾਮ ਹਾਸਲ ਕੀਤੇ। ਤਦੋਂ ਤੋਂ ਢਾਡੀ ਇਹ ਵਾਰ ਗਾਂਵਦੇ ਚਲੇ ਆ ਰਹੇ ਸਨ।

ਸਲੋਕ ਮ. ੧ ॥

ਬਲਿਹਾਰੀ ਗੁਰ ਆਪਣੇ ਦਿਉਹਾੜੀ ਸਦਵਾਰ ॥
ਜਿਨਿ ਮਾਣਸ ਤੇ ਦੇਵਤੇ ਕੀਏ ਕਰਤ ਨ ਲਾਗੀ ਵਾਰ ॥੧॥

ਪਦ ਅਰਥ :–ਦਿਉਹਾੜੀ–ਦਿਹਾੜੀ ਵਿਚ। ਸਦਵਾਰ–ਸਉ (ਸੌ) ਵਾਰੀ। ਜਿਨਿ–ਜਿਸ (ਗੁਰੂ) ਨੇ। ਮਾਣਸ ਤੇ–ਮਨੁੱਖਾਂ ਤੋਂ। ਕਰਤ–ਬਣਾਉਂਦਿਆਂ। ਵਾਰ–ਦੇਰ, ਚਿਰ।

ਅਰਥ :–ਮੈਂ ਆਪਣੇ ਗੁਰੂ ਤੋਂ (ਇਕ) ਦਿਨ ਵਿਚ ਸੌ ਵਾਰੀ ਸਦਕੇ ਹੁੰਦਾ ਹਾਂ, ਜਿਸ (ਗੁਰੂ) ਨੇ ਮਨੁੱਖਾਂ ਤੋਂ ਦੇਵਤੇ ਬਣਾ ਦਿਤੇ ਤੇ ਬਣਾਉਂਦਿਆਂ (ਰਤਾ) ਚਿਰ ਨਾ ਲੱਗਾ।੧।

ਮਹਲਾ ੨ ॥

ਜੇ ਸਉ ਚੰਦਾ ਉਗਵਹਿ ਸੂਰਜ ਚੜਹਿ ਹਜਾਰ ॥
ਏਤੇ ਚਾਨਣ ਹੋਦਿਆ ਗੁਰ ਬਿਨੁ ਘੋਰ ਅੰਧਾਰ ॥੨॥

ਪਦ ਅਰਥ :–ਸਉ ਚੰਦਾ–ਇਕ ਸੌ ਚੰਦ੍ਰਮਾ। ਏਤੇ ਚਾਨਣ–ਇਤਨੇ ਚਾਨਣ। ਗੁਰ ਬਿਨੁ–ਗੁਰੂ ਤੋਂ ਬਿਨਾ। ਘੋਰ ਅੰਧਾਰ–ਘੁਪ ਹਨੇਰਾ।

ਅਰਥ :–ਜੇ (ਇਕ) ਸੌ ਚੰਦ੍ਰਮਾ ਚੜ੍ਹਨ ਅਤੇ ਹਜ਼ਾਰ ਸੂਰਜ ਚੜ੍ਹਨ, ਜੇ ਇਤਨੇ ਭੀ ਚਾਨਣ ਹੋ ਜਾਣ, (ਭਾਵ, ਚਾਨਣ ਕਰਨ ਵਾਲੇ

ਇਤਨੇ ਭੀ ਚੰਦਰਮਾ ਸੂਰਜ ਆਦਿਕ ਗ੍ਰਹਿ ਅਕਾਸ਼ ਵਿਚ ਚੜ੍ਹ ਪੈਣ), ਗੁਰੂ ਤੋਂ ਬਿਨਾ (ਫੇਰ ਭੀ) ਘੁੱਪ ਹਨੇਰਾ ਹੈ ।੨।

ਮ: ੧ ॥

ਨਾਨਕ ਗੁਰੂ ਨ ਚੇਤਨੀ ਮਨਿ ਆਪਣੈ ਸੁਚੇਤ ॥
ਛੁਟੇ ਤਿਲ ਬੂਆੜ ਜਿਉ ਸੁੰਞੇ ਅੰਦਰਿ ਖੇਤ ॥
ਖੇਤੈ ਅੰਦਰਿ ਛੁਟਿਆ ਕਹੁ ਨਾਨਕ ਸਉ ਨਾਹ ॥
ਫਲੀਅਹਿ ਫੁਲੀਅਹਿ ਬਪੁੜੇ ਭੀ ਤਨ ਵਿਚਿ ਸੁਆਹ ॥੩॥

ਪਦ ਅਰਥ :–ਨਾਨਕ–ਹੇ ਨਾਨਕ ! ਨ ਚੇਤਨੀ–ਨਹੀਂ ਚੇਤਦੇ। ਮਨਿ ਆਪਣੈ–ਆਪਣੇ ਮਨ ਵਿਚ। ਤਿਲ ਬੂਆੜ ਜਿਉ–ਬੂਆੜ ਤਿਲਾਂ ਵਾਂਗ। ਛੁਟੇ–ਛੁਟੜ ਪਏ ਹਨ । ਛੁਟਿਆ–ਛੁੱਟੜ ਪਏ ਹੋਇਆਂ ਦੇ। ਸਉ–(ਇਕ) ਸੌ । ਨਾਹ–ਖਸਮ । ਬਪੁੜੇ–ਵਿਚਾਰੇ। ਬੂਆੜ–ਸੜਿਆ ਹੋਇਆ (ਸ: व्युष्ट)।

ਨੋਟ–ਉਪਰਲੇ ਸਲੋਕ ਨੰ: ੨ ਵਿਚ 'ਸਉ ਚੰਦਾ' ਪਦ ਆਇਆ ਹੈ। ਇਸ ਸਲੋਕ ਵਿਚ 'ਸਉ ਨਾਹ' ਪਦ ਵਰਤਿਆ ਗਿਆ ਹੈ। ਕਈ ਸਜਣ ਪਹਿਲੇ 'ਸਉ' ਦਾ ਅਰਥ 'ਸੈਂਕੜਾ' ਕਰਦੇ ਹਨ ਅਤੇ ਦੂਜੇ 'ਸਉ' ਦਾ ਅਰਥ 'ਸਹੁ' 'ਖਸਮ' ਕਰਦੇ ਹਨ। ਇਹ ਉੱਕਾ ਹੀ ਅਸ਼ੁੱਧ ਹੈ। ਦੋਹੀਂ ਥਾਈਂ ਸ਼ਬਦ 'ਸਉ' ਦਾ ਜੋੜ ਇਕੋ ਹੀ ਹੈ। ਦੂਜੇ ਥਾਂ 'ਸਉ' ਦਾ ਉਚਾਰਨ ਕਰਨ ਵੇਲੇ 'ਹ' ਦਾ ਉਚਾਰਨ ਕਰ ਕੇ 'ਸਹੁ' ਆਖਣਾ ਵੱਡੀ ਭੁੱਲ ਹੈ। ਇਸ ਦੂਜੇ 'ਸਉ' ਦਾ ਉਚਾਰਨ ਤੇ ਅਰਥ 'ਸਹੁ' ਕਰਨ ਵਾਲੇ ਸਜਣ ਸ਼ਬਦ 'ਨਾਹ' ਦਾ ਅਰਥ 'ਨਹੀਂ' ਕਰਦੇ ਹਨ। ਇਹ ਇਕ ਹੋਰ ਭੁੱਲ ਹੈ। ਇਸ ਤਰ੍ਹਾਂ ਉਹ ਸਜਣ ਇਸ ਸ਼ਬਦ 'ਨਾਹ' ਨੂੰ ਕ੍ਰਿਆ-ਵਿਸ਼ੇਸ਼ਣ (Adverb) ਬਣਾ ਦੇਂਦੇ ਹਨ । ਗੁਰਬਾਣੀ ਨੂੰ ਵਿਆਕਰਣ ਅਨੁਸਾਰ ਪੜ੍ਹਨ ਵਾਲੇ ਸੱਜਣ ਜਾਣਦੇ ਹਨ ਕਿ ਜਦੋਂ ਕਦੇ ਇਹ ਸ਼ਬਦ ਕ੍ਰਿਆ-ਵਿਸ਼ੇਸ਼ਣ ਹੋਵੇ, ਤਾਂ ਇਸ ਦਾ ਰੂਪ 'ਨਾਹਿ' ਹੁੰਦਾ ਹੈ, ਭਾਵ, ਇਸ ਦੇ ਅੰਤ ਵਿਚ (ਿ) ਹੁੰਦੀ ਹੈ, ਕਿਉਂਕਿ ਇਹ 'ਨਾਹਿ'

ਸ਼ਬਦ ਅਸਲ ਵਿਚ ਸੰਸਕ੍ਰਿਤ ਦੇ ਦੋ ਸ਼ਬਦਾਂ 'ਨ' (न) ਅਤੇ 'ਹਿ' (हि) ਦੇ ਜੋੜ ਤੋਂ ਬਣਿਆ ਹੋਇਆ ਹੈ।

ਸ਼ਬਦ 'ਨਾਹ' ਸੰਸਕ੍ਰਿਤ ਦੇ ਸ਼ਬਦ 'ਨਾਥ' (नाथ) ਦਾ ਪ੍ਰਾਕ੍ਰਿਤ ਰੂਪ ਹੈ। 'ਥ' ਤੋਂ 'ਹ' ਕਿਉਂ ਹੋ ਗਿਆ, ਇਸ ਵਿਸ਼ੇ ਉਤੇ 'ਗੁਰਬਾਣੀ ਵਿਆਕਰਣ' ਵਿਚ ਵਿਸਥਾਰ ਨਾਲ ਵਿਚਾਰ ਕੀਤੀ ਗਈ ਹੈ। ਗੁਰਬਾਣੀ ਵਿਚ ਕਈ ਥਾਈਂ ਸ਼ਬਦ 'ਨਾਹ' ਆਇਆ ਹੈ, ਜਿਸ ਦਾ ਅਰਥ ਹੈ 'ਖਸਮ'। ਨਾਹੁ–ਇਕ ਖਸਮ (ਇਕ ਵਚਨ, Singular)। ਨਾਹ–(ਬਹੁਤੇ) ਖਸਮ, ਬਹੁ ਵਚਨ (Plural)–ਵੇਖੋ 'ਗੁਰਬਾਣੀ ਵਿਆਕਰਣ'।

ਅਰਥ :–ਹੇ ਨਾਨਕ ! (ਜੋ ਮਨੁੱਖ) ਗੁਰੂ ਨੂੰ ਚੇਤੇ ਨਹੀਂ ਕਰਦੇ ਤੇ ਆਪਣੇ ਆਪ ਵਿਚ ਚਤਰ (ਬਣੇ ਹੋਏ) ਹਨ, ਉਹ ਇਉਂ ਹਨ ਜਿਵੇਂ ਸੁੰਞੀ ਪੈਲੀ ਵਿਚ ਅੰਦਰੋਂ ਸੜੇ ਤਿਲ ਨਿਖਸਮੇ ਪਏ ਹੋਏ ਹਨ। ਹੇ ਨਾਨਕ ! (ਬੇਸ਼ਕ) ਆਖ ਕਿ 'ਪੈਲੀ ਵਿਚ ਨਿਖਸਮੇ ਪਏ ਹੋਏ ਉਹਨਾਂ ਬੁਆੜ ਤਿਲਾਂ ਦੇ ਸੌ ਖਸਮ ਹਨ, ਉਹ ਵਿਚਾਰੇ ਫੁਲਦੇ ਭੀ ਹਨ (ਭਾਵ, ਉਹਨਾਂ ਨੂੰ ਫੁਲ ਭੀ ਲਗਦੇ ਹਨ), ਫਲਦੇ ਭੀ ਹਨ, ਫੇਰ ਭੀ ਉਹਨਾਂ ਦੇ ਤਨ ਵਿਚ (ਭਾਵ, ਉਹਨਾਂ ਦੀ ਫਲੀ ਵਿਚ) ਤਿਲਾਂ ਦੀ ਥਾਂ ਸੁਆਹ ਹੀ ਹੁੰਦੀ ਹੈ।'

ਨੋਟ :–ਸ਼ਬਦ 'ਸਉ' ਦਾ ਅਰਥ 'ਸਹੁ' ਅਤੇ 'ਨਾਹ' ਦਾ ਅਰਥ 'ਨਾਹਿ' ਕਰਨ ਵਾਲੇ ਸਜਣ ਸ਼ਾਇਦ ਇੱਥੇ ਇਹ ਇਤਰਾਜ਼ ਕਰਨ ਕਿ ਨਿਖਸਮੇ ਬੂਟਿਆਂ ਦੇ ਸੌ ਖਸਮ ਕਿਵੇਂ ਹੋਏ। ਇਸ ਦੇ ਉੱਤਰ ਵਿਚ ਕੇਵਲ ਇਹ ਬੇਨਤੀ ਹੈ ਕਿ ਕਿਸੇ ਸਜਣ ਦੇ ਆਪਣੇ ਮਨ ਦੇ ਖ਼ਿਆਲਾਂ ਦੀ ਪੁਸ਼ਟੀ ਕਰਨ ਵਾਸਤੇ ਗੁਰਬਾਣੀ ਦੇ ਅਰਥ ਗੁਰਬਾਣੀ ਦੇ ਪਰਤੱਖ ਵਿਆਕਰਣ ਦੇ ਉਲਟ ਨਹੀਂ ਕੀਤੇ ਜਾ ਸਕਦੇ। ਉਂਞ ਇਹ ਗੱਲ ਹੈ ਭੀ ਬੜੀ ਸਾਫ਼। ਕਦੇ ਕਦੇ ਬੇ-ਰੁਤੀ ਵਰਖਾ ਤੇ ਬੱਦਲਾਂ ਦੀ ਲਿਸ਼ਕ ਦੇ ਕਰਨ ਛੋਲਿਆਂ ਦੇ ਫ਼ਸਲਾਂ ਦੇ ਫ਼ਸਲ ਸੜ ਜਾਂਦੇ ਹਨ। ਨਾ ਤਾਂ ਉਹਨਾਂ ਵਿਚ ਦਾਣੇ ਹੀ ਪੈਂਦੇ ਹਨ ਅਤੇ ਨਾ ਹੀ ਉਹ ਪਸ਼ੂਆਂ ਦੇ ਖਾਣ ਦੇ ਕੰਮ ਆ

ਸਕਦੇ ਹਨ। ਜ਼ਿਮੀਦਾਰਾਂ ਪਾਸ ਵਿਹਲ ਨ ਹੋਣ ਕਰਕੇ, ਉਹ ਫ਼ਸਲ ਨਿਖਸਮੇ ਹੀ ਖੇਤਾਂ ਵਿਚ ਪਏ ਰਹਿੰਦੇ ਹਨ। ਤਦੋਂ ਪਿੰਡਾਂ ਦੇ ਕਮੀਣ ਤੇ ਗਰੀਬ ਲੋੜਵੰਦ ਲੋਕ ਰੋਜ਼ ਜਾ ਕੇ ਬਾਲਣ ਵਾਸਤੇ ਭਰੀਆਂ ਦੀਆਂ ਭਰੀਆਂ ਬੰਨ੍ਹ ਕੇ ਲੈ ਆਉਂਦੇ ਹਨ। ਓਥੇ ਇਹ ਗੱਲ ਪਰਤੱਖ ਵੇਖੀਦੀ ਹੈ ਕਿ ਇਕ ਜ਼ਿਮੀਦਾਰ ਖਸਮ ਦੇ ਕੰਮ ਨਾ ਹੋਣ ਕਰਕੇ ਕਮੀਣ ਆਦਿਕ ਉਹਨਾਂ ਦੇ ਕਈ ਖਸਮ ਆ ਬਣਦੇ ਹਨ।

ਇਸੇ ਤਰ੍ਹਾਂ ਜਦੋਂ ਅਸੀ ਆਪਣੇ ਮਨ ਵਿਚ ਚਤਰ ਬਣ ਕੇ ਗੁਰੂ ਨੂੰ ਮਨੋਂ ਵਿਸਾਰ ਦੇਂਦੇ ਹਾਂ, ਗੁਰੂ ਦੀ ਰਾਹਬਰੀ ਦੀ ਲੋੜ ਨਹੀਂ ਸਮਝਦੇ, ਤਾਂ ਕਾਮਾਦਿਕ ਸੌ ਖਸਮ ਇਸ ਮਨ ਦੇ ਆ ਬਣਦੇ ਹਨ, ਭਾਵ, ਮਨ ਕਦੇ ਕਿਸੇ ਵਿਕਾਰ ਅਤੇ ਕਦੇ ਕਿਸੇ ਵਿਕਾਰ ਦਾ ਸ਼ਿਕਾਰ ਪਿਆ ਬਣਦਾ ਹੈ।

ਪਉੜੀ ॥
ਆਪੀਨ੍ਹੈ ਆਪੁ ਸਾਜਿਓ ਆਪੀਨ੍ਹੈ ਰਚਿਓ ਨਾਉ ॥
ਦੁਯੀ ਕੁਦਰਤਿ ਸਾਜੀਐ ਕਰਿ ਆਸਣੁ ਡਿਠੋ ਚਾਉ ॥
ਦਾਤਾ ਕਰਤਾ ਆਪਿ ਤੂੰ ਤੁਸਿ ਦੇਵਹਿ ਕਰਹਿ ਪਸਾਉ ॥
ਤੂੰ ਜਾਣੋਈ ਸਭਸੈ ਦੇ ਲੈਸਹਿ ਜਿੰਦੁ ਕਵਾਉ ॥
ਕਰਿ ਆਸਣੁ ਡਿਠੋ ਚਾਉ ॥੧॥

ਪਦ ਅਰਥ :—ਆਪੀਨ੍ਹੈ—ਆਪ ਹੀ ਨੇ, (ਅਕਾਲ ਪੁਰਖ) ਨੇ ਆਪ ਹੀ। ਆਪੁ—ਆਪਣੇ ਆਪ ਨੂੰ। ਨਾਉ—ਨਾਮ, ਨਾਮਣਾ, ਵਡਿਆਈ। ਦੁਯੀ—ਦੂਜੀ। ਸਾਜੀਐ—ਬਣਾਈ ਹੈ। ਕਰਿ—ਕਰ ਕੇ, ਬਣਾ ਕੇ। ਚਾਉ—ਤਮਾਸ਼ਾ। ਤੁਸਿ—ਤ੍ਰੁੱਠ ਕੇ, ਪ੍ਰਸੰਨ ਹੋ ਕੇ। ਦੇਵਹਿ—ਤੂੰ ਦੇਂਦਾ ਹੈਂ। ਕਰਹਿ—ਤੂੰ ਕਰਦਾ ਹੈਂ। ਪਸਾਉ—ਪ੍ਰਸਾਦ, ਕਿਰਪਾ, ਬਖਸ਼ਸ਼। ਜਾਣੋਈ—ਜਾਨਣਹਾਰ, ਜਾਣੂ। ਸਭਸੈ—ਸਭਨਾਂ ਦਾ। ਦੇ—ਦੇ ਕੇ। ਲੈਸਹਿ—ਲੈ ਲਵੇਂਗਾ। ਜਿੰਦੁ ਕਵਾਉ—ਜਿੰਦ ਅਤੇ ਜਿੰਦ ਦਾ ਕਵਾਉ (ਲਿਬਾਸ, ਪੋਸ਼ਾਕ), ਭਾਵ, ਸਰੀਰ।੧।

ਅਰਥ :—ਅਕਾਲ ਪੁਰਖ ਨੇ ਆਪ ਹੀ ਆਪਣੇ ਆਪ ਨੂੰ ਸਾਜਿਆ, ਅਤੇ ਆਪ ਹੀ ਆਪਣਾ ਨਾਮਣਾ ਬਣਾਇਆ। ਫਿਰ, ਉਸ ਨੇ ਕੁਦਰਤ ਰਚੀ, (ਅਤੇ ਉਸ ਵਿਚ) ਆਸਣ ਜਮਾ ਕੇ, (ਭਾਵ, ਕੁਦਰਤ ਵਿਚ ਵਿਆਪਕ ਹੋ ਕੇ) (ਇਸ ਜਗਤ ਦਾ) ਆਪ ਤਮਾਸ਼ਾ ਵੇਖਣ ਲੱਗ ਪਿਆ ਹੈ।

(ਹੇ ਪ੍ਰਭੂ!) ਤੂੰ ਆਪ ਹੀ (ਜੀਵਾਂ ਨੂੰ) ਦਾਤਾਂ ਦੇਣ ਵਾਲਾ ਹੈਂ ਅਤੇ ਆਪ ਹੀ (ਇਹਨਾਂ ਦੇ) ਸਾਜਣ ਵਾਲਾ ਹੈਂ। (ਤੂੰ ਆਪ ਹੀ) ਤ੍ਰੁਠ ਕੇ (ਜੀਵਾਂ ਨੂੰ) ਦੇਂਦਾ ਹੈਂ ਅਤੇ ਬਖਸ਼ਸ਼ ਕਰਦਾ ਹੈਂ। ਤੂੰ ਸਭਨਾਂ ਜੀਆਂ ਦੀ ਜਾਨਣਹਾਰ ਹੈਂ। ਜਿੰਦ ਅਤੇ ਸਰੀਰ ਦੇ ਕੇ (ਤੂੰ ਆਪ ਹੀ) ਲੈ ਲਵੇਂਗਾ (ਭਾਵ, ਤੂੰ ਆਪ ਹੀ ਜਿੰਦ ਤੇ ਸਰੀਰ ਦੇਂਦਾ ਹੈਂ, ਆਪ ਹੀ ਮੁੜ ਲੈ ਲੈਂਦਾ ਹੈਂ)। ਤੂੰ (ਕੁਦਰਤ ਵਿਚ) ਆਸਣ ਜਮਾ ਕੇ ਤਮਾਸ਼ਾ ਵੇਖ ਰਿਹਾ ਹੈਂ।੧।

ਸਲੋਕੁ ਮ: ੧ ॥

ਸਚੇ ਤੇਰੇ ਖੰਡ ਸਚੇ ਬ੍ਰਹਮੰਡ ॥ ਸਚੇ ਤੇਰੇ ਲੋਅ ਸਚੇ ਆਕਾਰ ॥ ਸਚੇ ਤੇਰੇ ਕਰਣੇ ਸਰਬ ਬੀਚਾਰ ॥ ਸਚਾ ਤੇਰਾ ਅਮਰੁ ਸਚਾ ਦੀਬਾਣੁ ॥ ਸਚਾ ਤੇਰਾ ਹੁਕਮੁ ਸਚਾ ਫੁਰਮਾਣੁ ॥ ਸਚਾ ਤੇਰਾ ਕਰਮੁ ਸਚਾ ਨੀਸਾਣੁ ॥ ਸਚੇ ਤੁਧੁ ਆਖਹਿ ਲਖ ਕਰੋੜਿ ॥ ਸਚੈ ਸਭਿ ਤਾਣਿ ਸਚੈ ਸਭਿ ਜੋਰਿ ॥ ਸਚੀ ਤੇਰੀ ਸਿਫਤਿ ਸਚੀ ਸਾਲਾਹ ॥ ਸਚੀ ਤੇਰੀ ਕੁਦਰਤਿ ਸਚੇ ਪਾਤਿਸਾਹ ॥ ਨਾਨਕ ਸਚੁ ਧਿਆਇਨਿ ਸਚੁ ॥ ਜੋ ਮਰਿ ਜੰਮੇ ਸੁ ਕਚੁ ਨਿਕਚੁ ॥੧॥

ਪਦ ਅਰਥ:—ਸਚੇ—ਸਦਾ ਥਿਰ ਰਹਿਣ ਵਾਲੇ। ਖੰਡ—ਟੁਕੜੇ, ਹਿੱਸੇ, ਸ੍ਰਿਸ਼ਟੀ ਦੇ ਹਿੱਸੇ। ਬ੍ਰਹਮੰਡ—ਸ੍ਰਿਸ਼ਟੀ, ਜਗਤ। ਲੋਅ—ਚੌਦਾਂ ਲੋਕ।

ਆਕਾਰ–ਸਰੂਪ, ਸ਼ਕਲ, ਰੰਗ ਰੰਗ ਦੇ ਜੀਅ ਜੰਤ, ਪਦਾਰਥ ਆਦਿਕ ਜੋ ਦਿਖਾਈ ਦੇ ਰਹੇ ਹਨ। ਕਰਣੇ–ਕੰਮ। ਸਰਬ–ਸਾਰੇ। ਅਮਰੁ–ਹੁਕਮੁ, ਪਾਤਸ਼ਾਹੀ। ਦੀਬਾਣੁ–ਦੀਵਾਨ, ਕਚਹਿਰੀ, ਦਰਬਾਰ। ਨੀਸਾਣੁ–ਨਿਸ਼ਾਨ, ਜਲਵਾ, ਜ਼ਹੂਰ। ਕਰਮੁ–ਬਖ਼ਸ਼ਸ਼। ਸਚੇ–(ਉਹ ਜੀਵ) ਸਚੇ ਹਨ, ਸਦਾ ਥਿਰ ਹਨ। ਸਚੈ–ਸੱਚੇ ਦੇ (ਵਿਚ)। ਤਾਣਿ–ਤਾਣ ਵਿਚ। ਸਚੈ ਜੋਰਿ–ਸਚੇ ਦੇ ਜੋਰ ਵਿਚ। ਸਚੇ ਪਾਤਿਸਾਹ–ਹੇ ਸਚੇ ਪਾਤਸ਼ਾਹ! ਕੁਦਰਤਿ–ਰਚਨਾ। ਮਰਿ–ਮਰ ਕੇ। ਮਰਿ ਜੰਮੇ–ਮਰ ਕੇ ਜੰਮੇ, ਭਾਵ, ਮਰਦੇ ਹਨ ਤੇ ਜੰਮਦੇ ਹਨ, ਜੰਮਣ ਮਰਨ ਦੇ ਗੇੜ ਵਿਚ ਪੈਂਦੇ ਹਨ। ਸੁ–ਉਹ ਜੀਵ। ਕਚੁ ਨਿਕਚੁ–ਨਿਰੋਲ ਕੱਚੇ ।੧।

ਅਰਥ :–ਹੇ ਸੱਚੇ ਪਾਤਸ਼ਾਹ! ਤੇਰੇ ਪੈਦਾ ਕੀਤੇ ਹੋਏ) ਖੰਡ ਤੇ ਬ੍ਰਹਿਮੰਡ ਸੱਚੇ ਹਨ (ਭਾਵ, ਖੰਡ ਤੇ ਬ੍ਰਹਿਮੰਡ ਸਾਜਣ ਵਾਲਾ ਤੇਰਾ ਇਹ ਸਿਲਸਿਲਾ ਸਦਾ ਲਈ ਅਟੱਲ ਹੈ)।

ਤੇਰੇ (ਸਿਰਜੇ ਹੋਏ) ਚੋਦ੍ਹਾਂ ਲੋਕ ਤੇ (ਇਹ ਬੇਅੰਤ) ਆਕਾਰ ਭੀ ਸਦਾ ਥਿਰ ਰਹਿਣ ਵਾਲੇ ਹਨ, ਤੇਰੇ ਕੰਮ ਤੇ ਤੇਰੀਆਂ ਸਾਰੀਆਂ ਵਿਚਾਰਾਂ ਨਾਸ-ਰਹਿਤ ਹਨ।

ਹੇ ਪਾਤਸ਼ਾਹ! ਤੇਰੀ ਪਾਤਸ਼ਾਹੀ ਤੇ ਤੇਰਾ ਦਰਬਾਰ ਅਟੱਲ ਹਨ, ਤੇਰਾ ਹੁਕਮੁ ਤੇ ਤੇਰਾ (ਸ਼ਾਹੀ) ਫ਼ੁਰਮਾਨ ਭੀ ਅਟੱਲ ਹਨ। ਤੇਰੀ ਬਖ਼ਸ਼ਸ਼ ਸਦਾ ਲਈ ਥਿਰ ਹੈ ਤੇ ਤੇਰੀਆਂ ਬਖ਼ਸ਼ਸ਼ਾਂ ਦਾ ਨਿਸ਼ਾਨ (ਭਾਵ, ਇਹ ਬੇਅੰਤ ਪਦਾਰਥ ਜੋ ਤੂੰ ਜੀਵਾਂ ਨੂੰ ਦੇ ਰਿਹਾ ਹੈਂ) ਸਦਾ ਵਾਸਤੇ ਕਾਇਮ ਹੈ।

ਲੱਖ ਕਰੋੜਾਂ ਜੀਵ, ਜੋ ਤੈਨੂੰ ਸਿਮਰ ਰਹੇ ਹਨ, ਸੱਚੇ ਹਨ (ਭਾਵ, ਬੇਅੰਤ ਜੀਵਾਂ ਦਾ ਤੈਨੂੰ ਸਿਮਰਨਾ–ਇਹ ਭੀ ਤੇਰਾ ਇਕ ਅਜਿਹਾ ਚਲਾਇਆ ਹੋਇਆ ਕੰਮ ਹੈ ਜੋ ਸਦਾ ਲਈ ਥਿਰ ਹੈ)। (ਇਹ ਖੰਡ, ਬ੍ਰਹਿਮੰਡ, ਲੋਕ, ਆਕਾਰ, ਜੀਅ ਜੰਤ ਆਦਿਕ) ਸਾਰੇ ਹੀ ਸੱਚੇ ਹਰੀ ਦੇ ਤਾਣ ਤੇ ਜ਼ੋਰ ਵਿਚ ਹਨ। (ਭਾਵ, ਇਹਨਾਂ ਸਭਨਾਂ ਦੀ ਹਸਤੀ, ਸਭਨਾਂ ਦਾ ਆਸਰਾ ਪ੍ਰਭੂ ਆਪ ਹੈ)।

ਤੇਰੀ ਸਿਫਤ-ਸਲਾਹ ਕਰਨੀ ਤੇਰਾ ਇਕ ਅਟੱਲ ਸਿਲਸਿਲਾ ਹੈ; ਹੇ ਸੱਚੇ ਪਾਤਸ਼ਾਹ ! ਇਹ ਸਾਰੀ ਰਚਨਾ ਹੀ ਤੇਰਾ ਇਕ ਨਾ ਮੁੱਕਣ ਵਾਲਾ ਪਰਬੰਧ ਹੈ ।

ਹੇ ਨਾਨਕ ! ਜੋ ਜੀਵ ਉਸ ਅਬਿਨਾਸ਼ੀ ਪ੍ਰਭੂ ਨੂੰ ਸਿਮਰਦੇ ਹਨ, ਉਹ ਭੀ ਉਸ ਦਾ ਰੂਪ ਹਨ; ਪਰ ਜੋ ਜੰਮਣ ਮਰਨ ਦੇ ਗੇੜ ਵਿਚ ਪਏ ਹਨ ਉਹ (ਅਜੇ) ਬਿਲਕੁਲ ਕੱਚੇ ਹਨ (ਭਾਵ, ਉਹ ਅਸਲ ਜੋਤਿ ਦਾ ਰੂਪ ਨਹੀਂ ਹੋਏ) ।੧।

ਨੋਟ–ਸ਼ਬਦ 'ਸਚੁ' ਸੰਸਕ੍ਰਿਤ ਸ਼ਬਦ 'ਸਤਯ' (सत्य) ਦਾ ਪੰਜਾਬੀ ਰੂਪ ਹੈ, 'ਸਤਯ' ਦਾ ਅਰਥ ਹੈ 'ਅਸਲੀ', ਜੋ ਸੱਚ ਮੁੱਚ ਹੋਂਦ ਵਿਚ ਹੈ ।

ਕਈ ਮਤਾਂ ਵਾਲੇ ਇਹ ਖ਼ਿਆਲ ਕਰਦੇ ਹਨ ਕਿ ਇਹ ਜਗਤ ਅਸਲ ਵਿਚ ਕੁਝ ਨਹੀਂ ਹੈ, ਭਰਮ ਰੂਪ ਹੈ । ਗੁਰੂ ਨਾਨਕ ਸਾਹਿਬ ਇਸ ਸਲੋਕ ਵਿਚ ਫ਼ੁਰਮਾਉਂਦੇ ਹਨ ਕਿ ਖੰਡਾਂ, ਬ੍ਰਹਿਮੰਡਾਂ ਆਦਿਕ ਵਾਲਾ ਇਹ ਸਾਰਾ ਸਿਲਸਿਲਾ ਭਰਮ ਰੂਪ ਨਹੀਂ ਹੈ; ਹਸਤੀ ਵਾਲੇ ਰੱਬ ਦਾ ਸੱਚ-ਮੁੱਚ ਇਹ ਹਸਤੀ ਵਾਲਾ ਹੀ ਪਸਾਰਾ ਹੈ। ਪਰ ਹੈ ਇਹ ਸਾਰੀ ਖੇਡ ਉਸ ਦੇ ਆਪਣੇ ਹੱਥ ਵਿਚ। ਸਮੁੱਚੇ ਤੌਰ ਤੇ ਇਹ ਸਾਰੀ ਕੁਦਰਤ ਉਸ ਦਾ ਇਕ ਅਟੱਲ ਪਰਬੰਧ ਹੈ, ਪਰ ਇਸ ਵਿਚ-ਦੇ ਜੇ ਵਖੋ ਵਖਰੇ ਪਦਾਰਥ, ਜੀਆਂ ਜੰਤਾਂ ਦੇ ਸਰੀਰ ਆਦਿਕ ਲਈਏ ਤਾਂ ਇਹ ਨਾਸਵੰਤ ਹਨ। ਹਾਂ, ਜੋ ਉਸ ਨੂੰ ਸਿਮਰਦੇ ਹਨ, ਉਹ ਉਸ ਦਾ ਰੂਪ ਹੋ ਜਾਂਦੇ ਹਨ ।

ਮ:੧॥

ਵਡੀ ਵਡਿਆਈ ਜਾ ਵਡਾ ਨਾਉ ॥ ਵਡੀ ਵਡਿਆਈ ਜਾ ਸਚੁ ਨਿਆਉ ॥ ਵਡੀ ਵਡਿਆਈ ਜਾ ਨਿਹਚਲੁ ਥਾਉ ॥ ਵਡੀ ਵਡਿਆਈ ਜਾਣੈ ਆਲਾਉ ॥ ਵਡੀ ਵਡਿਆਈ ਬੁਝੈ ਸਭਿ ਭਾਉ ॥ ਵਡੀ ਵਡਿਆਈ ਜਾ

ਪੂਛਿ ਨ ਦਾਤਿ ॥ ਵਡੀ ਵਡਿਆਈ ਜਾ ਆਪੇ ਆਪਿ ॥ ਨਾਨਕ ਕਾਰ ਨ ਕਥਨੀ ਜਾਇ ॥ ਕੀਤਾ ਕਰਣਾ ਸਰਬ ਰਜਾਇ ॥੨॥

ਪਦ ਅਰਥ : ਜਾ–ਜਿਸ ਦਾ, ਜਿਸ ਪ੍ਰਭੂ ਦਾ, ਕਿ ਉਸ ਪ੍ਰਭੂ ਦਾ। ਨਾਉ–ਨਾਮ, ਨਾਮਣਾ, ਜਸ। ਨਿਹਚਲੁ–ਅਚੱਲ, ਨਾ ਚੱਲਣ ਵਾਲਾ, ਅਬਿਨਾਸ਼ੀ। ਆਲਾਉ–ਅਲਾਪ, ਜੀਵਾਂ ਦੇ ਅਲਾਪ, ਜੀਵਾਂ ਦੇ ਬਚਨ, ਜੋ ਕੁਝ ਜੀਵ ਬੋਲਦੇ ਹਨ, ਜੀਆਂ ਦੀਆਂ ਅਰਦਾਸਾਂ। ਭਾਉ–ਵਲਵਲੇ, ਤਰੰਗ। ਜਾ–ਕਿ ਉਹ। ਪੁਛਿ–(ਕਿਸੇ ਨੂੰ) ਪੁਛ ਕੇ। ਆਪੇ ਆਪਿ–ਆਪ ਹੀ ਆਪ ਹੈ, ਭਾਵ, ਸੁਤੰਤਰ ਹੈ। ਕਾਰ–ਉਸ ਦਾ ਰਚਿਆ ਹੋਇਆ ਇਹ ਸਾਰਾ ਖੇਲ, ਉਸ ਦੀ ਕੁਦਰਤੀ ਕਲਾ। ਕੀਤਾ ਕਰਣਾ–ਉਸ ਦੀ ਰਚੀ ਹੋਈ ਸ੍ਰਿਸ਼ਟੀ। ਰਜਾਇ–ਰੱਬ ਦੇ ਹੁਕਮ ਵਿਚ।

ਅਰਥ : ਉਸ ਪ੍ਰਭੂ ਦੀ ਸਿਫ਼ਤ ਨਹੀਂ ਕੀਤੀ ਜਾ ਸਕਦੀ ਜਿਸ ਦਾ ਨਾਮਣਾ ਵੱਡਾ ਹੈ। ਪ੍ਰਭੂ ਦਾ ਇਹ ਇਕ ਵੱਡਾ ਗੁਣ ਹੈ ਕਿ ਉਸ ਦਾ ਨਿਆਉਂ (ਸਦਾ) ਅਟੱਲ ਹੈ। ਉਸ ਦੀ ਇਹ ਇਕ ਵੱਡੀ ਸਿਫ਼ਤ ਹੈ ਕਿ ਉਸ ਦਾ ਆਸਣ ਅਡੋਲ ਹੈ। ਪ੍ਰਭੂ ਦੀ ਇਹ ਇਕ ਵੱਡੀ ਵਡਿਆਈ ਹੈ ਕਿ ਉਹ ਸਾਰੇ ਜੀਵਾਂ ਦੀਆਂ ਅਰਦਾਸਾਂ ਨੂੰ ਜਾਣਦਾ ਹੈ ਅਤੇ ਸਾਰਿਆਂ ਦੇ ਦਿਲਾਂ ਦੇ ਵਲਵਲਿਆਂ ਨੂੰ ਸਮਝਦਾ ਹੈ।

ਰੱਬ ਦੀ ਇਹ ਇਕ ਉਚੀ ਸਿਫ਼ਤ ਹੈ ਕਿ ਕਿਸੇ ਦੀ ਸਲਾਹ ਲੈ ਕੇ (ਜੀਵਾਂ ਨੂੰ) ਦਾਤਾਂ ਨਹੀਂ ਦੇ ਰਿਹਾ (ਆਪਣੇ ਆਪ ਬੇਅੰਤ ਦਾਤਾਂ ਬਖ਼ਸ਼ਦਾ ਹੈ), (ਕਿਉਂਕਿ) ਉਸ ਵਰਗਾ ਹੋਰ ਕੋਈ ਨਹੀਂ ਹੈ।

ਹੇ ਨਾਨਕ! ਰੱਬ ਦੀ ਕੁਦਰਤ ਬਿਆਨ ਨਹੀਂ ਕੀਤੀ ਜਾ ਸਕਦੀ, ਸਾਰੀ ਰਚਨਾ ਉਸ ਨੇ ਆਪਣੇ ਹੁਕਮ ਵਿਚ ਰਚੀ ਹੈ।੨।

ਮਹਲਾ ੨ ॥

ਇਹੁ ਜਗੁ ਸਚੈ ਕੀ ਹੈ ਕੋਠੜੀ ਸਚੇ ਕਾ ਵਿਚਿ ਵਾਸੁ ॥

ਇਕਨ੍ਾ ਹੁਕਮਿ ਸਮਾਇ ਲਏ ਇਕਨ੍ਾ ਹੁਕਮੇ ਕਰੇ ਵਿਣਾਸੁ॥ ਇਕਨ੍ਾ ਭਾਣੈ ਕਢਿ ਲਏ ਇਕਨ੍ਾ ਮਾਇਆ ਵਿਚਿ ਨਿਵਾਸੁ॥ ਏਵ ਭਿ ਆਖਿ ਨ ਜਾਪਈ ਜਿ ਕਿਸੈ ਆਣੈ ਰਾਸਿ॥ ਨਾਨਕ ਗੁਰਮੁਖਿ ਜਾਣੀਐ ਜਾ ਕਉ ਆਪਿ ਕਰੇ ਪਰਗਾਸੁ॥੩॥

ਪਦ ਅਰਥ:–ਸਚੈ ਕੀ ਹੈ ਕੋਠੜੀ–ਸਦਾ ਕਾਇਮ ਰਹਿਣ ਵਾਲੇ ਰੱਬ ਦੇ ਰਹਿਣ ਦੀ ਥਾਂ ਹੈ। ਇਕਨ੍ਾ–ਕਈ ਜੀਵਾਂ ਦੇ। ਹੁਕਮਿ–ਆਪਣੇ ਹੁਕਮ ਅਨੁਸਾਰ। ਸਮਾਏ ਲਏ–ਆਪਣੇ ਵਿਚ ਸਮਾ ਲੈਂਦਾ ਹੈ। ਭਾਣੈ–ਆਪਣੀ ਰਜ਼ਾ ਅਨੁਸਾਰ। ਕਢਿ ਲਏ–(ਮਾਇਆ ਦੇ ਮੋਹ ਵਿਚੋਂ) ਕੱਢ ਲੈਂਦਾ ਹੈ। ਏਵ ਭਿ–ਇਸ ਤਰ੍ਹਾਂ ਭੀ, ਇਹ ਗੱਲ ਭੀ। ਆਖਿ ਨ ਜਾਪਈ–ਆਖੀ ਨਹੀਂ ਜਾ ਸਕਦੀ। ਜਿ–ਕਿ। ਕਿਸੈ–ਕਿਸ ਜੀਵ ਨੂੰ। ਆਣੈ ਰਾਸਿ–ਰਾਸ ਲਿਆਉਂਦਾ ਹੈ, ਸਿੱਧੇ ਰਾਹੇ ਪਾਉਂਦਾ ਹੈ, ਬੇੜਾ ਪਾਰ ਕਰਦਾ ਹੈ। ਗੁਰਮੁਖਿ–ਗੁਰੂ ਦੀ ਰਾਹੀਂ। ਜਾਣੀਐ–ਸਮਝ ਆਉਂਦੀ ਹੈ। ਜਾ ਕਉ–ਜਿਸ ਮਨੁੱਖ ਉੱਤੇ।

ਅਰਥ:–ਇਹ ਜਗਤ ਪ੍ਰਭੂ ਦੇ ਰਹਿਣ ਦੀ ਥਾਂ ਹੈ, ਪ੍ਰਭੂ ਇਸ ਵਿਚ ਵੱਸ ਰਿਹਾ ਹੈ। ਕਈ ਜੀਵਾਂ ਨੂੰ ਆਪਣੇ ਹੁਕਮ ਅਨੁਸਾਰ (ਇਸ ਸੰਸਾਰ-ਸਾਗਰ ਵਿਚੋਂ ਬਚਾ ਕੇ) ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ਅਤੇ ਕਈ ਜੀਵਾਂ ਨੂੰ ਆਪਣੇ ਹੁਕਮ ਅਨੁਸਾਰ ਹੀ ਇਸੇ ਵਿਚ ਡੋਬ ਦੇਂਦਾ ਹੈ। ਕਈ ਜੀਵਾਂ ਨੂੰ ਆਪਣੀ ਰਜ਼ਾ ਅਨੁਸਾਰ ਮਾਇਆ ਦੇ ਮੋਹ ਵਿਚੋਂ ਕੱਢ ਲੈਂਦਾ ਹੈ, ਕਈਆਂ ਨੂੰ ਇਸੇ ਵਿਚ ਫਸਾਈ ਰਖਦਾ ਹੈ।

ਇਹ ਗੱਲ ਭੀ ਨਹੀਂ ਦੱਸੀ ਜਾ ਸਕਦੀ ਕਿ ਰੱਬ ਕਿਸ ਦਾ ਬੇੜਾ ਪਾਰ ਕਰਦਾ ਹੈ। ਹੇ ਨਾਨਕ ! ਜਿਸ (ਵਡਭਾਗੀ) ਮਨੁੱਖ ਨੂੰ ਚਾਨਣ ਬਖ਼ਸ਼ਦਾ ਹੈ, ਉਸ ਨੂੰ ਗੁਰੂ ਦੀ ਰਾਹੀਂ ਸਮਝ ਪੈ ਜਾਂਦੀ ਹੈ।੩।

ਪਉੜੀ ॥

ਨਾਨਕ ਜੀਅ ਉਪਾਇ ਕੈ ਲਿਖਿ ਨਾਵੈ ਧਰਮੁ ਬਹਾਲਿਆ ॥ ਓਥੈ ਸਚੇ ਹੀ ਸਚਿ ਨਿਬੜੈ ਚੁਣਿ ਵਖਿ ਕਢੇ ਜਜਮਾਲਿਆ ॥ ਥਾਉ ਨ ਪਾਇਨਿ ਕੂੜਿਆਰ ਮੁਹ ਕਾਲ੍ਹੈ ਦੋਜਕਿ ਚਾਲਿਆ ॥ ਤੇਰੈ ਨਾਇ ਰਤੇ ਸੇ ਜਿਣਿ ਗਏ ਹਾਰਿ ਗਏ ਸਿ ਠਗਣ ਵਾਲਿਆ ॥ ਲਿਖਿ ਨਾਵੈ ਧਰਮੁ ਬਹਾਲਿਆ ॥੨॥

ਪਦ ਅਰਥ :–ਜੀਅ ਉਪਾਇ ਕੈ–ਜੀਵਾਂ ਨੂੰ ਪੈਦਾ ਕਰ ਕੇ। ਧਰਮੁ–ਧਰਮ ਰਾਜ। ਲਿਖਿ ਨਾਵੈ–ਨਾਵਾਂ ਲਿਖਣ ਲਈ, ਜੀਆਂ ਦੇ ਕੀਤੇ ਕਰਮਾਂ ਦਾ ਲੇਖਾ ਲਿਖਣ ਲਈ। ਓਥੈ–ਉਸ ਧਰਮ-ਰਾਜ ਦੇ ਅੱਗੇ। ਨਿਬੜੈ–ਨਿਬੜਦੀ ਹੈ। ਚੁਣਿ–ਚੁਣ ਕੇ। ਜਜਮਾਲਿਆ–ਜਜ਼ਾਮੀ ਜੀਵ, ਕੋਹੜੇ ਜੀਵ, ਗੰਦੇ ਜੀਵ, ਮੰਦ-ਕਰਮੀ ਜੀਵ। ਸਚੇ ਹੀ ਸਚਿ–ਨਿਰੋਲ ਸੱਚ ਦੀ ਰਾਹੀਂ, ਭਾਵ, ਓਥੇ ਨਿਬੇੜੇ ਦਾ ਮਾਪ 'ਨਿਰੋਲ ਸਚ' ਹੈ।

ਨੋਟ–ਇਸ ਪਉੜੀ ਦੀ ਦੂਜੀ ਤੁਕ ਦਾ ਪਾਠ ਆਮ ਤੌਰ ਤੇ ਗਲਤ ਕੀਤਾ ਜਾ ਰਿਹਾ ਹੈ, 'ਸਚੇ ਹੀ ਸਚਿ' ਦੇ ਥਾਂ 'ਸਚੋ ਹੀ ਸਚੁ' ਪਰ-ਚਲਤ ਹੋ ਗਿਆ ਹੈ। ਵਿਆਕਰਣ ਤੋਂ ਨਾਵਾਕਫ਼ ਹੋਣ ਦੇ ਕਾਰਨ 'ਸਚੇ ਹੀ ਸਚਿ' ਅਸ਼ੁਧ ਪਰਤੀਤ ਹੋਣ ਲੱਗ ਪਿਆ। ਸ਼ਾਇਦ ਕਿਸੇ ਸੱਜਣ ਨੂੰ ਇਹ ਖ਼ਿਆਲ ਭੀ ਆਇਆ ਹੋਵੇ ਕਿ ਛਾਪੇ ਦੀ ਗ਼ਲਤੀ ਨਾਲ 'ਸਚੇ ਹੀ ਸਚਿ' ਛਪ ਗਿਆ ਹੈ; ਚਾਹੀਦਾ 'ਸਚੋ ਹੀ ਸਚੁ' ਸੀ। ਕਈ ਸੱਜਣ ਗੁਟ-ਕਿਆਂ ਵਿਚ ਅਤੇ ਟੀਕਿਆਂ ਵਿਚ 'ਸਚੇ ਹੀ ਸਚਿ' ਦੀ ਥਾਂ 'ਸਚੋ ਹੀ ਸਚ' ਛਾਪਣ ਲਗ ਪਏ ਹਨ।

ਥਾਉ ਨ ਪਾਇਨਿ–ਥਾਂ ਨਹੀਂ ਪਾਂਦੇ। ਮੁਹ ਕਾਲੈ–ਮੂੰਹ ਕਾਲੇ ਨਾਲ,ਮੂੰਹ ਕਾਲਾ ਕਰਕੇ। ਦੋਜਕਿ–ਦੋਜ਼ਕ ਵਿਚ। ਚਾਲਿਆ–ਧੱਕੇ ਜਾਂਦੇ ਹਨ, ਪਾਏ ਜਾਂਦੇ ਹਨ। ਤੇਰੈ ਨਾਇ–ਤੇਰੇ ਨਾਮ ਵਿਚ। ਜਿਣਿ–ਜਿੱਤ ਕੇ।

ਹਾਰਿ–(ਬਾਜੀ) ਹਾਰ ਕੇ। ਸਿ–ਉਹ ਮਨੁੱਖ। ਠਗਣ ਵਾਲਿਆ–ਠਗਣ ਵਾਲੇ ਮਨੁੱਖ, ਵਲ-ਫਰੇਬ ਕਰਨ ਵਾਲੇ ਮਨੁੱਖ।੨।

ਅਰਥ :–ਹੇ ਨਾਨਕ! ਜੀਵਾਂ ਨੂੰ ਪੈਦਾ ਕਰ ਕੇ ਪਰਮਾਤਮਾ ਨੇ ਧਰਮ-ਰਾਜ ਨੂੰ (ਉਹਨਾਂ ਦੇ ਸਿਰ) ਤੇ ਮੁਕੱਰਰ ਕੀਤਾ ਹੋਇਆ ਹੈ ਕਿ ਜੀਵਾਂ ਦੇ ਕੀਤੇ ਕਰਮਾਂ ਦਾ ਲੇਖਾ ਲਿਖਦਾ ਰਹੇ।

ਧਰਮ-ਰਾਜ ਦੀ ਕਚਹਿਰੀ ਵਿਚ ਨਿਰੋਲ ਸੱਚ ਦੁਆਰਾ (ਜੀਵਾਂ ਦੇ ਕਰਮਾਂ ਦਾ) ਨਿਬੇੜਾ ਹੁੰਦਾ ਹੈ, (ਭਾਵ, ਓਥੇ ਨਿਬੇੜੇ ਦਾ ਮਾਪ 'ਨਿਰੋਲ ਸਚੁ' ਹੈ, ਜਿਨ੍ਹਾਂ ਦੇ ਪੱਲੇ 'ਸਚੁ' ਹੁੰਦਾ ਹੈ ਉਹਨਾਂ ਨੂੰ ਆਦਰ ਮਿਲਦਾ ਹੈ) ਤੇ ਮੰਦ-ਕਰਮੀ ਜੀਵ ਚੁਣ ਕੇ ਵੱਖਰੇ ਕੀਤੇ ਜਾਂਦੇ ਹਨ। ਕੂੜ ਠੱਗੀ ਕਰਨ ਵਾਲੇ ਜੀਵਾਂ ਨੂੰ ਓਥੇ ਟਿਕਾਣਾ ਨਹੀਂ ਮਿਲਦਾ, ਕਾਲਾ ਮੂੰਹ ਕਰ ਕੇ ਉਹਨਾਂ ਨੂੰ ਦੋਜ਼ਕ ਵਿਚ ਧੱਕਿਆ ਜਾਂਦਾ ਹੈ।

(ਹੇ ਪ੍ਰਭੂ!) ਜੋ ਮਨੁੱਖ ਤੇਰੇ ਨਾਮ ਵਿਚ ਰੰਗੇ ਹੋਏ ਹਨ, ਉਹ (ਇਥੋਂ) ਬਾਜ਼ੀ ਜਿੱਤ ਕੇ ਜਾਂਦੇ ਹਨ ਤੇ ਠੱਗੀ ਕਰਨ ਵਾਲੇ ਬੰਦੇ (ਮਨੁੱਖਾ ਜਨਮ ਦੀ ਬਾਜ਼ੀ) ਹਾਰ ਕੇ ਜਾਂਦੇ ਹਨ। (ਤੂੰ, ਹੇ ਪ੍ਰਭੂ!) ਧਰਮ-ਰਾਜ ਨੂੰ (ਜੀਵਾਂ ਦੇ ਕੀਤੇ ਕਰਮਾਂ ਦਾ) ਲੇਖਾ ਲਿਖਣ ਵਾਸਤੇ (ਉਹਨਾਂ ਦੇ ਉੱਤੇ) ਮੁਕੱਰਰ ਕੀਤਾ ਹੋਇਆ ਹੈ।੨।

ਸਲੋਕ ਮ: ੧ ॥

ਵਿਸਮਾਦੁ ਨਾਦ ਵਿਸਮਾਦੁ ਵੇਦ ॥ ਵਿਸਮਾਦੁ ਜੀਅ ਵਿਸਮਾਦੁ ਭੇਦ ॥ ਵਿਸਮਾਦੁ ਰੂਪ ਵਿਸਮਾਦੁ ਰੰਗ ॥ ਵਿਸਮਾਦੁ ਨਾਗੇ ਫਿਰਹਿ ਜੰਤ ॥ ਵਿਸਮਾਦੁ ਪਉਣੁ ਵਿਸਮਾਦੁ ਪਾਣੀ ॥ ਵਿਸਮਾਦੁ ਅਗਨੀ ਖੇਡਹਿ ਵਿਡਾਣੀ ॥ ਵਿਸਮਾਦੁ ਧਰਤੀ ਵਿਸਮਾਦੁ ਖਾਣੀ ॥ ਵਿਸਮਾਦੁ ਸਾਦਿ ਲਗਹਿ ਪਰਾਣੀ ॥ ਵਿਸਮਾਦੁ ਸੰਜੋਗੁ ਵਿਸਮਾਦੁ ਵਿਜੋਗੁ ॥ ਵਿਸਮਾਦੁ ਭੁਖ ਵਿਸਮਾਦੁ

ਭੋਗ ॥ ਵਿਸਮਾਦੁ ਸਿਫਤਿ ਵਿਸਮਾਦੁ ਸਾਲਾਹ ॥ ਵਿਸਮਾਦੁ ਉਝੜ ਵਿਸਮਾਦੁ ਰਾਹ ॥ ਵਿਸਮਾਦੁ ਨੇੜੈ ਵਿਸਮਾਦੁ ਦੂਰਿ ॥ ਵਿਸਮਾਦੁ ਦੇਖੈ ਹਾਜਰਾ ਹਜੂਰਿ ॥ ਵੇਖਿ ਵਿਡਾਣੁ ਰਹਿਆ ਵਿਸਮਾਦੁ ॥ ਨਾਨਕ ਬੁਝਣੁ ਪੂਰੈ ਭਾਗਿ ॥੧॥

ਪਦ ਅਰਥ :–ਵਿਸਮਾਦੁ–ਨੋਟ ! ਸੰਸਕ੍ਰਿਤ ਪੁਸਤਕਾਂ ਵਿਚ ਸਾਧਾਰਨ ਤੌਰ ਤੇ ਕਾਵਯ ਦੇ ਅਠ ਰਸ (ਵਲਵਲਾ, ਤਰੰਗ) ਗਿਣੇ ਗਏ ਹਨ (: ਸ਼ਿੰਗਾਰ, ਹਾਸਯ, ਕਰੁਣਾ, ਰੌਦ੍ਰ, ਵੀਰ, ਭਿਆਨਕ, ਬੀਭਤ ਅਤੇ ਅਦਭੁਤ)। ਪਰ ਕਈ ਵਾਰੀ 'ਸ਼ਾਂਤ ਰਸ' ਰਲਾ ਕੇ ਕੁਲ ਨੌਂ ਰਸ ਮਿਥੇ ਜਾਂਦੇ ਹਨ।

'ਅਦਭੁਤ' ਰਸ ਕੀ ਹੈ ? ਹੈਰਾਨਗੀ, ਅਸਚਰਜਤਾ, ਵਿਸਮਾਦ। ਕੁਦਰਤ ਦੇ ਬੇਅੰਤ ਰੰਗਾ-ਰੰਗ ਦੇ ਪਦਾਰਥਾਂ ਨੂੰ ਵੇਖ ਕੇ ਮਨੁੱਖ ਦੇ ਮਨ ਵਿਚ ਇਕ ਹੈਰਾਨਗੀ ਪੈਦਾ ਹੁੰਦੀ ਹੈ, ਜਿਸ ਤੋਂ 'ਅਦਭੁਤ' ਰਸ ਉਤਪੰਨ ਹੁੰਦਾ ਹੈ।

ਕੁਦਰਤ ਦੇ ਬੇਅੰਤ ਪਦਾਰਥਾਂ ਨੂੰ ਵੇਖ ਕੇ (ਜਿਨ੍ਹਾਂ ਨੂੰ ਵੇਖ ਕੇ ਮਨੁੱਖ ਦੀ ਅਕਲ ਚਕ੍ਰਿਤ ਜਿਹੀ ਹੋ ਜਾਏ, ਜਿਨ੍ਹਾਂ ਤੋਂ ਕਾਦਰ ਦੀ ਕਾਰੀਗਰੀ ਦਾ ਕਮਾਲ ਪਰਗਟ ਹੋਵੇ) ਮਨੁੱਖ ਦੇ ਮਨ ਵਿਚ ਇਕ ਥੱਰਾਹਟ ਜਿਹੀ, ਇਕ ਕਾਂਬਾ ਜਿਹਾ ਆ ਜਾਂਦਾ ਹੈ। ਇਸ ਥੱਰਾਹਟ, ਇਸ ਕਾਂਬੇ ਨੂੰ 'ਵਿਦਮਾਦ' ਕਿਹਾ ਜਾਂਦਾ ਹੈ।

ਨਾਦ–ਅਵਾਜ਼, ਰਾਗ। ਵੇਦ–ਹਿੰਦੂ ਮਤ ਦੇ ਧਰਮ-ਪੁਸਤਕ। ਭੇਦ–ਜੀਵਾਂ ਦੇ ਭੇਦ, ਜੀਵਾਂ ਦੀਆਂ ਬੇਅੰਤ ਕਿਸਮਾਂ। ਅਗਨੀ ਖੇਡਹਿ ਵਿਡਾਣੀ–ਅਗਨੀਆਂ ਜੋ ਅਸਚਰਜ ਖੇਡਾਂ ਖੇਡਦੀਆਂ ਹਨ। (ਨੋਟ–ਅਗਨੀਆਂ ਕਈ ਕਿਸਮ ਦੀਆਂ ਗਿਣੀਆਂ ਜਾਂਦੀਆਂ ਹਨ : ਬੜਵਾ ਅਗਨੀ, ਜੋ ਸਮੁੰਦਰ ਵਿਚ ਹੈ; ਦਾਵਾ ਅਗਨੀ–ਜੰਗਲ ਦੀ ਅੱਗ; ਜਠਰ-ਅਗਨੀ–ਪੇਟ ਦੀ ਅੱਗ, ਜੋ ਭੋਜਨ ਪਚਾਂਦੀ ਹੈ; ਕੋਪ ਅਗਨੀ;

ਚਿੰਤਾ-ਅਗਨੀ; ਗਿਆਨ-ਅਗਨੀ; ਰਾਜ ਅਗਨੀ। ਹਵਨ ਦੀਆਂ ਅਗਨੀਆਂ ਤਿੰਨ ਕਿਸਮ ਦੀਆਂ ਹਨ—ਗਾਰਹਪਤਜ, ਆਹਨੀਜ, ਦਖਿਣ)।

ਖਾਣੀ—ਸ੍ਰਿਸ਼ਟੀ ਦੀ ਉਤਪੱਤੀ ਦੀਆਂ ਚਾਰ ਖਾਣਾਂ: ਅੰਡ, ਜੇਰ, ਉਦਕ, ਸੇਤ (ਅੰਡਾ, ਜਿਉਰ, ਪਾਣੀ ਤੇ ਮੁੜ੍ਹਕਾ), ਇਹਨਾਂ ਚੌਹਾਂ ਖਾਣੀਆਂ ਦੀ ਪੈਦਾਇਸ਼ ਦੇ ਨਾਂ ਇਹਨਾਂ ਦੇ ਅਨੁਸਾਰ ਇਹ ਹਨ—ਅੰਡਜ, ਜੇਰਜ, ਉਤਭੁਜ, ਸੇਤਜ। ਸਾਦਿ—ਸੁਆਦ ਵਿਚ। ਸੰਜੋਗੁ—ਮੇਲ, ਜੀਵਾਂ ਦਾ ਮੇਲ। ਵਿਜੋਗੁ—ਵਿਛੋੜਾ। ਭੋਗ—ਪਦਾਰਥਾਂ ਦਾ ਵਰਤਣਾ। ਉਝੜ—ਅਸਲੀ ਰਾਹ ਤੋਂ ਖੁੰਝ ਕੇ, ਕੁ-ਰਸਤਾ। ਵਿਡਾਣ—ਅਚਰਜ ਕੌਤਕ। ਵੇਖਿ—ਵੇਖ ਕੇ। ਰਹਿਆ ਵਿਸਮਾਦੁ—ਵਿਸਮਾਦ ਪੈਦਾ ਹੋ ਰਿਹਾ ਹੈ, ਹਿਰਦੇ ਵਿਚ ਥੱਰਾਹਟ ਪੈਦਾ ਹੋ ਰਹੀ ਹੈ, ਮਨ ਵਿਚ ਕਾਂਬਾ ਹੋ ਰਿਹਾ ਹੈ। ਬੁਝਣੁ—(ਇਸ 'ਵਿਡਾਣੁ' ਨੂੰ) ਸਮਝਣਾ।

ਅਰਥ :—ਹੇ ਨਾਨਕ! (ਰੱਬ ਦੀ) ਅਚਰਜ ਕੁਦਰਤ ਨੂੰ ਪੂਰੇ ਭਾਗਾਂ ਨਾਲ ਸਮਝਿਆ ਜਾ ਸਕਦਾ ਹੈ, ਇਸ ਨੂੰ ਵੇਖ ਕੇ ਮਨ ਵਿਚ ਕਾਂਬਾ ਜਿਹਾ ਛਿੜ ਰਿਹਾ ਹੈ।

ਕਈ ਨਾਦ ਤੇ ਕਈ ਵੇਦ, ਬੇਅੰਤ ਜੀਵ ਤੇ ਜੀਵਾਂ ਦੇ ਕਈ ਭੇਦ, ਜੀਵਾਂ ਦੇ ਤੇ ਹੋਰ ਪਦਾਰਥਾਂ ਦੇ ਕਈ ਰੂਪ ਤੇ ਕਈ ਰੰਗ—ਇਹ ਸਭ ਕੁਝ ਵੇਖ ਕੇ ਵਿਸਮਾਦ ਅਵਸਥਾ ਬਣ ਰਹੀ ਹੈ।

ਕਈ ਜੰਤ (ਸਦਾ) ਨੰਗੇ ਹੀ ਫਿਰ ਰਹੇ ਹਨ, ਕਿਤੇ ਪਉਣ ਹੈ ਅਤੇ ਕਿਤੇ ਪਾਣੀ ਹੈ, ਕਿਤੇ ਕਈ ਅਗਨੀਆਂ ਅਚਰਜ ਖੇਡਾਂ ਕਰ ਰਹੀਆਂ ਹਨ, ਧਰਤੀ ਤੇ ਧਰਤੀ ਦੇ ਜੀਵਾਂ ਦੇ ਉਤਪੱਤੀ ਦੀਆਂ ਚਾਰ ਖਾਣੀਆਂ—ਇਹ ਕੁਦਰਤ ਵੇਖ ਕੇ ਮਨ ਵਿਚ ਥੱਰਾਹਟ ਪੈਦਾ ਹੋ ਰਹੀ ਹੈ।

ਜੀਵ ਪਦਾਰਥਾਂ ਦੇ ਸੁਆਦ ਵਿਚ ਲੱਗ ਰਹੇ ਹਨ; ਕਿਤੇ ਜੀਵਾਂ ਦਾ ਮੇਲ ਹੈ, ਕਿਤੇ ਵਿਛੋੜਾ ਹੈ; ਕਿਤੇ ਭੁੱਖ (ਸਤਾ ਰਹੀ ਹੈ), ਕਿਤੇ ਪਦਾਰਥਾਂ ਦਾ ਭੋਗ ਹੈ (ਭਾਵ, ਕਿਤੇ ਕਈ ਪਦਾਰਥ ਛਕੇ ਜਾ ਰਹੇ ਹਨ);

ਕਿਤੇ (ਕੁਦਰਤ ਦੇ ਮਾਲਕ ਦੀ) ਸਿਫ਼ਤ ਸਲਾਹ ਹੋ ਰਹੀ ਹੈ, ਕਿਤੇ ਔਝੜ ਹੈ, ਕਿਤੇ ਰਸਤੇ ਹਨ—ਇਹ ਅਚਰਜ ਖੇਡ ਵੇਖ ਕੇ ਮਨ ਵਿਚ ਹੈਰਤ ਹੋ ਰਹੀ ਹੈ।

(ਕੋਈ ਆਖਦਾ ਹੈ ਰੱਬ) ਨੇੜੇ ਹੈ, (ਕੋਈ ਆਖਦਾ ਹੈ) ਦੂਰ ਹੈ; (ਕੋਈ ਆਖਦਾ ਹੈ ਕਿ) ਸਭ ਥਾਈਂ ਵਿਆਪਕ ਹੋ ਕੇ ਜੀਵਾਂ ਦੀ ਸੰਭਾਲ ਕਰ ਰਿਹਾ ਹੈ—ਇਸ ਅਚਰਜ ਕੋਤਕ ਨੂੰ ਤੱਕ ਕੇ ਝਰਨਾਟ ਛਿੜ ਰਹੀ ਹੈ। ਹੇ ਨਾਨਕ! ਇਸ ਇਲਾਹੀ ਤਮਾਸ਼ੇ ਨੂੰ ਵੱਡੇ ਭਾਗਾਂ ਨਾਲ ਹੀ ਸਮਝਿਆ ਜਾ ਸਕਦਾ ਹੈ।੧।

ਮਹਲਾ ੧ ॥

ਕੁਦਰਤਿ ਦਿਸੈ ਕੁਦਰਤਿ ਸੁਣੀਐ ਕੁਦਰਤਿ ਭਉ ਸੁਖ ਸਾਰੁ ॥ ਕੁਦਰਤਿ ਪਾਤਾਲੀ ਆਕਾਸੀ ਕੁਦਰਤਿ ਸਰਬ ਆਕਾਰੁ ॥ ਕੁਦਰਤਿ ਵੇਦ ਪੁਰਾਣ ਕਤੇਬਾ ਕੁਦਰਤਿ ਸਰਬ ਵੀਚਾਰੁ ॥ ਕੁਦਰਤਿ ਖਾਣਾ ਪੀਣਾ ਪੈਨ੍ਣੁ ਕੁਦਰਤਿ ਸਰਬ ਪਿਆਰੁ ॥ ਕੁਦਰਤਿ ਜਾਤੀ ਜਿਨਸੀ ਰੰਗੀ ਕੁਦਰਤਿ ਜੀਅ ਜਹਾਨ ॥ ਕੁਦਰਤਿ ਨੇਕੀਆ ਕੁਦਰਤਿ ਬਦੀਆ ਕੁਦਰਤਿ ਮਾਨੁ ਅਭਿਮਾਨੁ ॥ ਕੁਦਰਤਿ ਪਉਣੁ ਪਾਣੀ ਬੈਸੰਤਰੁ ਕੁਦਰਤਿ ਧਰਤੀ ਖਾਕੁ ॥ ਸਭ ਤੇਰੀ ਕੁਦਰਤਿ ਤੂੰ ਕਾਦਿਰੁ ਕਰਤਾ ਪਾਕੀ ਨਾਈ ਪਾਕੁ ॥ ਨਾਨਕ ਹੁਕਮੈ ਅੰਦਰਿ ਵੇਖੈ ਵਰਤੈ ਤਾਕੋ ਤਾਕੁ ॥੨॥

ਪਦ ਅਰਥ :—ਕੁਦਰਤਿ—ਕਲਾ, ਵਿਡਾਣੁ, ਅਚਰਜ ਤਮਾਸ਼ਾ। ਦਿਸੈ—ਜੋ ਕੁਝ ਦਿੱਸ ਰਿਹਾ ਹੈ। ਸੁਖ ਸਾਰੁ—ਸੁਖਾਂ ਦਾ ਸਾਰ। ਸਰਬ ਆਕਾਰੁ—ਸਾਰਾ ਦ੍ਰਿਸ਼ਟਮਾਨ ਸਰੂਪ, ਸਾਰਾ ਜਗਤ। ਕਤੇਬਾ—ਮੁਸਲਮਾਨਾਂ

ਤੇ ਈਸਾਈਆਂ ਦੀਆ ਧਰਮ-ਪੁਸਤਕਾਂ। ਸਰਬ ਵੀਚਾਰੁ—ਸਾਰਾ ਵਿਚਾਰ, ਸਾਰੀ ਵਿਚਾਰ, ਸਾਰੀ ਵਿਚਾਰ-ਸੱਤਾ। ਜੀਅ ਜਹਾਨ—ਜਗਤ ਦੇ ਜੀਵਾਂ ਵਿਚ। ਮਾਨੁ—ਆਦਰ। ਅਭਿਮਾਨੁ—ਅਹੰਕਾਰੁ। ਬੈਸੰਤਰੁ—ਅੱਗ। ਪਾਕੀ—ਪਵਿੱਤਰ। ਨਾਈ—ਵਡਿਆਈ, ਸਿਫ਼ਤ। ਪਾਕੁ—(ਤੂੰ ਆਪ) ਪਵਿੱਤਰ (ਹੈਂ)। ਵੇਖੈ—ਸੰਭਾਲ ਕਰਦਾ ਹੈ। ਤਾਕੋ ਤਾਕੁ—ਇਕੱਲਾ ਆਪ ਹੀ ਆਪ। ਵਰਤੈ—ਵਰਤ ਰਿਹਾ ਹੈ, ਮੌਜੂਦ ਹੈ।

ਅਰਥ :—(ਹੇ ਪ੍ਰਭੂ!) ਜੋ ਕੁਝ ਦਿੱਸ ਰਿਹਾ ਹੈ ਤੇ ਜੋ ਕੁਝ ਸੁਣੀਆ ਰਿਹਾ ਹੈ, ਇਹ ਸਭ ਤੇਰੀ ਹੀ ਕਲਾ ਹੈ। ਇਹ ਭਉ ਜੋ ਸੁਖਾਂ ਦਾ ਮੂਲ ਹੈ, ਇਹ ਭੀ ਤੇਰੀ ਹੀ ਕੁਦਰਤ ਹੈ। ਪਤਾਲਾਂ ਤੇ ਅਕਾਸ਼ਾਂ ਵਿਚ ਤੇਰੀ ਹੀ ਕੁਦਰਤ ਹੈ, ਇਹ ਸਾਰਾ ਅਕਾਰ (ਭਾਵ, ਇਹ ਸਾਰਾ ਜਗਤ ਜੋ ਦਿਸ ਰਿਹਾ ਹੈ) ਤੇਰੀ ਹੀ ਅਸਚਰਜ ਖੇਡ ਹੈ।

ਵੇਦ, ਪੁਰਾਣ ਤੇ ਕਤੇਬਾਂ, (ਹੋਰ ਭੀ) ਸਾਰੀ ਵਿਚਾਰ-ਸੱਤਾ ਤੇਰੀ ਹੀ ਕਲਾ ਹੈ; (ਜੀਵਾਂ ਦਾ) ਖਾਣ, ਪੀਣ, ਪੈਨ੍ਹਣ (ਦਾ ਵਿਹਾਰ) ਅਤੇ (ਜਗਤ ਵਿਚ) ਸਾਰਾ ਪਿਆਰ (ਦਾ ਜਜ਼ਬਾ) ਇਹ ਸਭ ਤੇਰੀ ਹੀ ਕੁਦਰਤ ਹੈ।

ਜਾਤਾਂ ਵਿਚ, ਜਿਨਸਾਂ ਵਿਚ, ਰੰਗਾਂ ਵਿਚ, ਜਗਤ ਦੇ ਜੀਵਾਂ ਵਿਚ ਤੇਰੀ ਹੀ ਕੁਦਰਤ ਵਰਤ ਰਹੀ ਹੈ, (ਜਗਤ ਵਿਚ) ਕਿਤੇ ਭਲਾਈ ਦੇ ਕੰਮ ਹੋ ਰਹੇ ਹਨ, ਕਿਤੇ ਵਿਕਾਰ ਹਨ, ਕਿਤੇ ਕਿਸੇ ਦਾ ਆਦਰ ਹੋ ਰਿਹਾ ਹੈ, ਕਿਤੇ ਅਹੰਕਾਰ ਪਰਧਾਨ ਹੈ—ਇਹ ਸਭ ਤੇਰਾ ਅਚਰਜ ਕੌਤਕ ਹੈ।

ਪਉਣ, ਪਾਣੀ, ਅੱਗ, ਧਰਤੀ ਦੀ ਖ਼ਾਕ (ਆਦਿਕ ਤੱਤ) ਇਹ ਸਾਰੇ ਤੇਰਾ ਹੀ ਤਮਾਸ਼ਾ ਹਨ। (ਹੇ ਪ੍ਰਭੂ!) ਸਭ ਤੇਰੀ ਕਲਾ ਵਰਤ ਰਹੀ ਹੈ, ਤੂੰ ਕੁਦਰਤ ਦਾ ਮਾਲਕ ਹੈਂ, ਤੂੰ ਇਸ ਖੇਲ ਦਾ ਰਚਨਹਾਰ ਹੈਂ, ਤੇਰੀ ਵਡਿਆਈ ਸੁੱਚੀ ਤੋਂ ਸੁੱਚੀ ਹੈ, ਤੂੰ ਆਪ ਪਵਿੱਤਰ (ਹਸਤੀ ਵਾਲਾ) ਹੈਂ।

ਹੇ ਨਾਨਕ! ਪ੍ਰਭੂ (ਇਸ ਸਾਰੀ ਕੁਦਰਤ ਨੂੰ) ਆਪਣੇ ਹੁਕਮ

ਵਿਚ (ਰੱਖ ਕੇ) (ਸਭ ਦੀ) ਸੰਭਾਲ ਕਰ ਰਿਹਾ ਹੈ, (ਤੇ ਸਭ ਥਾਈਂ ਇਕੱਲਾ) ਆਪ ਹੀ ਆਪ ਮੌਜੂਦ ਹਨ ।੨।

ਪਉੜੀ ॥

ਆਪੀਨ੍ਹੈ ਭੋਗ ਭੋਗਿ ਕੈ ਹੋਇ ਭਸਮੜਿ ਭਉਰੁ ਸਿਧਾਇਆ ॥ ਵਡਾ ਹੋਆ ਦੁਨੀਦਾਰੁ ਗਲਿ ਸੰਗਲੁ ਘਤਿ ਚਲਾਇਆ ॥ ਅਗੈ ਕਰਣੀ ਕੀਰਤਿ ਵਾਚੀਐ ਬਹਿ ਲੇਖਾ ਕਰਿ ਸਮਝਾਇਆ ॥ ਥਾਉ ਨ ਹੋਵੀ ਪਉਦੀਈ ਹੁਣਿ ਸੁਣਿਐ ਕਿਆ ਰੂਆਇਆ ॥ ਮਨਿ ਅੰਧੈ ਜਨਮੁ ਗਵਾਇਆ ॥੩॥

ਪਦ ਅਰਥ :—ਭੋਗ—ਪਦਾਰਥਾਂ ਦੇ ਭੋਗ। ਭੋਗਿ ਕੈ—ਮਾਣ ਕੇ, ਵਰਤ ਕੇ। ਹੋਇ—ਹੋ ਕੇ। ਭਸਮੜਿ—ਭਸਮ ਦੀ ਮੜ੍ਹੀ, ਮਿੱਟੀ ਦੀ ਢੇਰੀ। ਭਉਰੁ—ਆਤਮਾ। ਵਡਾ ਹੋਆ—ਮਰ ਗਿਆ। ਦੁਨੀਦਾਰੁ—ਦੁਨੀਆਦਾਰੁ, ਦੁਨੀਆ ਵਿਚ ਖਚਿਤ ਹੋਇਆ ਹੋਇਆ ਜੀਵ। ਗਲਿ—ਗਲ ਵਿਚ। ਘਤਿ—ਪਾ ਕੇ। ਚਲਾਇਆ—ਅੱਗੇ ਲਾ ਲਿਆ। ਅਗੈ—ਪਰਲੋਕ ਵਿਚ। ਕਰਣੀ—ਕਿਰਤ-ਕਮਾਈ। ਕੀਰਤਿ—ਵਡਿਆਈ, ਸਿਫ਼ਤ-ਸਲਾਹ। ਵਾਚੀਐ—ਵਾਚੀ ਜਾਂਦੀ ਹੈ, ਲੇਖੇ ਵਿਚ ਗਿਣੀ ਜਾਂਦੀ ਹੈ। ਬਹਿ—ਬੈਠ ਕੇ, ਭਾਵ, ਧੀਰਜ ਨਾਲ, ਚੰਗੀ ਤਰ੍ਹਾਂ। ਥਾਉ ਨ ਹੋਵੀ—ਢੋਈ ਨਹੀਂ ਮਿਲਦੀ। ਪਉਦੀਈ—ਪੈਂਦਿਆਂ, ਜੁੱਤੀਆਂ ਪੈਂਦਿਆਂ। ਹੁਣਿ—ਐਸ ਵੇਲੇ, ਜਦੋਂ ਮਾਰ ਪੈਂਦੀ ਹੈ। ਕਿਆ ਰੂਆਇਆ—ਕਿਹੜੀ ਪੁਕਾਰ, ਕਿਹੜਾ ਰੋਣ, ਕਿਹੜਾ ਤਰਲਾ। ਸੁਣੀਐ—ਸੁਣਿਆ ਜਾਂਦਾ ਹੈ। ਮਨਿ—ਮਨ ਨੇ। ਅੰਧੈ—ਅੰਧੇ ਨੇ। ਗਵਾਇਆ—ਵਿਅਰਥ ਕਰ ਲਿਆ।੩।

ਅਰਥ :—ਰੱਬ ਆਪ ਹੀ (ਜੀਵ ਰੂਪ ਹੋ ਕੇ) ਪਦਾਰਥਾਂ ਦੇ ਰੰਗ ਮਾਣਦਾ ਹੈ, (ਇਹ ਭੀ ਉਸ ਦੀ ਅਚਰਜ ਕੁਦਰਤ ਹੈ)। (ਸਰੀਰ) ਮਿੱਟੀ

ਦੀ ਢੇਰੀ ਹੋ ਜਾਂਦੀ ਹੈ (ਤੇ ਆਖ਼ਰ ਜੀਵਾਤਮਾ ਰੂਪ) ਭਉਰ (ਸਰੀਰ ਨੂੰ ਛੱਡ ਕੇ) ਤੁਰ ਪੈਂਦਾ ਹੈ। (ਇਸ ਤਰ੍ਹਾਂ ਦਾ) ਦੁਨੀਆ ਦੇ ਧੰਦਿਆਂ ਵਿਚ ਫਸਿਆ ਹੋਇਆ ਜੀਵ (ਜਦੋਂ) ਮਰਦਾ ਹੈ, (ਇਸ ਦੇ) ਗਲ ਵਿਚ ਸੰਗਲ ਪਾ ਕੇ ਅੱਗੇ ਲਾ ਲਿਆ ਜਾਂਦਾ ਹੈ (ਭਾਵ, ਮਾਇਆ ਵਿਚ ਵੇੜ੍ਹਿਆ ਹੋਇਆ ਜੀਵ ਜਗਤ ਨੂੰ ਛੱਡਣਾ ਨਹੀਂ ਚਾਹੁੰਦਾ ਤੇ 'ਹੰਸ ਚਲਸੀ ਡੁਮਣਾ')।

ਪਰਲੋਕ ਵਿਚ, ਭਾਵ, ਧਰਮਰਾਜ ਦੇ ਦਰਬਾਰ ਵਿਚ, (ਵੇਖੋ ਪਉੜੀ ੨) ਰੱਬ ਦੀ ਸਿਫ਼ਤ-ਸਲਾਹ ਰੂਪ ਕਮਾਈ ਹੀ ਕਬੂਲ ਪੈਂਦੀ ਹੈ, ਉਥੇ (ਜੀਵ ਦੇ ਕੀਤੇ ਕਰਮਾਂ ਦਾ) ਹਿਸਾਬ ਚੰਗੀ ਤਰ੍ਹਾਂ (ਇਸ ਨੂੰ) ਸਮਝਾ ਦਿੱਤਾ ਜਾਂਦਾ ਹੈ।

(ਮਾਇਆ ਦੇ ਭੋਗਾਂ ਵਿਚ ਹੀ ਫਸੇ ਰਹਿਣ ਦੇ ਕਾਰਨ) ਉਥੇ ਮਾਰ ਪੈਂਦੇ ਨੂੰ ਕਿਤੇ ਢੋਈ ਨਹੀਂ ਮਿਲਦੀ, ਉਸ ਵੇਲੇ ਇਸ ਦੀ ਕੋਈ ਭੀ ਕੂਕ-ਪੁਕਾਰ ਸੁਣੀ ਨਹੀਂ ਜਾਂਦੀ।

ਮੂਰਖ ਮਨ (ਵਾਲਾ ਜੀਵ) ਆਪਣਾ (ਮਨੁੱਖਾ) ਜਨਮ ਅਜਾਈਂ ਗਵਾ ਲੈਂਦਾ ਹੈ।੩।

ਸਲੋਕ ਮ: ੧ ॥

ਭੈ ਵਿਚਿ ਪਵਣੁ ਵਹੈ ਸਦਵਾਉ ॥ ਭੈ ਵਿਚਿ ਚਲਹਿ ਲਖ ਦਰੀਆਉ ॥ ਭੈ ਵਿਚਿ ਅਗਨਿ ਕਢੈ ਵੇਗਾਰਿ ॥ ਭੈ ਵਿਚਿ ਧਰਤੀ ਦਬੀ ਭਾਰਿ ॥ ਭੈ ਵਿਚਿ ਇੰਦੁ ਫਿਰੈ ਸਿਰ ਭਾਰਿ ॥ ਭੈ ਵਿਚਿ ਰਾਜਾ ਧਰਮ ਦੁਆਰੁ ॥ ਭੈ ਵਿਚਿ ਸੂਰਜੁ ਭੈ ਵਿਚਿ ਚੰਦੁ ॥ ਕੋਹ ਕਰੋੜੀ ਚਲਤ ਨ ਅੰਤੁ ॥ ਭੈ ਵਿਚਿ ਸਿਧ ਬੁਧ ਸੁਰ ਨਾਥ ॥ ਭੈ ਵਿਚਿ ਆਡਾਣੇ ਆਕਾਸ ॥ ਭੈ ਵਿਚਿ ਜੋਧ ਮਹਾਬਲ ਸੂਰ ॥ ਭੈ ਵਿਚਿ ਆਵਹਿ ਜਾਵਹਿ ਪੂਰ ॥ ਸਗਲਿਆ ਭਉ

ਲਿਖਿਆ ਸਿਰਿ ਲੇਖੁ ॥ ਨਾਨਕ ਨਿਰਭਉ ਨਿਰੰਕਾਰੁ ਸਚੁ ਏਕੁ ॥੧॥

ਨੋਟ–ਸੱਤਿਆਰਥ ਪ੍ਰਕਾਸ਼ ਦੇ ਕਰਤਾ ਨੇ ਗੁਰੂ ਨਾਨਕ ਸਾਹਿਬ ਉੱਤੇ ਇਹ ਦੂਸ਼ਨ ਲਾਇਆ ਹੈ ਕਿ ਉਹ ਸੰਸਕ੍ਰਿਤ ਨਹੀਂ ਜਾਣਦੇ ਸਨ, ਪਰ ਆਪਣੇ ਆਪ ਨੂੰ ਸੰਸਕ੍ਰਿਤ ਦਾ ਵਿਦਵਾਨ ਪਰਗਟ ਕਰਨ ਦਾ ਜਤਨ ਕਰਦੇ ਸਨ, ਕਿਉਂਕਿ ਉਹਨਾਂ ਨੇ ਸੰਸਕ੍ਰਿਤ 'ਭਯ' ਦੇ ਥਾਂ 'ਭਉ' ਵਰਤਿਆ ਹੈ।

ਇਸ ਮਜ਼ਮੂਨ ਸੰਬੰਧੀ ਜੋ ਸੱਜਣ ਵਿਸਥਾਰ-ਪੂਰਬਕ ਵਿਚਾਰ ਪੜ੍ਹਨੀ ਚਾਹੁੰਦੇ ਹੋਣ, ਉਹ ਮੇਰੇ 'ਗੁਰਬਾਣੀ ਵਿਆਕਰਣ' ਦੇ ਅੰਕ 'ਵਰਣ-ਬੋਧ' ਨੂੰ ਪੜ੍ਹਨ।

ਪਦ ਅਰਥ :–ਭੈ ਵਿਚਿ–ਡਰ ਵਿਚ। ਪਵਣੁ ਵਹੈ–ਹਵਾ ਵਗਦੀ ਹੈ। ਸਦਵਾਉ–ਸਦਾ-ਏਵ, ਸਦਾ ਹੀ। ਚਲਹਿ–ਚਲਦੇ ਹਨ। ਕਢੈ ਵੇਗਾਰਿ–ਵਗਾਰ ਕੱਢਦੀ ਹੈ। ਭਾਰਿ–ਭਾਰ ਦੇ ਹੇਠ। ਇੰਦੁ–ਇੰਦਰ ਦੇਵਤਾ, ਬੱਦਲ। ਫਿਰੈ–ਫਿਰਦਾ ਹੈ। ਸਿਰ ਭਾਰਿ–ਸਿਰ ਦੇ ਭਾਰ। ਰਾਜਾ ਧਰਮ ਦੁਆਰੁ–ਧਰਮ ਰਾਜੇ ਦਾ ਦੁਆਰ। ਕੋਹ ਕਰੋੜੀ–ਕਰੋੜਾਂ ਕੋਹ। ਸਿਧ–ਅਣਿਮਾ ਆਦਿਕ ਅੱਠ ਸਿੱਧੀਆਂ ਨੂੰ ਜਿਨ੍ਹਾਂ ਮਹਾਤਮਾ ਲੋਕਾਂ ਨੇ ਪ੍ਰਾਪਤ ਕਰ ਲਿਆ ਹੁੰਦਾ ਸੀ, ਉਹਨਾਂ ਨੂੰ ਸਿਧ ਕਿਹਾ ਜਾਂਦਾ ਸੀ, ਪੁਗੇ ਹੋਏ ਜੋਗੀ। ਬੁਧ–ਗਿਆਨਵਾਨ, ਜੋ ਜਗਤ ਦੇ ਮਾਇਕ ਬੰਧਨਾਂ ਤੋਂ ਮੁਕਤ ਹਨ। ਆਡਾਣੇ–ਤਣੇ ਹੋਏ। ਮਹਾਬਲ–ਵੱਡੇ ਬਲ ਵਾਲੇ। ਆਵਹਿ–(ਜੋ ਭੀ ਜੀਵ ਜਗਤ ਵਿਚ) ਆਉਂਦੇ ਹਨ। ਪੂਰ–ਸਾਰੇ ਦੇ ਸਾਰੇ ਜੀਵ ਜੋ ਇਸ ਸੰਸਾਰ-ਸਾਗਰ ਵਿਚ ਜ਼ਿੰਦਗੀ ਰੂਪ ਬੇੜੀ ਵਿਚ ਬੈਠੇ ਹੋਏ ਹਨ। ਸਗਲਿਆ ਸਿਰਿ–ਸਾਰੇ ਜੀਵਾਂ ਦੇ ਸਿਰ ਉੱਤੇ। ਲੇਖੁ ਲਿਖਿਆ–ਭਉ ਰੂਪੀ ਲੇਖ ਲਿਖਿਆ ਹੋਇਆ ਹੈ।

ਅਰਥ :–ਹਵਾ ਸਦਾ ਹੀ ਰੱਬ ਦੇ ਡਰ ਵਿਚ ਚਲ ਰਹੀ ਹੈ। ਲੱਖਾਂ ਦਰੀਆਉ ਭੀ ਭੈ ਵਿਚ ਹੀ ਵਗ ਰਹੇ ਹਨ।

ਅੱਗ ਜੋ ਸੇਵਾ ਕਰ ਰਹੀ ਹੈ, ਇਹ ਭੀ ਰੱਬ ਦੇ ਭੈ ਵਿਚ ਹੀ ਹੈ। ਸਾਰੀ ਧਰਤੀ ਰੱਬ ਦੇ ਡਰ ਦੇ ਕਾਰਨ ਹੀ ਭਾਰ ਹੇਠ ਨੱਪੀ ਪਈ ਹੈ।

ਰੱਬ ਦੇ ਭੈ ਵਿਚ ਇੰਦਰ ਰਾਜਾ ਸਿਰ ਦੇ ਭਾਰ ਫਿਰ ਰਿਹਾ ਹੈ (ਭਾਵ, ਮੇਘ ਉਸ ਦੀ ਰਜ਼ਾ ਵਿਚ ਹੀ ਉਡ ਰਹੇ ਹਨ)। ਧਰਮ ਰਾਜ ਦਾ ਦਰਬਾਰ ਭੀ ਰੱਬ ਦੇ ਡਰ ਵਿਚ ਹੈ।

ਸੂਰਜ ਭੀ ਤੇ ਚੰਦ੍ਰਮਾ ਭੀ ਰੱਬ ਦੇ ਹੁਕਮ ਵਿਚ ਹਨ, ਕ੍ਰੋੜਾਂ ਕੋਹਾਂ ਚਲਦਿਆਂ ਦੇ ਪੈਂਡੇ ਦਾ ਓੜਕ ਨਹੀਂ ਆਉਂਦਾ।

ਸਿੱਧ, ਬੁਧ, ਦੇਵਤੇ ਤੇ ਨਾਥ–ਸਾਰੇ ਰੱਬ ਦੇ ਭੈ ਵਿਚ ਹਨ। ਇਹ ਉਪਰ ਤਣੇ ਹੋਏ ਅਕਾਸ਼ (ਜੋ ਦਿੱਸਦੇ ਹਨ, ਇਹ ਭੀ) ਭੈ ਵਿਚ ਹੀ ਹਨ।

ਬੜੇ ਬੜੇ ਬਲ ਵਾਲੇ ਜੋਧੇ ਤੇ ਸੂਰਮੇ ਸਭ ਰੱਬ ਦੇ ਭੈ ਵਿਚ ਹਨ। ਪੂਰਾਂ ਦੇ ਪੂਰ ਜੀਵ, ਜੋ ਜਗਤ ਵਿਚ ਜੰਮਦੇ ਤੇ ਮਰਦੇ ਹਨ, ਸਭ ਭੈ ਵਿਚ ਹਨ।

ਸਾਰੇ ਹੀ ਜੀਵਾਂ ਦੇ ਮੱਥੇ ਤੇ ਭਉ ਰੂਪ ਲੇਖ ਲਿਖਿਆ ਹੋਇਆ ਹੈ, ਭਾਵ, ਪ੍ਰਭੂ ਦਾ ਨਿਯਮ ਹੀ ਐਸਾ ਹੈ ਕਿ ਸਾਰੇ ਉਸ ਦੇ ਭੈ ਵਿਚ ਹਨ। ਹੇ ਨਾਨਕ ! ਕੇਵਲ ਇਕ ਸੱਚਾ ਨਿਰੰਕਾਰ ਹੀ ਭੈ-ਰਹਿਤ ਹੈ ।੧।

ਮ: ੧ ॥

ਨਾਨਕ ਨਿਰਭਉ ਨਿਰੰਕਾਰੁ ਹੋਰੁ ਕੇਤੇ ਰਾਮ ਰਵਾਲ ॥ ਕੇਤੀਆ ਕੰਨ੍ ਕਹਾਣੀਆ ਕੇਤੇ ਬੇਦ ਬੀਚਾਰ ॥ ਕੇਤੇ ਨਚਹਿ ਮੰਗਤੇ ਗਿੜਿ ਮੁੜਿ ਪੂਰਹਿ ਤਾਲ ॥ ਬਾਜਾਰੀ ਬਾਜਾਰ ਮਹਿ ਆਇ ਕਢਹਿ ਬਾਜਾਰ ॥ ਗਾਵਹਿ ਰਾਜੇ ਰਾਣੀਆ ਬੋਲਹਿ ਆਲ ਪਤਾਲ ॥ ਲਖ ਟਕਿਆ ਕੇ

ਮੁੰਦੜੇ ਲਖ ਟਕਿਆ ਕੇ ਹਾਰ ॥ ਜਿਤੁ ਤਨਿ ਪਾਈਅਹਿ ਨਾਨਕਾ ਸੇ ਤਨ ਹੋਵਹਿ ਛਾਰ ॥ ਗਿਆਨੁ ਨ ਗਲੀਈ ਢੂਢੀਐ ਕਥਨਾ ਕਰੜਾ ਸਾਰੁ ॥ ਕਰਮਿ ਮਿਲੈ ਤਾ ਪਾਈਐ ਹੋਰ ਹਿਕਮਤਿ ਹੁਕਮੁ ਖੁਆਰੁ ॥੨॥

ਪਦ ਅਰਥ :–ਹੋਰਿ–(ਨਿਰੰਕਾਰ ਤੋਂ ਬਿਨਾ) ਹੋਰ ਸਾਰੇ। ਰਵਾਲ–ਧੂੜ, (ਭਾਵ, ਤੁੱਛ)। ਕੇਤੀਆ–ਕਿੰਨੀਆਂ ਹੀ, ਬੇਅੰਤ। ਕੰਨ੍ ਕਹਾਣੀਆ–ਕ੍ਰਿਸ਼ਨ ਜੀ ਦੀਆਂ ਕਹਾਣੀਆਂ। ਗਿੜਿ ਮੁੜਿ–ਭਉਂ ਭਉਂ ਕੇ, ਪਰਤ ਪਰਤ ਕੇ। ਬਾਜਾਰੀ–ਰਾਸਧਾਰੀਏ। ਆਇ ਕਢਹਿ ਬਾਜਾਰ–ਆ ਕੇ ਰਾਸਾਂ ਪਾਂਦੇ ਹਨ। ਆਲ–ਚਾਲ, ਠੱਗੀ। ਆਲ ਪਤਾਲ–ਪਤਾਲ ਦੇ ਆਲ, ਬੜੇ ਡੂੰਘੇ ਚਾਲਾਂ ਦੇ ਬਚਨ, ਉਹ ਬਚਨ ਜੋ ਦੂਜਿਆਂ ਦੀ ਸਮਝ ਵਿਚ ਨਾ ਆਉਣ। ਮੁੰਦੜੇ–ਸੋਹਣੇ ਸੋਹਣੇ ਵਾਲੇ। ਜਿਤੁ ਤਨਿ–ਜਿਸ ਜਿਸ ਸਰੀਰ ਉੱਤੇ। ਪਾਈਅਹਿ–ਪਾਏ ਜਾਂਦੇ ਹਨ। ਗਲੀਈ–ਗੱਲਾਂ ਦੀ ਰਾਹੀਂ। ਕਥਨਾ–ਬਿਆਨ ਕਰਨਾ। ਸਾਰੁ–ਲੋਹਾ। ਕਰਮਿ–(ਪ੍ਰਭੂ ਦੀ) ਬਖਸ਼ਸ਼ ਨਾਲ। ਹਿਕਮਤਿ–ਚਲਾਕੀ, ਢੰਗ।

ਅਰਥ :–ਹੇ ਨਾਨਕ! ਇਕ ਨਿਰੰਕਾਰ ਹੀ ਭੈ ਰਹਿਤ ਹੈ, (ਅਵਤਾਰੀ) ਰਾਮ ਜੀ ਵਰਗੇ ਕਈ ਹੋਰ (ਉਸ ਨਿਰੰਕਾਰ ਦੇ ਸਾਹਮਣੇ) ਤੁੱਛ ਹਨ; (ਉਸ ਨਿਰੰਕਾਰ ਦੇ ਗਿਆਨ ਦੇ ਟਾਕਰੇ ਤੇ) ਕ੍ਰਿਸ਼ਨ (ਜੀ) ਦੀਆਂ ਕਈ ਸਾਖੀਆਂ ਤੇ ਵੇਦਾਂ ਦੇ ਕਈ ਵੀਚਾਰ ਭੀ ਤੁੱਛ ਹਨ।

(ਉਸ ਨਿਰੰਕਾਰ ਦਾ ਗਿਆਨ ਪ੍ਰਾਪਤ ਕਰਨ ਲਈ) ਕਈ ਮਨੁੱਖ ਮੰਗਤੇ ਬਣ ਨੱਚਦੇ ਹਨ ਤੇ ਕਈ ਤਰ੍ਹਾਂ ਦੇ ਤਾਲ ਪੂਰਦੇ ਹਨ, ਰਾਸਧਾਰੀਏ ਭੀ ਬਾਜ਼ਾਰਾਂ ਵਿਚ ਆ ਕੇ ਰਾਸਾਂ ਪਾਂਦੇ ਹਨ, ਰਾਜਿਆਂ ਤੇ ਰਾਣੀਆਂ ਦੇ ਸਰੂਪ ਬਣਾ ਬਣਾ ਕੇ ਗਾਉਂਦੇ ਹਨ ਤੇ (ਮੂੰਹੋਂ) ਕਈ ਢੰਗਾਂ ਦੇ ਬਚਨ ਬੋਲਦੇ ਹਨ। ਲੱਖਾਂ ਰੁਪਿਆਂ ਦੇ (ਭਾਵ, ਕੀਮਤੀ) ਵਾਲੇ ਤੇ ਹਾਰ ਪਾਂਦੇ ਹਨ; ਪਰ, ਹੇ ਨਾਨਕ! (ਉਹ ਵਿਚਾਰੇ ਇਹ

ਨਹੀਂ ਜਾਣਦੇ ਕਿ ਇਹ ਵਾਲੇ ਤੇ ਹਾਰ ਤਾਂ) ਜਿਸ ਜਿਸ ਸਰੀਰ ਉੱਤੇ ਪਾਈਦੇ ਹਨ, ਉਹ ਸਰੀਰ (ਅੰਤ ਨੂੰ) ਸੁਆਹ ਹੋ ਜਾਂਦੇ ਹਨ (ਤੇ ਇਸ ਗਾਉਣ ਨੱਚਣ ਨਾਲ, ਏਹਨਾਂ ਵਾਲਿਆਂ ਤੇ ਹਾਰਾਂ ਦੇ ਪਹਿਨਣ ਨਾਲ 'ਗਿਆਨ' ਕਿਵੇਂ ਮਿਲ ਸਕਦਾ ਹੈ?)

ਗਿਆਨ ਨਿਰੀਆਂ ਗੱਲਾਂ ਨਾਲ ਨਹੀਂ ਭਾਲਿਆ ਜਾ ਸਕਦਾ, (ਗਿਆਨ ਕਿਵੇਂ ਮਿਲ ਸਕਦਾ ਹੈ-ਇਸ ਗੱਲ ਦਾ) ਬਿਆਨ ਕਰਨਾ ਇਉਂ ਕਰੜਾ ਹੈ ਜਿਵੇਂ ਲੋਹਾ (ਭਾਵ, ਬਹੁਤ ਔਖਾ ਹੈ)। (ਹਾਂ) ਰੱਬ ਦੀ ਮਿਹਰ ਨਾਲ ਮਿਲ ਜਾਏ ਤਾਂ ਮਿਲ ਪੈਂਦਾ ਹੈ, (ਮਿਹਰ ਤੋਂ ਬਿਨਾ ਕੋਈ) ਹੋਰ ਚਾਰਾਜੋਈ ਤੇ ਹੁਕਮ (ਵਰਤਣਾ) ਵਿਅਰਥ ਹੈ।੨।

ਪਉੜੀ ॥

ਨਦਰਿ ਕਰਹਿ ਜੇ ਆਪਣੀ ਤਾ ਨਦਰੀ ਸਤਿਗੁਰੁ ਪਾਇਆ ॥ ਏਹੁ ਜੀਉ ਬਹੁਤੇ ਜਨਮ ਭਰੰਮਿਆ ਤਾ ਸਤਿਗੁਰਿ ਸਬਦੁ ਸੁਣਾਇਆ ॥ ਸਤਿਗੁਰ ਜੇਵਡੁ ਦਾਤਾ ਕੋ ਨਹੀ ਸਭਿ ਸੁਣਿਅਹੁ ਲੋਕ ਸਬਾਇਆ ॥ ਸਤਿਗੁਰਿ ਮਿਲਿਐ ਸਚੁ ਪਾਇਆ ਜਿਨੀ ਵਿਚਹੁ ਆਪੁ ਗਵਾਇਆ ॥ ਜਿਨਿ ਸਚੋ ਸਚੁ ਬੁਝਾਇਆ ॥੪॥

ਪਦ ਅਰਥ :-ਨਦਰਿ-ਮਿਹਰ ਦੀ ਨਜ਼ਰ। ਕਰਹਿ-(ਹੇ ਪ੍ਰਭੂ ਤੂੰ) ਕਰਹਿ। ਨਦਰੀ-ਤੇਰੀ ਮਿਹਰ ਦੀ ਨਜ਼ਰ ਨਾਲ। ਭਰੰਮਿਆ-ਭਟਕ ਚੁਕਿਆ। ਸਤਿਗੁਰਿ-ਸਤਿਗੁਰ ਨੇ। ਸਭਿ ਲੋਕ ਸਬਾਇਆ-ਹੇ ਸਾਰੇ ਲੋਕੋ! ਸਤਿਗੁਰਿ ਮਿਲਿਐ-ਜੇ ਸਤਿਗੁਰ ਮਿਲ ਪਏ, (ਕਿਹੜਾ ਸਤਿਗੁਰੂ? ਉੱਤਰ: "ਜਿਨਿ ਸਚੋ ਸਚੁ ਬੁਝਾਇਆ")। ਸਚੁ-ਸਦਾ ਕਾਇਮ ਰਹਿਣ ਵਾਲਾ ਪ੍ਰਭੂ। ਜਿਨੀ-ਜਿਨ੍ਹਾਂ ਮਨੁੱਖਾਂ ਨੇ। ਆਪੁ-ਆਪਣਾ ਆਪ, ਅਪਣੱਤ, ਅਹੰਕਾਰ। ਸਚੋ ਸਚੁ-ਨਿਰੋਲ ਸੱਚ, ਸੱਚ ਹੀ ਸੱਚ। ਬੁਝਾਇਆ-ਸਮਝਾ ਦਿਤਾ। ਜਿਨਿ-ਜਿਸ (ਗੁਰੂ) ਨੇ।

ਅਰਥ :—ਹੇ ਪ੍ਰਭੂ ! ਜੇ ਤੂੰ (ਜੀਵ ਉੱਤੇ) ਮਿਹਰ ਦੀ ਨਜ਼ਰ ਕਰੇਂ, ਤਾਂ ਉਸ ਨੂੰ ਤੇਰੀ ਕਿਰਪਾ-ਦ੍ਰਿਸ਼ਟੀ ਨਾਲ ਸਤਿਗੁਰੂ ਮਿਲ ਪੈਂਦਾ ਹੈ ।

ਇਹ (ਵਿਚਾਰਾ) ਜੀਵ (ਜਦੋਂ) ਬਹੁਤੇ ਜਨਮਾਂ ਵਿਚ ਭਟਕ ਚੁਕਿਆ (ਤੇ ਤੇਰੀ ਮਿਹਰ ਦੀ ਨਜ਼ਰ ਹੋਈ) ਤਾਂ ਇਸ ਨੂੰ ਸਤਿਗੁਰੂ ਨੇ ਆਪਣਾ ਸ਼ਬਦ ਸੁਣਾਇਆ ।

ਹੇ ਸਾਰੇ ਲੋਕੋ ! ਧਿਆਨ ਦੇ ਕੇ ਸੁਣੋ, ਸਤਿਗੁਰੂ ਦੇ ਬਰਾਬਰ ਦਾ ਹੋਰ ਕੋਈ ਦਾਤਾ ਨਹੀਂ ਹੈ ।

ਜਿਨ੍ਹਾਂ ਮਨੁੱਖਾਂ ਨੇ ਆਪਣੇ ਅੰਦਰੋਂ ਆਪਾ-ਭਾਵ ਗਵਾ ਦਿਤਾ, ਉਹਨਾਂ ਨੂੰ ਉਸ ਸਤਿਗੁਰੂ ਦੇ ਮਿਲਣ ਨਾਲ ਸੱਚੇ ਪ੍ਰਭੂ ਦੀ ਪ੍ਰਾਪਤੀ ਹੋ ਗਈ, ਜਿਸ ਸਤਿਗੁਰੂ ਨੇ ਨਿਰੋਲ ਸੱਚੇ ਪ੍ਰਭੂ ਦੀ ਸੂਝ ਪਾਈ ਹੈ (ਭਾਵ, ਜੋ ਮਨੁੱਖ ਆਪਣੇ ਅੰਦਰੋਂ ਆਪਾ-ਭਾਵ ਗਵਾਉਂਦੇ ਹਨ ਉਹਨਾਂ ਨੂੰ ਉਸ ਸਤਿਗੁਰੂ ਦੇ ਮਿਲਣ ਨਾਲ ਸੱਚੇ ਰੱਬ ਦੀ ਪ੍ਰਾਪਤੀ ਹੋ ਜਾਂਦੀ ਹੈ, ਜੋ ਸਤਿਗੁਰੂ ਸਦਾ ਥਿਰ ਰਹਿਣ ਵਾਲੇ ਪ੍ਰਭੂ ਦੀ ਸੂਝ ਦੇਂਦਾ ਹੈ) ।੪।

ਸਲੋਕ ਮ: ੧ ॥

ਘੜੀਆ ਸਭੇ ਗੋਪੀਆ ਪਹਰ ਕੰਨ੍ਹ ਗੋਪਾਲ ॥
ਗਹਣੇ ਪਉਣੁ ਪਾਣੀ ਬੈਸੰਤਰੁ ਚੰਦੁ ਸੂਰਜੁ ਅਵਤਾਰ ॥
ਸਗਲੀ ਧਰਤੀ ਮਾਲੁ ਧਨੁ ਵਰਤਣਿ ਸਰਬ ਜੰਜਾਲ ॥
ਨਾਨਕ ਮੁਸੈ ਗਿਆਨ ਵਿਹੂਣੀ ਖਾਇ ਗਇਆ ਜਮਕਾਲੁ ॥੧॥

ਪਦ ਅਰਥ :—ਘੜੀਆ—ਜਿਵੇਂ ਸੰਸਕ੍ਰਿਤ 'ਘਟ' ਤੋਂ 'ਘੜਾ' ਪੰਜਾਬੀ ਸ਼ਬਦ ਹੈ, ਜਿਵੇਂ ਸੰਸਕ੍ਰਿਤ 'ਕਟਕ' ਤੋਂ 'ਕੜਾ' ਪੰਜਾਬੀ ਹੈ, ਤਿਵੇਂ ਸੰਸਕ੍ਰਿਤ 'ਘਟਿਕਾ' ਤੋਂ ਪੰਜਾਬੀ ਸ਼ਬਦ 'ਘੜੀ' ਹੈ। 'ਘੜੀ' ਸਮੇਂ ਦੀ ਇਕ ਵੰਡ ਦਾ ਨਾਉਂ ਹੈ, ਜੋ ੨੪ ਮਿੰਟਾਂ ਦੇ ਬਰਾਬਰ ਹੁੰਦੀ ਹੈ।

ਗੋਪੀ—ਗਾਈਆਂ ਦੀ ਰਾਖੀ ਕਰਨ ਵਾਲੀ, ਗੁਜਰਾਣੀ। ਇਹ ਸ਼ਬਦ 'ਗੋਪੀ' ਖ਼ਾਸ ਤੌਰ ਤੇ ਬਿੰਦ੍ਰਾਬਨ ਦੀਆਂ ਗੁਜਰਾਣੀਆਂ ਵਾਸਤੇ ਵਰਤਿਆ ਜਾਂਦਾ ਹੈ, ਜੋ ਕ੍ਰਿਸ਼ਨ ਜੀ ਦੇ ਗੋਕਲ ਰਹਿਣ ਸਮੇਂ ਉਹਨਾਂ ਨਾਲ ਖੇਡਿਆ ਕਰਦੀਆਂ ਸਨ। ਕ੍ਰਿਸ਼ਨ ਜੀ ਦਾ ਜਨਮ ਤਾਂ ਮਥਰਾ ਵਿਚ ਹੋਇਆ ਸੀ, ਜੋ ਹਿੰਦੂ-ਮੱਤ ਅਨੁਸਾਰ ਭਾਰਤ ਦੀਆਂ ਸਭ ਤੋਂ ਵਧੀਕ ਪਵਿੱਤਰ ਸੱਤ ਨਗਰੀਆਂ ਵਿਚੋਂ ਇਕ ਹੈ। ਉਹ ਸੱਤ ਨਗਰੀਆਂ ਇਹ ਹਨ—ਅਜੁੱਧਿਆ, ਮਥਰਾ, ਮਾਯਾ, ਕਾਂਸ਼ੀ, ਕਾਂਚੀ, ਅਵੰਤਿਕਾ ਅਤੇ ਪੁਰੀ।

ਪਹਰ—ਸਾਰੇ ਦਿਨ ਦਾ ਅਠਵਾਂ ਹਿੱਸਾ, ਜੋ ੩ ਘੰਟੇ ਦੇ ਬਰਾਬਰ ਹੁੰਦਾ ਹੈ। ਕੰਨ੍ਹ—ਸੰਸਕ੍ਰਿਤ ਸ਼ਬਦ 'ਕ੍ਰਿਸ਼ਨ' ਦਾ ਪ੍ਰਾਕ੍ਰਿਤ ਰੂਪ ਹੈ। ਗੋਪਾਲ—ਕ੍ਰਿਸ਼ਨ ਜੀ ਦਾ ਨਾਂ ਹੈ। ਬੈਸੰਤਰ—ਅੱਗ। ਮੁਸੈ—ਠੱਗੀ ਜਾ ਰਹੀ ਹੈ। ਵਿਹੂਣੀ—ਸੱਖਣੀ, ਖ਼ਾਲੀ।

ਅਰਥ:—(ਸਾਰੀਆਂ) ਘੜੀਆਂ (ਮਾਨੋ) ਗੋਪੀਆਂ ਹਨ; (ਦਿਨ ਦੇ ਸਾਰੇ) ਪਹਿਰ, (ਮਾਨੋ) ਕਾਨ੍ਹ ਹਨ; ਪਉਣ, ਪਾਣੀ ਤੇ ਅੱਗ (ਮਾਨੋ) ਗਹਿਣੇ ਹਨ (ਜੋ ਉਹਨਾਂ ਗੋਪੀਆਂ ਨੇ ਪਾਏ ਹੋਏ ਹਨ)। (ਰਾਸਾਂ ਵਿਚ ਰਾਸਧਾਰੀਏ ਅਵਤਾਰਾਂ ਦਾ ਸਾਂਗ ਬਣਾ ਬਣਾ ਕੇ ਗਾਉਂਦੇ ਹਨ, ਕੁਦਰਤ ਦੀ ਰਾਸ ਵਿਚ) ਚੰਦ੍ਰਮਾ ਤੇ ਸੂਰਜ, (ਮਾਨੋ) ਦੋ ਅਵਤਾਰ ਹਨ। ਸਾਰੀ ਧਰਤੀ (ਰਾਸ ਪਾਣ ਲਈ) ਮਾਲ ਧਨ ਹੈ, ਅਤੇ (ਜਗਤ ਦੇ ਧੰਦੇ) ਰਾਸ ਦਾ ਵਰਤਣ-ਵਲੇਵਾ ਹਨ। (ਮਾਇਆ ਦੀ ਇਸ ਰਾਸ ਵਿਚ) ਗਿਆਨ ਤੋਂ ਸੱਖਣੀ ਦੁਨੀਆ ਠੱਗੀ ਜਾ ਰਹੀ ਹੈ, ਤੇ ਇਸ ਨੂੰ ਜਮਕਾਲ ਖਾਈ ਜਾ ਰਿਹਾ ਹੈ।੧।

ਭਾਵ—ਇਹ ਜਗਤ ਰੱਬ ਦੀ ਨਿਰਤਕਾਰੀ ਦਾ ਥਾਂ ਹੈ, ਇਸ ਵਿਚ ਪਉਣ, ਪਾਣੀ, ਅਗਨੀ, ਧਰਤੀ ਆਦਿਕ ਤੱਤਾਂ ਤੋਂ ਬਣੇ ਹੋਏ ਸੋਹਣੇ ਸੋਹਣੇ ਪਦਾਰਥ ਤੱਕ ਕੇ ਜੀਵ ਮੋਹਿਤ ਹੋ ਰਹੇ ਹਨ, ਤੇ ਆਪਣੀ ਉਮਰ ਇਸੇ ਮਸਤੀ ਵਿਚ ਹੀ ਵਿਅਰਥ ਗਵਾ ਰਹੇ ਹਨ।

ਮ: ੧ ॥

ਵਾਇਨਿ ਚੇਲੇ ਨਚਨਿ ਗੁਰ ॥ ਪੈਰ ਹਲਾਇਨਿ ਫੇਰਨਿ੍ ਸਿਰ ॥ ਉਡਿ ਉਡਿ ਰਾਵਾ ਝਾਟੈ ਪਾਇ ॥ ਵੇਖੈ ਲੋਕੁ ਹਸੈ ਘਰਿ ਜਾਇ ॥ ਰੋਟੀਆ ਕਾਰਣਿ ਪੂਰਹਿ ਤਾਲ ॥ ਆਪੁ ਪਛਾੜਹਿ ਧਰਤੀ ਨਾਲਿ ॥ ਗਾਵਨਿ ਗੋਪੀਆ ਗਾਵਨਿ ਕਾਨ੍ ॥ ਗਾਵਨਿ ਸੀਤਾ ਰਾਜੇ ਰਾਮ ॥ ਨਿਰਭਉ ਨਿਰੰਕਾਰੁ ਸਚੁ ਨਾਮੁ ॥ ਜਾ ਕਾ ਕੀਆ ਸਗਲ ਜਹਾਨੁ ॥ ਸੇਵਕ ਸੇਵਹਿ ਕਰਮ ਚੜਾਉ ॥ ਭਿੰਨੀ ਰੈਣਿ ਜਿਨ੍ਾ ਮਨਿ ਚਾਉ ॥ ਸਿਖੀ ਸਿਖਿਆ ਗੁਰ ਵੀਚਾਰਿ ॥ ਨਦਰੀ ਕਰਮਿ ਲਘਾਏ ਪਾਰਿ ॥ ਕੋਲੂ ਚਰਖਾ ਚਕੀ ਚਕੁ ॥ ਥਲ ਵਾਰੋਲੇ ਬਹੁਤੁ ਅਨੰਤੁ ॥ ਲਾਟੂ ਮਾਧਾਣੀਆ ਅਨਗਾਹ ॥ ਪੰਖੀ ਭਉਦੀਆ ਲੈਨਿ ਨ ਸਾਹ ॥ ਸੂਐ ਚਾੜਿ ਭਵਾਈਅਹਿ ਜੰਤ ॥ ਨਾਨਕ ਭਉਦਿਆ ਗਣਤ ਨ ਅੰਤ ॥ ਬੰਧਨ ਬੰਧਿ ਭਵਾਏ ਸੋਇ ॥ ਪਇਐ ਕਿਰਤਿ ਨਚੈ ਸਭੁ ਕੋਇ ॥ ਨਚਿ ਨਚਿ ਹਸਹਿ ਚਲਹਿ ਸੇ ਰੋਇ ॥ ਉਡਿ ਨ ਜਾਹੀ ਸਿਧ ਨ ਹੋਹਿ ॥ ਨਚਣੁ ਕੁਦਣੁ ਮਨ ਕਾ ਚਾਉ ॥ ਨਾਨਕ ਜਿਨ੍ ਮਨਿ ਭਉ ਤਿਨ੍ਾ ਮਨਿ ਭਾਉ ॥੨॥

ਪਦ ਅਰਥ :–ਵਾਇਨਿ–(ਸਾਜ਼) ਵਜਾਉਂਦੇ ਹਨ। ਰਾਵਾ–ਘੱਟਾ। ਝਾਟੈ–ਝਾਟੇ ਵਿਚ। ਪੂਰਹਿ ਤਾਲ–ਤਾਲ ਪੂਰਦੇ ਹਨ, ਨੱਚਦੇ ਹਨ। ਪਛਾੜਹਿ–ਪਛਾੜਦੇ ਹਨ, ਮਾਰਦੇ ਹਨ। ਗਾਵਨਿ ਗੋਪੀਆ–ਗੋਪੀਆਂ (ਦੇ ਸਾਂਗ ਬਣ ਕੇ) ਗਾਉਂਦੇ ਹਨ। ਕਰਮਿ–(ਪ੍ਰਭੂ ਦੀ) ਬਖ਼ਸ਼ਸ਼ ਨਾਲ। ਚੜਾਉ–ਚੜ੍ਹਦੀ ਕਲਾ। ਰੈਣਿ–ਰਾਤ, ਜ਼ਿੰਦਗੀ ਰੂਪ ਰਾਤ। ਸਿਖੀ–ਸਿੱਖ ਲਈ। ਗੁਰ ਵੀਚਾਰਿ–ਗੁਰੂ ਦੀ ਵੀਚਾਰ ਦੀ ਰਾਹੀਂ।

ਬਲ ਵਾਰੋਲੇ–ਬਲਾਂ ਦੇ ਵਾਰੋਲੇ। ਅਨਗਾਹ–ਅੰਨ ਗਾਹੁਣ ਵਾਲੇ ਫਲ੍ਹੇ। ਭਉਦੀਆ–ਭੰਬੀਰੀਆਂ। ਬੰਧਨ ਬੰਧਿ–ਬੰਧਨਾਂ ਵਿਚ ਬੰਨ੍ਹ ਕੇ। ਪਇਐ ਕਿਰਤਿ–ਕੀਤੇ ਹੋਏ ਕਰਮਾਂ ਦੇ ਸੰਸਕਾਰਾਂ ਅਨੁਸਾਰ। ਰੋਇ–ਰੋ ਕੇ। ਉਡਿ ਨ ਜਾਹੀ–(ਕਿਸੇ ਉੱਚੀ ਅਵਸਥਾ ਉੱਤੇ) ਉਡ ਕੇ ਨਹੀਂ ਜਾ ਅਪੜਦੇ।

ਅਰਥ :–(ਰਾਸਾਂ ਵਿਚ) ਚੇਲੇ ਸਾਜ਼ ਵਜਾਉਂਦੇ ਹਨ, ਅਤੇ ਉਹਨਾਂ ਚੇਲਿਆਂ ਦੇ ਗੁਰੂ ਨੱਚਦੇ ਹਨ। (ਨਾਚ ਵੇਲੇ ਉਹ ਗੁਰੂ) ਪੈਰਾਂ ਨੂੰ ਹਿਲਾਉਂਦੇ ਹਨ ਅਤੇ ਸਿਰ ਫੇਰਦੇ ਹਨ। (ਉਹਨਾਂ ਦੇ ਪੈਰਾਂ ਨਾਲ) ਉੱਡ ਉੱਡ ਕੇ ਘੱਟਾ ਉਹਨਾਂ ਦੇ ਸਿਰ ਵਿਚ ਪੈਂਦਾ ਹੈ, (ਰਾਸ ਵੇਖਣ ਆਏ ਹੋਏ) ਲੋਕ (ਉਹਨਾਂ ਨੂੰ ਨੱਚਦਿਆਂ) ਵੇਖਦੇ ਹਨ ਅਤੇ ਹੱਸਦੇ ਹਨ (ਅੱਖਰੀਂ–ਲੋਕ ਵੇਖਦਾ ਹੈ ਅਤੇ ਹੱਸਦਾ ਹੈ)। (ਪਰ ਉਹ ਰਾਸਧਾਰੀਏ) ਰੋਜ਼ੀ ਦੀ ਖ਼ਾਤਰ ਨੱਚਦੇ ਹਨ ਅਤੇ ਆਪਣੇ ਆਪ ਨੂੰ ਭੁਇਂ ਤੇ ਮਾਰਦੇ ਹਨ। ਗੋਪੀਆਂ (ਦੇ ਸਾਂਗ ਬਣ ਕੇ) ਗਾਉਂਦੇ ਹਨ, ਕਾਨ੍ਹ (ਦੇ ਸਾਂਗ ਬਣ ਕੇ) ਗਾਉਂਦੇ ਹਨ, ਸੀਤਾ ਰਾਮ ਜੀ ਤੇ ਹੋਰ ਰਾਜਿਆਂ (ਦੇ ਸਾਂਗ ਬਣ ਕੇ) ਗਾਉਂਦੇ ਹਨ।

ਜਿਸ ਪ੍ਰਭੂ ਦਾ ਸਾਰਾ ਜਗਤ ਬਣਾਇਆ ਹੋਇਆ ਹੈ, ਜੋ ਨਿਡਰ ਹੈ, ਅਕਾਰ-ਰਹਿਤ ਹੈ ਅਤੇ ਜਿਸ ਦਾ ਨਾਂ ਸਦਾ ਅਟੱਲ ਹੈ, ਉਸ ਨੂੰ (ਕੇਵਲ ਉਹੀ) ਸੇਵਕ ਸਿਮਰਦੇ ਹਨ, ਜਿਨ੍ਹਾਂ ਦੇ ਅੰਦਰ (ਰੱਬ ਦੀ) ਮਿਹਰ ਨਾਲ ਚੜ੍ਹਦੀ ਕਲਾ ਹੈ, ਜਿਨ੍ਹਾਂ ਦੇ ਮਨ ਵਿਚ (ਸਿਮਰਨ ਕਰਨ ਦਾ) ਉਤਸ਼ਾਹ ਹੈ, ਉਹਨਾਂ ਸੇਵਕਾਂ ਦੀ ਜ਼ਿੰਦਗੀ ਰੂਪ ਰਾਤ ਸੁਆਦਲੀ ਗੁਜ਼ਰਦੀ ਹੈ–ਇਹ ਸਿੱਖਿਆ ਜਿਨ੍ਹਾਂ ਨੇ ਗੁਰੂ ਦੀ ਮੱਤ ਦੁਆਰਾ ਸਿਖ ਲਈ ਹੈ, ਮਿਹਰ ਦੀ ਨਜ਼ਰ ਵਾਲਾ ਪ੍ਰਭੂ ਆਪਣੀ ਬਖ਼ਸ਼ਸ਼ ਦੁਆਰਾ ਉਹਨਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ।

(ਨੱਚਣ ਅਤੇ ਫੇਰੀਆਂ ਲੈਣ ਨਾਲ ਜੀਵਨ ਦਾ ਉਧਾਰ ਨਹੀਂ ਹੋ ਸਕਦਾ, ਵੇਖੋ ਬੇਅੰਤ ਪਦਾਰਥ ਤੇ ਜੀਵ ਸਦਾ ਭੌਂਦੇ ਰਹਿੰਦੇ ਹਨ)

ਕੋਲ੍ਹੂ, ਚਰਖਾ, ਚੱਕੀ, ਚੱਕ ਥਲਾਂ ਦੇ ਬੇਅੰਤ ਵਰੋਲੇ, ਲਾਟੂ, ਮਧਾਣੀਆਂ, ਫਲ੍ਹੇ, ਪੰਛੀ ਭੰਬੀਰੀਆਂ ਜੋ ਇਕ-ਸਾਹੇ ਉਡਦੀਆਂ ਰਹਿੰਦੀਆਂ ਹਨ- ਇਹ ਸਭ ਭੌਂਦੇ ਰਹਿੰਦੇ ਹਨ। ਸੂਲ ਉੱਤੇ ਚਾੜ੍ਹ ਕੇ ਕਈ ਜੰਤ ਭਵਾਈਦੇ ਹਨ। ਹੇ ਨਾਨਕ! ਭੌਣ ਵਾਲੇ ਜੀਵਾਂ ਦਾ ਅੰਤ ਨਹੀਂ ਪੈ ਸਕਦਾ। (ਇਸੇ ਤਰ੍ਹਾਂ) ਉਹ ਪ੍ਰਭੂ ਜੀਵਾਂ ਨੂੰ (ਮਾਇਆ ਦੇ) ਜ਼ੰਜੀਰਾਂ ਵਿਚ ਜਕੜ ਕੇ ਭਵਾਉਂਦਾ ਹੈ, ਹਰੇਕ ਜੀਵ ਆਪਣੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਨੱਚ ਰਿਹਾ ਹੈ। ਜੋ ਜੀਵ ਨੱਚ ਨੱਚ ਕੇ ਹੱਸਦੇ ਹਨ, ਉਹ (ਅੰਤ ਨੂੰ) ਰੋ ਕੇ (ਇਥੋਂ) ਤੁਰਦੇ ਹਨ। (ਉਂਞ) ਭੀ ਨੱਚਣ ਟੱਪਣ ਨਾਲ ਕਿਸੇ ਉੱਚੀ ਅਵਸਥਾ ਤੇ ਨਹੀਂ ਅੱਪੜ ਜਾਂਦੇ, ਤੇ ਨਾ ਹੀ ਉਹ ਸਿੱਧ ਬਣ ਜਾਂਦੇ ਹਨ।

ਨੱਚਣਾ ਕੁੱਦਣਾ (ਕੇਵਲ) ਮਨ ਦਾ ਸ਼ੌਕ ਹੈ, ਹੇ ਨਾਨਕ! ਪ੍ਰੇਮ ਕੇਵਲ ਉਹਨਾਂ ਦੇ ਮਨ ਵਿਚ ਹੀ ਹੈ ਜਿਨ੍ਹਾਂ ਦੇ ਮਨ ਵਿਚ ਰੱਬ ਦਾ ਡਰ ਹੈ।੨।

ਪਉੜੀ ॥

ਨਾਉ ਤੇਰਾ ਨਿਰੰਕਾਰੁ ਹੈ ਨਾਇ ਲਇਐ ਨਰਕਿ ਨ ਜਾਈਐ ॥ ਜੀਉ ਪਿੰਡੁ ਸਭੁ ਤਿਸ ਦਾ ਦੇ ਖਾਜੈ ਆਖਿ ਗਵਾਈਐ ॥ ਜੇ ਲੋੜਹਿ ਚੰਗਾ ਆਪਣਾ ਕਰਿ ਪੁੰਨਹੁ ਨੀਚੁ ਸਦਾਈਐ ॥ ਜੇ ਜਰਵਾਣਾ ਪਰਹਰੈ ਜਰੁ ਵੇਸ ਕਰੇਦੀ ਆਈਐ ॥ ਕੋ ਰਹੈ ਨ ਭਰੀਐ ਪਾਈਐ ॥੫॥

ਪਦ ਅਰਥ :-ਨਾਇ ਲਇਐ-ਜੇ (ਤੇਰਾ) ਨਾਮ ਸਿਮਰੀਏ। ਪਿੰਡੁ-ਸਰੀਰ। ਤਿਸ ਦਾ-ਉਸ (ਰੱਬ) ਦਾ। ਖਾਜੈ-ਖਾਜ, ਖ਼ੁਰਾਕ, ਭੋਜਨ। ਲੋੜਹਿ-ਤੂੰ ਲੋੜਦਾ ਹੈਂ, ਤੂੰ ਚਾਹੁੰਦਾ ਹੈਂ। ਕਰਿ ਪੁੰਨਹੁ-ਭਲਿਆਈ ਕਰ ਕੇ। ਜਰਵਾਣਾ-ਬਲਵਾਨ। ਜਰੁ-ਬੁਢੇਪਾ। ਪਰਹਰੈ-ਛਡਣ ਚਾਹੁੰਦਾ ਹੈ। ਵੇਸ ਕਰੇਦੀ-ਵੇਸ ਧਾਰ ਧਾਰ ਕੇ। ਆਈਐ-(ਬੁਢੇਪਾ)

ਆ ਰਿਹਾ ਹੈ। ਭਰੀਐ ਪਾਈਐ—ਜਦੋਂ ਪਾਈ ਭਰੀ ਜਾਂਦੀ ਹੈ, ਜਦੋਂ ਸੁਆਸ ਪੂਰੇ ਹੋ ਜਾਂਦੇ ਹਨ।

ਅਰਥ :—(ਹੇ ਪ੍ਰਭੂ !) ਤੇਰਾ ਨਾਮ ਨਿਰੰਕਾਰ ਹੈ, ਜੇ ਤੇਰਾ ਨਾਮ ਸਿਮਰੀਏ ਤਾਂ ਨਰਕ ਵਿਚ ਨਹੀਂ ਪਈਦਾ।

ਇਹ ਜਿੰਦ ਅਤੇ ਸਰੀਰ ਸਭ ਕੁਝ ਪ੍ਰਭੂ ਦਾ ਹੀ ਹੈ, ਉਹੀ (ਜੀਵਾਂ ਨੂੰ) ਖਾਣ ਵਾਸਤੇ (ਭੋਜਨ) ਦੇਂਦਾ ਹੈ, (ਕਿਤਨਾ ਕੁ ਦੇਂਦਾ ਹੈ-) ਇਹ ਅੰਦਾਜ਼ਾ ਲਾਉਣਾ ਵਿਅਰਥ ਜਤਨ ਹੈ।

ਹੇ ਜੀਵ ! ਜੇ ਤੂੰ ਆਪਣੀ ਭਲਿਆਈ ਲੋੜਦਾ ਹੈਂ, ਤਾਂ ਚੰਗਾ ਕੰਮ ਕਰ ਕੇ ਭੀ ਆਪਣੇ ਆਪ ਨੂੰ ਨੀਵਾਂ ਅਖਵਾ।

ਜੇ ਕੋਈ (ਜੀਵ) ਬੁਢੇਪੇ ਨੂੰ ਪਰੇ ਹਟਾਉਣਾ ਚਾਹੇ (ਭਾਵ, ਬੁਢੇਪੇ ਤੋਂ ਬਚਣਾ ਚਾਹੇ ਤਾਂ ਇਹ ਜਤਨ ਫ਼ਜ਼ੂਲ ਹੈ) ਬੁਢੇਪਾ ਵੇਸ ਧਾਰ ਕੇ ਆ ਹੀ ਜਾਂਦਾ ਹੈ। ਜਦੋਂ ਸੁਆਸ ਪੂਰੇ ਹੋ ਜਾਂਦੇ ਹਨ ਤਾਂ ਕੋਈ ਜੀਵ ਇੱਥੇ ਰਹਿ ਨਹੀਂ ਸਕਦਾ।੫।

ਸਲੋਕ ਮ: ੧ ॥

ਮੁਸਲਮਾਨਾ ਸਿਫਤਿ ਸਰੀਅਤਿ ਪੜਿ ਪੜਿ ਕਰਹਿ ਬੀਚਾਰੁ ॥ ਬੰਦੇ ਸੇ ਜਿ ਪਵਹਿ ਵਿਚਿ ਬੰਦੀ ਵੇਖਣ ਕਉ ਦੀਦਾਰੁ ॥ ਹਿੰਦੂ ਸਾਲਾਹੀ ਸਾਲਾਹਨਿ ਦਰਸਨਿ ਰੂਪਿ ਅਪਾਰੁ ॥ ਤੀਰਥਿ ਨਾਵਹਿ ਅਰਚਾ ਪੂਜਾ ਅਗਰ ਵਾਸੁ ਬਹਕਾਰੁ ॥ ਜੋਗੀ ਸੁੰਨਿ ਧਿਆਵਨਿ੍ ਜੇਤੇ ਅਲਖ ਨਾਮੁ ਕਰਤਾਰੁ ॥ ਸੂਖਮ ਮੂਰਤਿ ਨਾਮੁ ਨਿਰੰਜਨ ਕਾਇਆ ਕਾ ਆਕਾਰੁ ॥ ਸਤੀਆ ਮਨਿ ਸੰਤੋਖੁ ਉਪਜੈ ਦੇਣੈ ਕੈ ਵੀਚਾਰਿ ॥ ਦੇ ਦੇ ਮੰਗਹਿ ਸਹਸਾ ਗੂਣਾ ਸੋਭ ਕਰੇ ਸੰਸਾਰੁ ॥ ਚੋਰਾ ਜਾਰਾ ਤੈ

ਕੂੜਿਆਰਾ ਖਾਰਾਬਾ ਵੇਕਾਰ ॥ ਇਕਿ ਹੋਦਾ ਖਾਇ ਚਲਹਿ ਐਥਾਊ ਤਿਨਾ ਭਿ ਕਾਈ ਕਾਰ ॥ ਜਲਿ ਥਲਿ ਜੀਆ ਪੁਰੀਆ ਲੋਆ ਆਕਾਰਾ ਆਕਾਰ ॥ ਓਇ ਜਿ ਆਖਹਿ ਸੁ ਤੂੰ ਹੈ ਜਾਣਹਿ ਤਿਨਾ ਭਿ ਤੇਰੀ ਸਾਰ ॥ ਨਾਨਕ ਭਗਤਾ ਭੁਖ ਸਾਲਾਹਣੁ ਸਚੁ ਨਾਮੁ ਆਧਾਰੁ ॥ ਸਦਾ ਅਨੰਦਿ ਰਹਹਿ ਦਿਨੁ ਰਾਤੀ ਗੁਣਵੰਤਿਆ ਪਾ ਛਾਰੁ ॥੧॥

ਪਦ ਅਰਥ :–ਬੰਦੇ ਸੇ–(ਸ਼ਰਹ ਅਨੁਸਾਰ ਇਹ ਵੀਚਾਰ ਕਰਦੇ ਹਨ ਕਿ) ਬੰਦੇ ਉਹੀ ਹਨ। ਬੰਦੀ–(ਸ਼ਰਹ ਦੀ) ਬੰਦਸ਼। ਦਰਸਨ–ਸ਼ਾਸਤਰ । ਸਾਲਾਹਨਿ–ਸਾਲਾਹ ਕਰਦੇ ਹਨ । ਦਰਸਨਿ–ਸ਼ਾਸਤਰ ਦੁਆਰਾ । ਸਾਲਾਹੀ–ਸਾਲਾਹੁਣ ਜੋਗ ਹਰੀ ਨੂੰ। ਰੂਪਿ–ਸੁੰਦਰ। ਤੀਰਥਿ–ਤੀਰਥਾਂ ਉੱਤੇ । ਅਰਚਾ–ਆਦਰ, ਸਤਕਾਰ, ਪੂਜਾ । ਅਗਰਵਾਸੁ–ਚੰਦਨ ਦੀ ਵਾਸ਼ਨਾ । ਬਹਕਾਰੁ–ਮਹਿਕਾਰ, ਖ਼ੁਸ਼ਬੋ । ਸੁੰਨਿ–ਸੁੰਨ ਵਿਚ, ਅਫੁਰ ਅਵਸਥਾ ਵਿਚ। ਸੂਖਮ ਮੂਰਤਿ–ਰੱਬ ਦਾ ਉਹ ਸਰੂਪ ਜਿਹੜਾ ਇਹਨਾਂ ਅਸਥੂਲ ਇੰਦਰਿਆਂ ਨਾਲ ਨਹੀਂ ਵੇਖਿਆ ਜਾ ਸਕਦਾ। ਸਤੀ–ਦਾਨੀ ਮਨੁੱਖ। ਦੇਣੈ ਕੈ ਵੀਚਾਰਿ–(ਕਿਸੇ ਨੂੰ ਕੁਝ) ਦੇਣ ਦੇ ਖਿਆਲ ਵਿਚ। ਸੰਤੋਖੁ–ਖ਼ੁਸ਼ੀ, ਉਤਸ਼ਾਹ। ਸਹਸਾ ਗੂਣਾ–(ਆਪਣੇ ਦਿਤੇ ਹੋਏ ਨਾਲੋਂ) ਹਜ਼ਾਰ ਗੁਣਾ (ਵਧੀਕ)। ਜਾਰੁ–ਪਰ ਇਸਤ੍ਰੀ-ਗਾਮੀ। ਤੈ–ਅਤੇ। ਕੂੜਿਆਰ–ਝੂਠ ਬੋਲਣ ਵਾਲੇ। ਖਰਾਬ–ਭੈੜੇ। ਵੇਕਾਰ–ਮੰਦ ਕਰਮੀ । ਇਕਿ–ਕਈ ਮਨੁੱਖ । ਹੋਦਾ–ਕੋਲ ਹੁੰਦੀ ਵਸਤ । ਐਥਾਊ–ਏਥੋਂ, ਇਸ ਜਗਤ ਤੋਂ। ਖਾਇ ਚਲਹਿ–ਖਾ ਕੇ ਤੁਰ ਪੈਂਦੇ ਹਨ। ਤਿਨਾ ਭਿ–ਉਹਨਾਂ ਨੂੰ ਭੀ। ਕਾਈ ਕਾਰ–ਕੋਈ ਨ ਕੋਈ ਸੇਵਾ। ਜਲਿ–ਜਲ ਵਿਚ। ਜੀਆ–ਜੀਵ। ਲੋਅ–ਲੋਕ। ਆਕਾਰਾ ਆਕਾਰ–ਸਾਰੇ ਦ੍ਰਿਸ਼ਟਮਾਨ ਬ੍ਰਹਿਮੰਡਾਂ ਦੇ । ਓਇ–ਉਹ ਸਾਰੇ ਜੀਵ। ਜਿ–ਜੋ ਕੁਝ। ਤੂੰ ਹੈ–ਤੂੰ ਹੀ, (ਹੇ ਪ੍ਰਭੂ)! ਸਾਰ–ਬਲ, ਤਾਕਤ, ਆਸਰਾ।

ਭੁਖ ਸਾਲਾਹਣੁ—ਸਿਫ਼ਤ-ਸਲਾਹ ਰੂਪੀ ਭੁੱਖ । ਆਧਾਰੁ—ਆਸਰਾ । ਪਾ ਛਾਰੁ—ਪੈਰਾਂ ਦੀ ਖ਼ਾਕ ।੧।

ਅਰਥ :—ਮੁਸਲਮਾਨਾਂ ਨੂੰ ਸ਼ਰਹ ਦੀ ਵਡਿਆਈ (ਸਭ ਤੋਂ ਵਧੀਕ ਚੰਗੀ ਲਗਦੀ ਹੈ), ਉਹ ਸ਼ਰਹ ਨੂੰ ਪੜ੍ਹ ਪੜ੍ਹ ਕੇ (ਇਹ) ਵਿਚਾਰ ਕਰਦੇ ਹਨ (ਕਿ) ਰੱਬ ਦਾ ਦੀਦਾਰ ਦੇਖਣ ਲਈ ਜੋ ਮਨੁੱਖ (ਸ਼ਰਹ ਦੀ) ਬੰਦਸ਼ ਵਿਚ ਪੈਂਦੇ ਹਨ, ਉਹੀ ਰੱਬ ਦੇ ਬੰਦੇ ਹਨ ।

[ਨੋਟ—ਗੁਰਬਾਣੀ ਨੂੰ ਗਹੁ ਨਾਲ ਪੜ੍ਹ ਕੇ ਵਿਚਾਰਨ ਵਾਲੇ ਸੱਜਣ ਜਾਣਦੇ ਹਨ ਕਿ ਜਦੋਂ ਕਦੇ ਸਤਿਗੁਰੂ ਜੀ ਕਿਸੇ ਇਕ ਜਾਂ ਕਈ ਮਤਾਂ ਦੇ ਕੋਈ ਵਿਚਾਰ ਕਰਦੇ ਹਨ, ਤਾਂ ਪਹਿਲਾਂ ਆਪ ਉਹਨਾਂ ਮਤਾਂ ਦੇ ਖ਼ਿਆਲ ਲਿਖਦੇ ਹਨ, ਅੰਤ ਵਿਚ ਆਪਣਾ ਮਤ ਪੇਸ਼ ਕਰਦੇ ਹਨ । ਇਸ ਸਲੋਕ ਦੀਆਂ ਜੇ ਦੋ ਦੋ ਤੁਕਾਂ ਨੂੰ ਗਹੁ ਨਾਲ ਵੇਖਿਆ ਜਾਵੇ, ਤਾਂ ਸਾਫ਼ ਪਰਗਟ ਹੁੰਦਾ ਹੈ ਕਿ ਇਸਲਾਮ, ਹਿੰਦੂ ਮਤ, ਜੋਗ ਮਤ, ਦਾਨੀ ਅਤੇ ਵਿਕਾਰੀ ਆਦਿਕਾਂ ਸੰਬੰਧੀ ਗੁਰੂ ਸਾਹਿਬ ਖ਼ਿਆਲ ਦਸ ਰਹੇ ਹਨ । ਸੁਤੇ ਹੀ ਯੋਗ ਇਹੀ ਦਿਸਦਾ ਹੈ ਕਿ ਇਹਨਾਂ ਸਭਨਾਂ ਦਾ ਜ਼ਿਕਰ ਕਰ ਕੇ ਗੁਰੂ ਸਾਹਿਬ ਆਪਣਾ ਸਾਂਝਾ ਖ਼ਿਆਲ ਅਖ਼ੀਰ ਤੇ ਦਸਦੇ । ਤਾਂ ਤੇ ਉਪਰਲੀਆਂ ਦੋ ਤੁਕਾਂ ਵਿਚੋਂ ਪਹਿਲੀ ਨੂੰ ਇਸਲਾਮ ਸੰਬੰਧੀ ਵਰਤ ਕੇ, ਦੂਜੀ ਨੂੰ ਗੁਰਮਤਿ ਦਾ ਸਿਧਾਂਤ ਦਸਣਾ ਭੁੱਲ ਹੈ, ਕਿਉਂਕਿ ਇਹ ਨਿਯਮ ਅਗਲੀਆਂ ਤੁਕਾਂ ਵਿਚ ਕਿਤੇ ਨਹੀਂ ਵਰਤਿਆ ਗਿਆ । ਅਸਲ 'ਵਾਰ' ਨਿਰੀਆਂ ਪਉੜੀਆਂ ਤੋਂ ਬਣੀ ਹੋਈ ਹੈ । ਹਰੇਕ ਪਉੜੀ ਨਾਲ ਢੁਕਵੇਂ ਸਲੋਕ ਗੁਰੂ ਅਰਜਨ ਸਾਹਿਬ ਜੀ ਨੇ ਲਿਖੇ ਹੋਏ ਹਨ । ਇਸ ਪਉੜੀ ਦੇ ਭਾਵ ਨੂੰ ਗਹੁ ਨਾਲ ਵਿਚਾਰੀਏ, ਤਾਂ ਭੀ—

"ਉਤਮੁ ਏਹੁ ਬੀਚਾਰੁ ਹੈ ਜਿਨਿ ਸਚੇ ਸਿਉ ਚਿਤੁ ਲਾਇਆ ॥ ਜਗ ਜੀਵਨੁ ਦਾਤਾ ਪਾਇਆ ॥"

ਵਾਲਾ ਸਿਧਾਂਤ ਸਲੋਕ ਦੀਆਂ ਅੰਤਲੀਆਂ ਤੁਕਾਂ "ਨਾਨਕ ਭਗਤਾ ਭੁਖ

ਸਾਲਾਹਣ ਸਚੁ ਨਾਮੁ ਆਧਾਰੁ ॥ ਸਦਾ ਅਨੰਦਿ ਰਹਹਿ ਦਿਨੁ ਰਾਤੀ ਗੁਣਵੰਤਿਆ ਪਾ ਛਾਰੁ'' ਵਿਚੋਂ ਮਿਲਦਾ ਹੈ।]

ਹਿੰਦੂ ਸ਼ਾਸਤਰ ਦੁਆਰਾ ਹੀ ਸਾਲਾਹੁਣ-ਜੋਗ ਸੁੰਦਰ ਤੇ ਬੇਅੰਤ ਹਰੀ ਨੂੰ ਸਲਾਹੁੰਦੇ ਹਨ, ਤੀਰਥਾਂ ਤੇ ਨ੍ਹਾਉਂਦੇ ਹਨ, ਮੂਰਤੀਆਂ ਅਗੇ ਭੇਟਾ ਧਰਦੇ ਹਨ ਤੇ ਪੂਜਾ ਕਰਦੇ ਹਨ ਤੇ ਚੰਦਨ ਆਦਿਕ ਦੇ ਸੁਗੰਧੀ ਵਾਲੇ ਪਦਾਰਥ ਵਰਤਦੇ ਹਨ।

ਜੋਗੀ ਲੋਕ ਸਮਾਧੀ ਲਾ ਕੇ ਕਰਤਾਰ ਨੂੰ ਧਿਆਉਂਦੇ ਹਨ ਅਤੇ 'ਅਲਖ, ਅਲਖ' ਉਸ ਦਾ ਨਾਮ ਉਚਾਰਦੇ ਹਨ। (ਉਹਨਾਂ ਦੇ ਮਤ ਅਨੁਸਾਰ, ਜਿਸ ਦਾ ਉਹ ਸਮਾਧੀ ਵਿਚ ਧਿਆਨ ਧਰਦੇ ਹਨ, ਉਹ) ਸੂਖਮ ਸਰੂਪ ਵਾਲਾ ਹੈ, ਉਸ ਉੱਤੇ ਮਾਇਆ ਦਾ ਪਰਭਾਵ ਨਹੀਂ ਪੈ ਸਕਦਾ ਅਤੇ ਇਹ ਸਾਰਾ (ਜਗਤ ਰੂਪ) ਆਕਾਰ (ਉਸੇ ਦੀ ਹੀ) ਕਾਇਆਂ (ਸਰੀਰ) ਦਾ ਹੈ।

ਜੋ ਮਨੁੱਖ ਦਾਨੀ ਹਨ ਉਹਨਾਂ ਦੇ ਮਨ ਵਿਚ ਖ਼ੁਸ਼ੀ ਪੈਦਾ ਹੁੰਦੀ ਹੈ, ਜਦੋਂ (ਉਹ ਕਿਸੇ ਲੋੜਵੰਦਿਆਂ ਨੂੰ) ਕੁਝ ਦੇਣ ਦੀ ਵਿਚਾਰ ਕਰਦੇ ਹਨ, (ਪਰ ਲੋੜਵੰਦਿਆਂ ਨੂੰ) ਦੇ ਦੇ ਕੇ (ਉਹ ਅੰਦਰੇ ਅੰਦਰ ਕਰਤਾਰ ਪਾਸੋਂ ਉਸ ਤੋਂ) ਹਜ਼ਾਰ ਗੁਣਾ ਵਧੀਕ ਮੰਗਦੇ ਹਨ, ਅਤੇ (ਬਾਹਰ) ਜਗਤ (ਉਨ੍ਹਾਂ ਦੇ ਦਾਨ ਦੀ) ਵਡਿਆਈ ਕਰਦਾ ਹੈ।

(ਦੂਜੇ ਪਾਸੇ, ਜਗਤ ਵਿਚ) ਬੇਅੰਤ ਚੋਰ, ਪਰ-ਇਸਤ੍ਰੀ-ਗਾਮੀ, ਝੂਠੇ, ਭੈੜੇ ਤੇ ਵਿਕਾਰੀ ਭੀ ਹਨ, ਜੋ (ਵਿਕਾਰ ਕਰ ਕਰ ਕੇ) ਪਿਛਲੀ ਕੀਤੀ ਕਮਾਈ ਨੂੰ ਮੁਕਾ ਕੇ (ਇੱਥੋਂ ਖ਼ਾਲੀ ਹੱਥ) ਤੁਰ ਪੈਂਦੇ ਹਨ (ਪਰ ਇਹ ਕਰਤਾਰ ਦੇ ਰੰਗ ਹਨ), ਉਹਨਾਂ ਨੂੰ ਭੀ (ਉਸੇ ਨੇ ਹੀ) ਕੋਈ ਇਹੋ ਜਿਹੀ ਹੀ ਕਾਰ ਸੌਂਪੀ ਹੋਈ ਹੈ।

ਜਲ ਵਿਚ ਰਹਿਣ ਵਾਲੇ, ਧਰਤੀ ਉੱਤੇ ਵੱਸਣ ਵਾਲੇ ਬੇਅੰਤ ਪੁਰੀਆਂ, ਲੋਕਾਂ ਅਤੇ ਬ੍ਰਹਿਮੰਡਾਂ ਦੇ ਜੀਵ–ਉਹ ਸਾਰੇ ਜੋ ਕੁਝ ਆਖਦੇ ਹਨ, ਉਹ ਸਭ ਕੁਝ, (ਹੇ ਕਰਤਾਰ!) ਤੂੰ ਜਾਣਦਾ ਹੈਂ, ਉਹਨਾਂ ਨੂੰ ਭੀ

ਤੇਰਾ ਹੀ ਆਸਰਾ ਹੈ।

ਹੇ ਨਾਨਕ ! ਭਗਤ ਜਨਾਂ ਨੂੰ ਕੇਵਲ ਪ੍ਰਭੂ ਦੀ ਸਿਫ਼ਤ-ਸਲਾਹ ਕਰਨ ਦੀ ਤਾਂਘ ਲੱਗੀ ਹੋਈ ਹੈ, ਹਰੀ ਦਾ ਸਦਾ ਅਟੱਲ ਰਹਿਣ ਵਾਲਾ ਨਾਮ ਹੀ ਉਹਨਾਂ ਦਾ ਆਸਰਾ ਹੈ, ਉਹ ਸਦਾ ਦਿਨ ਰਾਤ ਅਨੰਦ ਵਿਚ ਰਹਿੰਦੇ ਹਨ ਅਤੇ (ਆਪ ਨੂੰ) ਗੁਣਵਾਨਾਂ ਦੇ ਪੈਰਾਂ ਦੀ ਖ਼ਾਕ ਸਮਝਦੇ ਹਨ ।੧।

ਮ: ੧ ॥

ਮਿਟੀ ਮੁਸਲਮਾਨ ਕੀ ਪੇੜੈ ਪਈ ਕੁਮ੍ਹਿਆਰ ॥ ਘੜਿ ਭਾਂਡੇ ਇਟਾ ਕੀਆ ਜਲਦੀ ਕਰੇ ਪੁਕਾਰ ॥ ਜਲਿ ਜਲਿ ਰੋਵੈ ਬਪੁੜੀ ਝੜਿ ਝੜਿ ਪਵਹਿ ਅੰਗਿਆਰ ॥ ਨਾਨਕ ਜਿਨਿ ਕਰਤੈ ਕਾਰਣੁ ਕੀਆ ਸੋ ਜਾਣੈ ਕਰਤਾਰੁ ॥੨॥

ਪਦ ਅਰਥ :–ਕੀਆ–ਬਣਾਈਆਂ । ਕਰੇ ਪੁਕਾਰ–(ਉਹ ਮਿੱਟੀ, ਮਾਨੋ) ਪੁਕਾਰ ਕਰਦੀ ਹੈ । ਜਲਿ ਜਲਿ–ਸੜ ਸੜ ਕੇ। ਪਵਹਿ–(ਭੁੰਏ) ਡਿਗਦੇ ਹਨ । ਜਿਨਿ ਕਰਤੈ–ਜਿਸ ਕਰਤਾਰ ਨੇ। ਕਾਰਣੁ–ਜਗਤ ਦੀ ਮਾਇਆ ।੨।

ਅਰਥ :–(ਮੁਸਲਮਾਨ ਇਹ ਖ਼ਿਆਲ ਕਰਦੇ ਹਨ ਕਿ ਮਰਨ ਤੋਂ ਪਿਛੋਂ ਜਿਨ੍ਹਾਂ ਦਾ ਸਰੀਰ ਸਾੜਿਆ ਜਾਂਦਾ ਹੈ, ਉਹ ਦੋਜ਼ਕ ਦੀ ਅੱਗ ਵਿਚ ਸੜਦੇ ਹਨ, ਪਰ) ਉਸ ਥਾਂ ਦੀ ਮਿੱਟੀ ਭੀ, ਜਿੱਥੇ ਮੁਸਲਮਾਨ ਮੁਰਦੇ ਦੱਬਦੇ ਹਨ (ਕਈ ਵਾਰ) ਕੁਮ੍ਹਿਆਰ ਦੇ ਵੱਸ ਪੈ ਜਾਂਦੀ ਹੈ (ਭਾਵ, ਉਹ ਮਿੱਟੀ ਚੀਕਣੀ ਹੋਣ ਕਰਕੇ, ਕੁਮ੍ਹਿਆਰ ਉਸ ਮਿੱਟੀ ਨੂੰ) ਘੜ ਕੇ (ਉਸ ਦੇ) ਭਾਂਡੇ ਤੇ ਇੱਟਾਂ ਬਣਾਉਂਦਾ ਹੈ, (ਤੇ ਆਵੀ ਵਿਚ ਪਾ ਕੇ, ਉਹ ਮਿੱਟੀ, ਮਾਨੋ) ਸੜਦੀ ਹੋਈ ਪੁਕਾਰ ਕਰਦੀ ਹੈ, ਸੜ ਸੜ ਕੇ ਵਿਚਾਰੀ ਰੋਂਦੀ ਹੈ ਤੇ ਉਸ ਵਿਚੋਂ ਅੰਗਿਆਰੇ ਝੜ ਝੜ ਕੇ ਡਿਗਦੇ ਹਨ,

(ਪਰ ਨਿਜਾਤ ਜਾਂ ਦੋਜ਼ਕ ਦਾ, ਮੁਰਦਾ-ਸਰੀਰ ਦੇ ਸਾੜਨ ਜਾਂ ਦੱਬਣ ਨਾਲ ਕੋਈ ਸੰਬੰਧ ਨਹੀਂ ਹੈ), ਹੇ ਨਾਨਕ ! ਜਿਸ ਕਰਤਾਰ ਨੇ ਜਗਤ ਦੀ ਮਾਇਆ ਰਚੀ ਹੈ, ਉਹੀ (ਅਸਲ ਭੇਦ ਨੂੰ) ਜਾਣਦਾ ਹੈ ।੨।

ਭਾਵ—ਜਦੋਂ ਜੀਵਾਤਮਾ ਆਪਣਾ ਸਰੀਰ-ਚੋਲਾ ਛੱਡ ਜਾਏ, ਤਾਂ ਉਸ ਸਰੀਰ ਨੂੰ ਦੱਬਣ ਜਾਂ ਸਾੜਨ ਆਦਿਕ ਕਿਸੇ ਕਿਰਿਆ ਦਾ ਕੋਈ ਅਸਰ ਜੀਵਾਤਮਾ ਉੱਤੇ ਨਹੀਂ ਪੈ ਸਕਦਾ। ਜਿਤਨਾ ਚਿਰ ਇਸ ਸਰੀਰ ਵਿਚ ਰਹਿੰਦਾ ਸੀ, ਤਦੋਂ ਦੇ ਕੀਤੇ ਹੋਏ ਕਰਮਾਂ ਅਨੁਸਾਰ ਹੀ ਉਸ ਦੀ ਕਿਸਮਤ ਦਾ ਫ਼ੈਸਲਾ ਹੁੰਦਾ ਹੈ।

ਉਹ ਫ਼ੈਸਲਾ ਕੀ ਹੈ ? ਹਰੇਕ ਜੀਵ ਸੰਬੰਧੀ ਇਸ ਪ੍ਰਸ਼ਨ ਦੇ ਉੱਤਰ ਨੂੰ ਤਾਂ ਕਰਤਾਰ ਹੀ ਜਾਣਦਾ ਹੈ, ਜਿਸ ਨੇ ਜਗਤ-ਮਰਯਾਦਾ ਰਚੀ ਹੈ (ਭਾਵ, ਰੱਬ ਆਪ ਹੀ ਜਾਣਦਾ ਹੈ ਕਿ ਜੀਵ ਆਪਣੀ ਕਮਾਈ ਅਨੁਸਾਰ ਉਸ ਦੇ ਹੁਕਮ ਵਿਚ ਕਿੱਥੇ ਜਾ ਅੱਪੜਿਆ ਹੈ)। ਸੋ ਇਹ ਝਗੜਾ ਵਿਅਰਥ ਹੈ। ਇਕ ਵਿਚਾਰ, ਜੋ ਹਰੇਕ ਜੀਵ ਲਈ ਗੁਣਕਾਰੀ ਹੈ, ਉਹ ਇਹ ਹੈ—

"ਉਤਮੁ ਏਹੁ ਬੀਚਾਰੁ ਹੈ ਜਿਨਿ ਸਚੇ ਸਿਉ
ਚਿਤੁ ਲਾਇਆ ॥ ਜਗ ਜੀਵਨੁ ਦਾਤਾ ਪਾਇਆ ॥"

ਤੀਜੀ ਪਾਤਸ਼ਾਹੀ ਭੀ ਇਸੇ ਖ਼ਿਆਲ ਨੂੰ ਇਉਂ ਫ਼ੁਰਮਾਉਂਦੇ ਹਨ :—

ਇਕਿ ਦਝਹਿ ਇਕਿ ਦਬੀਅਹਿ ਇਕਨਾ ਕੁਤੇ ਖਾਹਿ ॥
ਇਕਿ ਪਾਣੀ ਵਿਚਉ ਸਟੀਅਹਿ ਇਕਿ ਭੀ ਫਿਰਿ ਹਸਣਿ ਪਾਹਿ ॥
ਨਾਨਕ ਏਵ ਨ ਜਾਪਈ ਕਿਥੈ ਜਾਹਿ ਸਮਾਹਿ ॥੨॥੧੬॥

[ਸੋਰਠਿ ਕੀ ਵਾਰ, ਮ: ੩

ਪਉੜੀ ॥

ਬਿਨੁ ਸਤਿਗੁਰ ਕਿਨੈ ਨ ਪਾਇਓ ਬਿਨੁ ਸਤਿਗੁਰ ਕਿਨੈ ਨ ਪਾਇਆ ॥ ਸਤਿਗੁਰ ਵਿਚਿ ਆਪੁ ਰਖਿਓਨੁ ਕਰਿ ਪਰਗਟੁ ਆਖਿ ਸੁਣਾਇਆ ॥ ਸਤਿਗੁਰ

ਮਿਲਿਐ ਸਦਾ ਮੁਕਤੁ ਹੈ ਜਿਨਿ ਵਿਚਹੁ ਮੋਹੁ ਚੁਕਾਇਆ ॥ ਉਤਮੁ ਏਹੁ ਬੀਚਾਰੁ ਹੈ ਜਿਨਿ ਸਚੇ ਸਿਉ ਚਿਤੁ ਲਾਇਆ ॥ ਜਗ ਜੀਵਨੁ ਦਾਤਾ ਪਾਇਆ ॥੬॥

ਨੋਟ–'ਪਾਇਓ' ਤੇ 'ਪਾਇਆ' ਦੇ ਅਰਥ ਇਹ ਕਰਨੇ ਕਿ 'ਪਿਛਲੇ ਸਮੇ ਵਿਚ ਪਾਇਆ' ਤੇ 'ਹੁਣ ਪਾਇਆ', ਵਿਆਕਰਣ ਅਨੁਸਾਰ ਅਸ਼ੁੱਧ ਹਨ। ਪਾਇਓ ਤੇ ਪਾਇਆ ਦੋਵੇਂ ਹੀ ਭੂਤ ਕਾਲ ਦੇ ਰੂਪ ਹਨ, ਦੋਹਾਂ ਦਾ ਇਕੋ ਹੀ ਅਰਥ ਹੈ। (ਵੇਖੋ 'ਗੁਰਬਾਣੀ ਵਿਆਕਰਣ')। ਦੋ ਵਾਰੀ ਉਹੋ ਗੱਲ ਆਖਣ ਨਾਲ ਇਸ ਖ਼ਿਆਲ ਉੱਤੇ ਜ਼ੋਰ ਦਿਤਾ ਗਿਆ ਹੈ ਕਿ ਗੁਰੂ ਤੋਂ ਬਿਨਾ ਕਿਸੇ ਨੂੰ ਰੱਬ ਨਹੀਂ ਮਿਲਿਆ।

ਪਦ ਅਰਥ :–ਕਿਨੈ–ਕਿਨਿ ਹੀ, ਕਿਸੇ ਨੇ ਹੀ। ਪਾਇਓ–ਪਾਇਆ। ਰਖਿਓਨੁ–ਉਸ ਨੇ ਰੱਖ ਦਿਤਾ ਹੈ (ਇਸ ਕ੍ਰਿਆ-ਰੂਪ ਨੂੰ ਸਮਝਣ ਵਾਸਤੇ ਵੇਖੋ 'ਗੁਰਬਾਣੀ ਵਿਆਕਰਣ')। ਸਤਿਗੁਰ ਮਿਲਿਐ–ਜੇ (ਇਹੋ ਜਿਹਾ) ਗੁਰੂ ਮਿਲ ਪਏ। ਜਿਨਿ–ਜਿਸ (ਗੁਰੂ) ਨੇ। ਚੁਕਾਇਆ–ਦੂਰ ਕਰ ਦਿਤਾ ਹੈ। ਜਿਨਿ–ਜਿਸ (ਮਨੁੱਖ) ਨੇ। ਜਗ ਜੀਵਨੁ–ਜਗਤ ਦਾ ਜੀਵਨ, ਜਗਤ ਦੀ ਜਾਨ (ਪ੍ਰਭੂ)।

ਅਰਥ :–ਕਿਸੇ ਮਨੁੱਖ ਨੂੰ (ਜਗ ਜੀਵਨੁ ਦਾਤਾ) ਸਤਿਗੁਰੂ ਤੋਂ ਬਿਨਾ (ਭਾਵ, ਸਤਿਗੁਰੂ ਦੀ ਸ਼ਰਨ ਪੈਣ ਤੋਂ ਬਿਨਾ) ਨਹੀਂ ਮਿਲਿਆ, (ਇਹ ਸੱਚ ਜਾਣੋ ਕਿ) ਕਿਸੇ ਮਨੁੱਖ ਨੂੰ ਸਤਿਗੁਰੂ ਦੀ ਸ਼ਰਨ ਪੈਣ ਤੋਂ ਬਿਨਾ ('ਜਗ ਜੀਵਨੁ ਦਾਤਾ') ਨਹੀਂ ਮਿਲਿਆ। (ਕਿਉਂਕਿ ਪ੍ਰਭੂ ਨੇ) ਆਪਣੇ ਆਪ ਨੂੰ ਰੱਖਿਆ ਹੀ ਸਤਿਗੁਰੂ ਦੇ ਅੰਦਰ ਹੈ, (ਭਾਵ, ਪ੍ਰਭੂ ਗੁਰੂ ਦੇ ਅੰਦਰ ਸਾਖਿਆਤ ਹੋਇਆ ਹੈ), (ਅਸਾਂ ਹੁਣ ਇਹ ਗੱਲ ਸਭ ਨੂੰ) ਖੁਲ੍ਹਮ-ਖੁਲ੍ਹਾ ਆਖ ਕੇ ਸੁਣਾ ਦਿੱਤੀ ਹੈ। ਜੇ (ਇਹੋ ਜਿਹਾ) ਗੁਰੂ, ਜਿਸ ਨੇ ਅੰਦਰੋ ਅੰਦਰ ਮਾਇਆ ਦਾ ਮੋਹ ਦੂਰ ਕਰ ਦਿਤਾ ਹੈ,

ਮਨੁੱਖ ਨੂੰ ਮਿਲ ਪਏ ਤਾਂ ਮਨੁੱਖ ਮੁਕਤ, ਭਾਵ, ਮਾਇਕ ਬੰਧਨਾਂ ਤੋਂ ਆਜ਼ਾਦ) ਹੋ ਜਾਂਦਾ ਹੈ।

(ਹੋਰ ਸਾਰੀਆਂ ਸਿਆਣਪਾਂ ਨਾਲੋਂ) ਇਹ ਵਿਚਾਰ ਸੋਹਣੀ ਹੈ ਕਿ ਜਿਸ ਮਨੁੱਖ ਨੇ ਆਪਣੇ ਗੁਰੂ ਨਾਲ ਚਿੱਤ ਜੋੜਿਆ ਹੈ ਉਸ ਨੂੰ ਜਗ-ਜੀਵਨ ਦਾਤਾ ਮਿਲ ਪਿਆ ਹੈ।੬।

ਸਲੋਕ ਮ: ੧ ॥

ਹਉ ਵਿਚਿ ਆਇਆ ਹਉ ਵਿਚ ਗਇਆ ॥ ਹਉ ਵਿਚਿ ਜੰਮਿਆ ਹਉ ਵਿਚਿ ਮੂਆ ॥ ਹਉ ਵਿਚਿ ਦਿਤਾ ਹਉ ਵਿਚਿ ਲਇਆ ॥ ਹਉ ਵਿਚਿ ਖਟਿਆ ਹਉ ਵਿਚਿ ਗਇਆ ॥ ਹਉ ਵਿਚਿ ਸਚਿਆਰੁ ਕੂੜਿਆਰ ॥ ਹਉ ਵਿਚਿ ਪਾਪ ਪੁੰਨ ਵੀਚਾਰੁ ॥ ਹਉ ਵਿਚਿ ਨਰਕਿ ਸੁਰਗਿ ਅਵਤਾਰੁ ॥ ਹਉ ਵਿਚਿ ਹਸੈ ਹਉ ਵਿਚਿ ਰੋਵੈ ॥ ਹਉ ਵਿਚਿ ਭਰੀਐ ਹਉ ਵਿਚਿ ਧੋਵੈ ॥ ਹਉ ਵਿਚਿ ਜਾਤੀ ਜਿਨਸੀ ਖੋਵੈ ॥ ਹਉ ਵਿਚਿ ਮੂਰਖੁ ਹਉ ਵਿਚਿ ਸਿਆਣਾ ॥ ਮੋਖ ਮੁਕਤਿ ਕੀ ਸਾਰ ਨ ਜਾਣਾ ॥ ਹਉ ਵਿਚਿ ਮਾਇਆ ਹਉ ਵਿਚਿ ਛਾਇਆ ॥ ਹਉਮੈ ਕਰਿ ਕਰਿ ਜੰਤ ਉਪਾਇਆ ॥ ਹਉਮੈ ਬੂਝੈ ਤਾ ਦਰੁ ਸੂਝੈ ॥ ਗਿਆਨ ਵਿਹੂਣਾ ਕਥਿ ਕਥਿ ਲੂਝੈ ॥ ਨਾਨਕ ਹੁਕਮੀ ਲਿਖੀਐ ਲੇਖੁ ॥ ਜੇਹਾ ਵੇਖਹਿ ਤੇਹਾ ਵੇਖੁ ॥੧॥

ਪਦ ਅਰਥ :—ਹਉ—ਮੈਂ, ਜੀਵ ਦਾ ਆਪਣੀ 'ਮੈਂ' ਦਾ ਖ਼ਿਆਲ, ਆਪਣੀ ਵੱਖਰੀ ਹਸਤੀ ਦਾ ਖ਼ਿਆਲ, ਰੱਬ ਨਾਲੋਂ ਅਡਰੀ ਹੋਂਦ ਦਾ ਖ਼ਿਆਲ। ਗਇਆ—ਗੁਆਚਿਆ, ਨੁਕਸਾਨ ਹੋਇਆ। ਨਰਕਿ ਸੁਰਗਿ ਅਵਤਾਰੁ—ਨਰਕ ਜਾਂ ਸੁਰਗ ਵਿਚ ਪੈਣਾ।

ਭਰੀਐ-(ਪਾਪਾਂ ਦੀ ਮੈਲ ਨਾਲ) ਮਲੀਨ ਹੋ ਜਾਂਦਾ ਹੈ। ਜਾਤੀ ਜਿਨਸੀ-ਜ਼ਾਤ ਪਾਤ। ਸਾਰ-ਸਮਝ। ਛਾਇਆ-(ਮਾਇਆ ਦਾ) ਸਾਇਆ। ਸੂਝੈ-ਸੁਝ ਪੈਂਦਾ ਹੈ, ਦਿੱਸ ਪੈਂਦਾ ਹੈ। ਕਥਿ ਕਥਿ-ਆਖ ਆਖ ਕੇ। ਲੂਝੈ-ਲੁੱਝਦਾ ਹੈ, ਖਿੱਝਦਾ ਹੈ। ਹੁਕਮੀ-(ਰੱਬ ਦੇ) ਹੁਕਮੁ ਅਨੁਸਾਰ। ਲੇਖੁ-(ਇਹ ਹਉਮੈ ਵਾਲਾ) ਲੇਖੁ, ਜੀਵ ਦੇ ਅੰਦਰ ਦਾ ਇਹ ਸੰਸਕਾਰ ਕਿ ਮੈਂ ਇਕ ਅਡਰੀ ਹਸਤੀ ਹਾਂ। ਵੇਖਹਿ-(ਜੀਵ) ਵੇਖਦੇ ਹਨ, (ਹੋਰਨਾਂ ਵਲ) ਵੇਖਦੇ ਹਨ, ਜੀਆਂ ਦੀ ਨੀਅਤ ਹੁੰਦੀ ਹੈ। ਵੇਖੁ-ਦ੍ਰਿਸ਼, ਸ਼ਕਲ, ਸਰੂਪ, ਹਸਤੀ, ਹਉਂ।

ਅਰਥ :-(ਜਦ ਤਾਈਂ ਜੀਵ) 'ਹਉ' ਵਿਚ (ਹੈ, ਭਾਵ, ਰੱਬ ਨਾਲੋਂ ਤੇ ਰੱਬ ਦੀ ਕੁਦਰਤ ਨਾਲੋਂ ਆਪਣੀ ਅਡਰੀ ਹਸਤੀ ਬਣਾਈ ਬੈਠਾ ਹੈ, ਤਦ ਤਾਈਂ ਕਦੇ) ਜਗਤ ਵਿਚ ਆਉਂਦਾ ਹੈ (ਕਦੇ) ਜਗਤ ਤੋਂ ਚਲਾ ਜਾਂਦਾ ਹੈ, ਕਦੇ ਜੰਮਦਾ ਹੈ, ਕਦੇ ਮਰਦਾ ਹੈ। ਜੀਵ ਇਸ ਅਡਰੀ ਹੋਂਦ ਦੀ ਹੱਦਬੰਦੀ ਵਿਚ ਹੀ ਰਹਿ ਕੇ ਕਦੇ (ਕਿਸੇ ਲੋੜਵੰਦੇ ਨੂੰ) ਦੇਂਦਾ ਹੈ, ਕਦੇ (ਆਪਣੀ ਲੋੜ ਪੂਰੀ ਕਰਨ ਲਈ ਕਿਸੇ ਪਾਸੋਂ) ਲੈਂਦਾ ਹੈ। ਇਸੇ 'ਮੈਂ, ਮੈਂ' ਦੇ ਖ਼ਿਆਲ ਵਿਚ (ਕਿ ਇਹ ਕੰਮ 'ਮੈਂ' ਕਰਦਾ ਹਾਂ, 'ਮੈਂ' ਕਰਦਾ ਹਾਂ) ਕਦੇ ਖੱਟਦਾ ਕਦੇ ਗਵਾਉਂਦਾ ਹੈ।

ਜਿਤਨਾ ਚਿਰ ਜੀਵ ਮੇਰ-ਤੇਰ ਵਾਲੀ ਹੱਦਬੰਦੀ ਵਿਚ ਹੈ, (ਲੋਕ ਦੀਆਂ ਨਜ਼ਰਾਂ ਵਿਚ) ਕਦੇ ਸੱਚਾ ਹੈ ਕਦੇ ਝੂਠਾ ਹੈ। ਜਦ ਤਾਈਂ ਆਪਣੇ ਕਾਦਰ ਨਾਲੋਂ ਵਖਰੀ ਹੋਂਦ ਦੇ ਭਰਮ ਵਿਚ ਹੈ, ਤਦ ਤਾਈਂ ਆਪਣੇ ਕੀਤੇ ਪਾਪਾਂ ਤੇ ਪੁੰਨਾਂ ਦੀ ਗਿਣਤੀ ਗਿਣਦਾ ਰਹਿੰਦਾ ਹੈ, (ਭਾਵ, ਇਹ ਸੋਚਦਾ ਹੈ ਕਿ 'ਮੈਂ' ਇਹ ਭਲੇ ਕੰਮ ਕੀਤੇ ਹਨ, 'ਮੈਂ' ਇਹ ਮਾੜੇ ਕੰਮ ਕੀਤੇ ਹਨ) ਤੇ ਇਸੇ ਵਖੇਵੇਂ ਵਿਚ ਰਹਿਣ ਕਰਕੇ (ਭਾਵ, ਰੱਬ ਵਿਚ ਆਪਣਾ ਆਪ ਇਕ-ਰੂਪ ਨ ਕਰਨ ਕਰਕੇ) ਕਦੇ ਨਰਕ ਵਿਚ ਪੈਂਦਾ ਹੈ ਕਦੇ ਸੁਰਗ ਵਿਚ।

ਜਦ ਤਾਈਂ ਆਪਣੇ ਕਰਤਾਰ ਨਾਲੋਂ ਵਖਰੀ ਹੋਂਦ ਵਿਚ ਜੀਵ

ਬੱਝਾ ਪਿਆ ਹੈ, ਤਦ ਤਕ ਕਦੇ ਹੱਸਦਾ ਹੈ, ਕਦੇ ਰੋਂਦਾ ਹੈ (ਭਾਵ, ਆਪਣੇ ਆਪ ਨੂੰ ਕਦੇ ਸੁਖੀ ਸਮਝਦਾ ਹੈ ਕਦੇ ਦੁਖੀ)। ਰੱਬ ਨਾਲੋਂ ਆਪਣੀ ਹਸਤੀ ਵੱਖਰੀ ਰੱਖਣ ਕਰਕੇ ਕਦੇ ਉਸ ਦਾ ਮਨ ਪਾਪਾਂ ਦੀ ਮੈਲ ਵਿਚ ਲਿਬੜ ਜਾਂਦਾ ਹੈ, ਕਦੇ ਉਹ (ਆਪਣੇ ਹੀ ਉਦਮ ਦੇ ਆਸਰੇ) ਉਸ ਮੈਲ ਨੂੰ ਧੋਂਦਾ ਹੈ। ਇਸ ਵਖਰੀ ਹੋਂਦ ਵਿਚ ਗੁਸਿਆ ਹੋਇਆ ਜੀਵ ਕਦੇ ਜਾਤ ਪਾਤ ਦੇ ਖ਼ਿਆਲ ਵਿਚ ਪੈ ਕੇ (ਭਾਵ, ਇਹ ਖ਼ਿਆਲ ਕਰਕੇ ਕਿ ਮੈਂ ਉੱਚੀ ਜਾਤੀ ਦਾ ਹਾਂ, ਆਪਣਾ ਆਪ) ਗਵਾ ਲੈਂਦਾ ਹੈ।

ਜਿਤਨਾ ਚਿਰ ਜੀਵ ਆਪਣੀ ਵਖਰੀ ਹੋਂਦ ਦੀ ਚਾਰ-ਦੀਵਾਰੀ ਦੇ ਅੰਦਰ ਹੈ, ਇਹ (ਲੋਕਾਂ ਦੀ ਨਜ਼ਰ ਵਿਚ) ਕਦੇ ਮੂਰਖ (ਗਿਣਿਆ ਜਾਂਦਾ) ਹੈ, ਕਦੇ ਸਿਆਣਾ, (ਪਰ ਭਾਵੇਂ ਇਹ ਮੂਰਖ ਸਮਝਿਆ ਜਾਏ ਤੇ ਭਾਵੇਂ ਸਿਆਣਾ, ਜਦ ਤਾਈਂ ਇਸ ਹੱਦਬੰਦੀ ਦੇ ਵਿਚ ਬੱਝਾ ਹੋਇਆ ਹੈ, ਇਸ ਹੱਦਬੰਦੀ ਤੋਂ ਬਾਹਰ ਹੋਣ ਦੀ ਹਾਲਤ ਦੀ, ਭਾਵ) ਮੋਖ ਮੁਕਤੀ ਦੀ ਸਮਝ ਇਸ ਨੂੰ ਨਹੀਂ ਆ ਸਕਦੀ।

ਜਦ ਤਾਈਂ ਰੱਬ ਤੋਂ ਵਿਛੋੜੇ ਦੀ ਹਾਲਤ ਵਿਚ ਹੈ, ਤਦ ਤਾਈਂ ਜੀਵ 'ਮਾਇਆ, ਮਾਇਆ' (ਕੂਕਦਾ ਫਿਰਦਾ ਹੈ), ਤਦ ਤਾਈਂ ਇਸ ਉੱਤੇ ਮਾਇਆ ਦਾ ਪਰਭਾਵ ਪਿਆ ਹੋਇਆ ਹੈ, ਰੱਬ ਤੋਂ ਵਿਛੜਿਆ ਰਹਿ ਕੇ ਜੀਵ ਮੁੜ ਮੁੜ ਪੈਦਾ ਹੁੰਦਾ ਹੈ।

ਜਦੋਂ ਰਬ ਤੋਂ ਵਿਛੋੜੇ ਵਾਲੀ ਹਾਲਤ ਨੂੰ ਸਮਝ ਲੈਂਦਾ ਹੈ, (ਭਾਵ, ਜਦੋਂ ਇਸ ਨੂੰ ਸੂਝ ਪੈਂਦੀ ਹੈ ਕਿ ਮੈਂ ਆਪਣੀ ਵਖੇਵੇਂ ਵਾਲੀ ਹੱਦਬੰਦੀ ਵਿਚ ਕੈਦ ਹਾਂ, ਰੱਬ ਨਾਲੋਂ ਟੁਟਿਆ ਪਿਆ ਹਾਂ) ਤਦੋਂ ਇਸਨੂੰ ਰੱਬ ਦਾ ਦਰਵਾਜ਼ਾ ਲੱਭ ਪੈਂਦਾ ਹੈ, (ਨਹੀਂ ਤਾਂ) ਜਦ ਤਕ ਇਸ ਗਿਆਨ ਤੋਂ ਸੱਖਣਾ ਹੈ, ਤਦ ਤਾਈਂ (ਜ਼ਬਾਨੀ ਗਿਆਨ ਦੀਆਂ ਗੱਲਾਂ) ਆਖ ਆਖ ਕੇ (ਆਪਣੇ ਆਪ ਨੂੰ ਗਿਆਨਵਾਨ ਜਾਣ ਕੇ ਸਗੋਂ ਆਪਣਾ ਅੰਦਰ) ਲੂੰਹਦਾ ਹੈ।

ਹੇ ਨਾਨਕ ! ਜੀਵ ਜਿਵੇਂ ਜਿਵੇਂ ਵੇਖਦੇ ਹਨ, ਤਿਹੋ ਜਿਹਾ

ਉਹਨਾਂ ਦਾ ਸਰੂਪ ਬਣ ਜਾਂਦਾ ਹੈ (ਭਾਵ, ਜਿਸ ਜਿਸ ਨੀਯਤ ਨਾਲ ਦੂਜੇ ਮਨੁੱਖਾਂ ਨਾਲ ਵਰਤਦੇ ਹਨ, ਉਸੇ ਤਰ੍ਹਾਂ ਦੇ ਅੰਦਰ ਸੰਸਕਾਰ ਇਕੱਠੇ ਹੋ ਕੇ ਉਹੋ ਜਿਹਾ ਉਹਨਾਂ ਦਾ ਆਪਣਾ; ਵਖਰਾ ਮਾਨਸਕ ਸਰੂਪ ਬਣ ਜਾਂਦਾ ਹੈ, ਉਹੋ ਜਿਹੀ ਉਹਨਾਂ ਦੀ ਵਖਰੀ, ਹਸਤੀ ਬਣ ਜਾਂਦੀ ਹੈ, ਉਹੋ ਜਿਹੀ ਉਹਨਾਂ ਦੀ 'ਹਉ' ਬਣ ਜਾਂਦੀ ਹੈ, (ਪਰ) ਇਹ ਲੇਖ (ਭੀ) ਰੱਬ ਦੇ ਹੁਕਮ ਵਿਚ ਹੀ ਲਿਖਿਆ ਜਾਂਦਾ ਹੈ, (ਭਾਵ, ਹਰੇਕ ਜੀਵ ਦੀ ਇਹ ਵਖੋ ਵੱਖਰੀ ਹਸਤੀ, ਵਖੋ ਵੱਖਰੀ 'ਹਉ' ਰੱਬ ਦੇ ਹੁਕਮ ਅਨੁਸਾਰ ਹੀ ਬਣਦੀ ਹੈ, ਰੱਬ ਦਾ ਇਕ ਅਜਿਹਾ ਨਿਯਮ ਬੱਝਾ ਹੋਇਆ ਹੈ ਕਿ ਹਰੇਕ ਮਨੁੱਖ ਦੇ ਆਪਣੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਉਸ ਦੇ ਦੁਆਲੇ ਆਪਣੇ ਹੀ ਇਹਨਾਂ ਸੰਸਕਾਰਾਂ ਦਾ ਜਾਲ ਤਣਿਆ ਜਾ ਸਕੇ, ਉਸ ਰੱਬੀ ਨਿਯਮ ਦੀ ਰਾਹੀਂ ਮਨੁੱਖ ਦੀ ਆਪਣੀ ਇਕ ਵੱਖਰੀ ਸੁਆਰਥੀ ਹਸਤੀ ਬਣ ਜਾਂਦੀ ਹੈ।)।੧।

ਮ: ੨ ॥

ਹਉਮੈ ਏਹਾ ਜਾਤਿ ਹੈ ਹਉਮੈ ਕਰਮ ਕਮਾਹਿ ॥ ਹਉਮੈ ਏਈ ਬੰਧਨਾ ਫਿਰਿ ਫਿਰਿ ਜੋਨੀ ਪਾਹਿ ॥ ਹਉਮੈ ਕਿਥਹੁ ਉਪਜੈ ਕਿਤੁ ਸੰਜਮਿ ਇਹ ਜਾਇ ॥ ਹਉਮੈ ਏਹੋ ਹੁਕਮੁ ਹੈ ਪਇਐ ਕਿਰਤਿ ਫਿਰਾਹਿ ॥ ਹਉਮੈ ਦੀਰਘ ਰੋਗੁ ਹੈ ਦਾਰੂ ਭੀ ਇਸੁ ਮਾਹਿ ॥ ਕਿਰਪਾ ਕਰੇ ਜੇ ਆਪਣੀ ਤਾ ਗੁਰ ਕਾ ਸਬਦੁ ਕਮਾਹਿ ॥ ਨਾਨਕੁ ਕਹੈ ਸੁਣਹੁ ਜਨਹੁ ਇਤੁ ਸੰਜਮਿ ਦੁਖ ਜਾਹਿ ॥੨॥

ਪਦ ਅਰਥ :–ਜਾਤਿ–ਕੁਦਰਤੀ ਸੁਭਾਉ, ਲੱਖਣ। ਹਉਮੈ ਕਰਮ–ਹਉਮੈ ਦੇ ਕੰਮ, ਉਹ ਕੰਮ ਜਿਨ੍ਹਾਂ ਨਾਲ 'ਹਉ' ਬਣੀ ਰਹੇ। ਏਈ–ਇਹੋ ਹੀ। ਕਿਤੁ ਸੰਜਮਿ–ਕਿਸ ਜੁਗਤੀ ਨਾਲ, ਕਿਸ ਤਰੀਕੇ ਨਾਲ। ਪਇਐ ਕਿਰਤਿ ਫਿਰਾਹਿ–ਕਿਰਤ ਦੇ ਪਾਣ ਦੇ ਕਾਰਨ ਜੀਵ ਫਿਰਦੇ ਹਨ, ਕੀਤੇ ਹੋਏ ਕਰਮਾਂ ਦੇ ਸੰਸਕਾਰਾਂ ਅਨੁਸਾਰ ਜੀਵ ਮੁੜ ਮੁੜ ਉਹਨਾਂ ਹੀ ਕੰਮਾਂ

ਨੂੰ ਕਰਨ ਵਾਸਤੇ ਦੌੜਦੇ ਹਨ। ਦੀਰਘੁ–ਲੰਮਾ, ਢੇਰ ਚਿਰ ਰਹਿਣ ਵਾਲਾ। [ਕਿਸੇ ਕੁਸੰਗ ਵਿਚ ਪੈ ਕੇ ਜਦੋਂ ਇਕ ਦੋ ਵਾਰੀ ਸ਼ਰਾਬ ਪੀਤਿਆਂ ਕਿਸੇ ਮਨੁੱਖ ਨੂੰ ਸ਼ਰਾਬ ਪੀਣ ਦਾ ਚਸਕਾ ਪੈ ਜਾਂਦਾ ਹੈ, ਤਾਂ ਉਹ ਚਸਕਾ ਹੀ ਮੁੜ ਆਪਣੇ ਆਪ ਉਸ ਨੂੰ ਸ਼ਰਾਬ-ਖ਼ਾਨੇ ਵਲ ਲਈ ਫਿਰਦਾ ਹੈ; ਇਸ ਤਰ੍ਹਾਂ ਉਹ ਚਸਕਾ ਹੋਰ ਵਧ ਜਾਂਦਾ ਹੈ, ਇਹ ਇਕ ਦੀਰਘ ਰੋਗ ਬਣ ਜਾਂਦਾ ਹੈ। ਇਸੇ ਤਰ੍ਹਾਂ ਜੋ ਭੀ ਆਦਤ ਇਕ ਵਾਰੀ ਬਣਦੀ ਹੈ, ਉਹ ਆਪਣੇ ਆਪ ਇਸ ਨਿਯਮ ਅਨੁਸਾਰ ਲੰਮੀ ਹੁੰਦੀ ਜਾਂਦੀ ਹੈ।]

ਦਾਰੂ ਭੀ–ਇਲਾਜ ਭੀ ਹੈ (ਭਾਵ, ਇਹ ਹਉਮੈ ਇਲਾਜ ਤੋਂ ਬਿਨਾ ਨਹੀਂ ਹੈ)। ਇਸ ਮਾਹਿ–ਇਸ ਹਉਮੈ ਵਿਚ, ਇਸ ਹਉਮੈ ਦਾ।

ਦਾਰੂ ਭੀ ਇਸੁ ਮਾਹਿ–ਨੋਟ: ਸ਼ਬਦ 'ਭੀ' ਜਿਸ ਸ਼ਬਦ ਦੇ ਨਾਲ ਵਰਤਿਆ ਜਾਂਦਾ ਹੈ, ਉਚਾਰਨ ਵਿਚ ਤੇ ਅਰਥ ਵਿਚ ਉਸ ਉੱਤੇ ਜ਼ੋਰ ਦੇਈਦਾ ਹੈ। ਇਸ ਉਪਰਲੀ ਤੁਕ ਵਿਚ ਸ਼ਬਦ 'ਦਾਰੂ' ਨੂੰ ਬਾਕੀ ਸ਼ਬਦਾਂ ਨਾਲੋਂ ਵਧੀਕ ਜ਼ੋਰ ਦੇ ਕੇ ਪੜ੍ਹਨਾ ਹੈ। ਇਸ ਤਰ੍ਹਾਂ ਪਾਠ ਕਰਨ ਦੇ ਨਾਲ ਹੀ ਇਸ ਦਾ ਅਰਥ ਭੀ ਖੁਲ੍ਹ ਜਾਂਦਾ ਹੈ। ਕਈ ਸੱਜਣ ਪਾਠ ਵੇਲੇ ਸ਼ਬਦ 'ਇਸੁ' ਉਤੇ ਜ਼ੋਰ ਦੇਂਦੇ ਹਨ, ਜਿਸ ਦਾ ਸਿੱਟਾ ਇਹ ਨਿਕਲਦਾ ਹੈ ਕਿ ਅਰਥ ਕਰਨ ਵੇਲੇ ਔਝੜੇ ਪੈ ਜਾਈਦਾ ਹੈ, ਕਿਉਂਕਿ ਵਧੀਕ ਧਿਆਨ ਸ਼ਬਦ 'ਇਸੁ' ਵਲ ਰਹਿੰਦਾ ਹੈ। ਇਹੀ ਕਾਰਨ ਹੈ ਕਿ ਕਈ ਸੱਜਣ ਇਸ ਤੁਕ ਦਾ ਅਰਥ ਕਰਨ ਵੇਲੇ ਇਹ ਪੁੱਛਦੇ ਸੁਣੀਦੇ ਹਨ ਕਿ 'ਇਸ ਹਉਮੈ ਦੇ ਵਿਚ ਹੀ ਦਾਰੂ ਕਿਸ ਤਰ੍ਹਾਂ ਹੈ'।

ਨਾਨਕ ਕਹੈ–ਨਾਨਕ ਆਖਦਾ ਹੈ। ਇਤੁ ਸੰਜਮਿ–ਇਸ ਜੁਗਤੀ ਨਾਲ।

ਅਰਥ :–'ਹਉਮੈ' ਦਾ ਸੁਭਾਉ ਇਹੀ ਹੈ (ਭਾਵ, ਜੇ ਰੱਬ ਨਾਲੋਂ ਵਖਰੀ ਅਪਣੱਤ ਬਣੀ ਰਹੇ ਤਾਂ ਉਸ ਦਾ ਸਿੱਟਾ ਇਹੀ ਨਿਕਲਦਾ ਹੈ ਕਿ ਜੀਵ) ਉਹੀ ਕੰਮ ਕਰਦੇ ਹਨ ਜਿਨ੍ਹਾਂ ਨਾਲ ਇਹ ਵਖਰੀ ਹੋਂਦ ਟਿਕੀ ਰਹੇ। ਇਸ ਵਖਰੀ ਹੋਂਦ ਦੇ ਬੰਧਨ ਭੀ ਇਹੀ ਹਨ (ਭਾਵ, ਵਖਰੀ ਹੋਂਦ

ਦੇ ਆਸਰੇ ਕੀਤੇ ਹੋਏ ਕੰਮਾਂ ਦੇ ਸੰਸਕਾਰ ਰੂਪ ਜ਼ੰਜੀਰ ਭੀ ਇਹੀ ਹਨ, ਜਿਨ੍ਹਾਂ ਦੇ ਅੰਦਰ ਘੇਰੇ ਹੋਏ ਜੀਵ ਮੁੜ ਮੁੜ ਜੂਨਾਂ ਵਿਚ ਪੈਂਦੇ ਹਨ।

(ਸੁਤੇ ਹੀ ਮਨ ਵਿਚ ਪ੍ਰਸ਼ਨ ਉਠਦਾ ਹੈ ਕਿ ਜੀਵ ਦਾ) ਇਹ ਅੱਡਰੀ ਹਸਤੀ ਵਾਲਾ ਭਰਮ ਕਿੱਥੋਂ ਪੈਦਾ ਹੁੰਦਾ ਹੈ ਅਤੇ ਕਿਸ ਤਰੀਕੇ ਨਾਲ ਇਹ ਦੂਰ ਹੋ ਸਕਦਾ ਹੈ।

(ਇਸ ਗੱਲ ਦਾ ਉੱਤਰ ਇਹ ਹੈ ਕਿ) ਇਹ ਵਖਰੀ ਸ਼ਖ਼ਸੀਅਤ (ਬਣਾਣ ਵਾਲਾ ਰੱਬ ਦਾ) ਹੁਕਮ ਹੈ ਅਤੇ ਜੀਵ ਪਿਛਲੇ ਕੀਤੇ ਹੋਏ ਕੰਮਾਂ ਦੇ ਸੰਸਕਾਰਾਂ ਅਨੁਸਾਰ ਮੁੜ ਉਹਨਾਂ ਹੀ ਕੰਮਾਂ ਨੂੰ ਕਰਨ ਵਲ ਦੌੜਦੇ ਹਨ (ਭਾਵ, ਪਹਿਲੀ ਹੀ ਸ਼ਖ਼ਸੀਅਤ ਨੂੰ ਕਾਇਮ ਰਖਣ ਵਾਲੇ ਕੰਮ ਕਰਨਾ ਲੋਚਦੇ ਹਨ)।

ਇਹ ਹਉਮੈ ਇਕ ਲੰਮਾ ਰੋਗ ਹੈ, ਪਰ ਇਹ ਲਾ-ਇਲਾਜ ਨਹੀਂ ਹੈ। ਜੇ ਪ੍ਰਭੂ ਆਪਣੀ ਮਿਹਰ ਕਰੇ ਤਾਂ ਜੀਵ ਗੁਰੂ ਦਾ ਸ਼ਬਦ ਕਮਾਂਦੇ ਹਨ। ਨਾਨਕ ਆਖਦਾ ਹੈ, ਹੇ ਲੋਕੋ, ਇਸ ਤਰੀਕੇ ਨਾਲ (ਹਉਮੈ ਰੂਪੀ ਦੀਰਘ ਰੋਗ ਤੋਂ ਪੈਦਾ ਹੋਏ ਹੋਏ) ਦੁਖ ਦੂਰ ਹੋ ਜਾਂਦੇ ਹਨ।੨।

ਪਉੜੀ ॥

ਸੇਵ ਕੀਤੀ ਸੰਤੋਖੀਈਂ ਜਿਨ੍ਹੀ ਸਚੋ ਸਚੁ ਧਿਆਇਆ ॥ ਓਨ੍ਹੀ ਮੰਦੈ ਪੈਰੁ ਨ ਰਖਿਓ ਕਰਿ ਸੁਕ੍ਰਿਤੁ ਧਰਮੁ ਕਮਾਇਆ ॥ ਓਨ੍ਹੀ ਦੁਨੀਆ ਤੋੜੇ ਬੰਧਨਾ ਅੰਨੁ ਪਾਣੀ ਥੋੜਾ ਖਾਇਆ ॥ ਤੂੰ ਬਖਸੀਸੀ ਅਗਲਾ ਨਿਤ ਦੇਵਹਿ ਚੜਹਿ ਸਵਾਇਆ ॥ ਵਡਿਆਈ ਵਡਾ ਪਾਇਆ ॥੭॥

ਪਦ ਅਰਥ :– ਸੰਤੋਖੀਈਂ–ਸੰਤੋਖੀ ਮਨੁੱਖਾਂ ਨੇ। ਸਚੋ ਸਚੁ–ਨਿਰੋਲ ਸੱਚਾ (ਰੱਬ)। ਮੰਦੈ–ਮੰਦੇ ਥਾਂ ਤੇ। ਸੁਕ੍ਰਿਤ–ਭਲਾ ਕੰਮ। ਧਰਮੁ ਕਮਾਇਆ–ਧਰਮ ਅਨੁਸਾਰ ਆਪਣਾ ਜੀਵਨ ਬਣਾਇਆ ਹੈ। ਬਖਸੀਸੀ–ਬਖ਼ਸ਼ਸ਼ ਕਰਨ ਵਾਲਾ। ਅਗਲਾ–ਵੱਡਾ, ਬਹੁਤ।

ਦੇਵਹਿ–(ਹੇ ਹਰੀ !) ਤੂੰ ਜੀਵਾਂ ਨੂੰ ਦਾਤਾਂ ਦੇਂਦਾ ਹੈਂ। ਚੜਹਿ–ਤੂੰ ਚੜ੍ਹਦਾ ਹੈਂ, ਤੂੰ ਵਧਦਾ ਹੈਂ। ਸਵਾਇਆ–ਬਹੁਤ, ਵਧੀਕ। ਵਡਿਆਈ–(ਇਸ ਤਰ੍ਹਾਂ) ਵਡਿਆਈ ਕਰਕੇ।੭।

ਅਰਥ :–ਜਿਹੜੇ ਸੰਤੋਖੀ ਮਨੁੱਖ ਸਦਾ ਇਕ ਅਵਿਨਾਸ਼ੀ ਪ੍ਰਭੂ ਨੂੰ ਸਿਮਰਦੇ ਹਨ, (ਪ੍ਰਭੂ ਦੀ) ਸੇਵਾ ਉਹੀ ਕਰਦੇ ਹਨ। ਉਹ ਕਦੇ ਮੰਦੇ ਕੰਮ ਦੇ ਨੇੜੇ ਨਹੀਂ ਜਾਂਦੇ, ਭਲਾ ਕੰਮ ਕਰਦੇ ਹਨ ਅਤੇ ਧਰਮ-ਅਨੁਸਾਰ ਆਪਣਾ ਜੀਵਨ ਨਿਬਾਹੁੰਦੇ ਹਨ। ਦੁਨੀਆ ਦੇ ਧੰਦਿਆਂ ਵਿਚ ਖਚਤ ਕਰਨ ਵਾਲੇ ਮਾਇਆ ਦੇ ਮੋਹ ਰੂਪ ਜ਼ੰਜੀਰ ਉਹਨਾਂ ਤੋੜ ਦਿਤੇ ਹਨ, ਥੋੜ੍ਹਾ ਖਾਂਦੇ ਹਨ ਅਤੇ ਥੋੜ੍ਹਾ ਹੀ ਪੀਂਦੇ ਹਨ (ਭਾਵ, ਖਾਣ ਪੀਣ ਚਸਕੇ ਦੀ ਖ਼ਾਤਰ ਨਹੀਂ, ਸਰੀਰਕ ਨਿਰਬਾਹ ਵਾਸਤੇ ਹੈ)। "ਹੇ ਪ੍ਰਭੂ ! ਤੂੰ ਬੜੀਆਂ ਬਖ਼ਸ਼ਸ਼ਾਂ ਕਰਨ ਵਾਲਾ ਹੈਂ, ਸਦਾ ਜੀਵਾਂ ਨੂੰ ਦਾਤਾਂ ਬਖ਼ਸ਼ਦਾ ਹੈਂ"–ਇਸ ਤਰ੍ਹਾਂ ਦੀ ਪ੍ਰਭੂ ਸਿਫ਼ਤ-ਸਲਾਹ ਕਰ ਕੇ ਉਹ ਸੰਤੋਖੀ ਮਨੁੱਖ ਪ੍ਰਭੂ ਨੂੰ ਪ੍ਰਾਪਤ ਕਰ ਲੈਂਦੇ ਹਨ।੭।

ਸਲੋਕ ਮ: ੧ ॥

ਪੁਰਖਾਂ ਬਿਰਖਾਂ ਤੀਰਥਾਂ ਤਟਾਂ ਮੇਘਾਂ ਖੇਤਾਂਹ ॥ ਦੀਪਾਂ ਲੋਆਂ ਮੰਡਲਾਂ ਖੰਡਾਂ ਵਰਭੰਡਾਂਹ ॥ ਅੰਡਜ ਜੇਰਜ ਉਤਭੁਜਾਂ ਖਾਣੀ ਸੇਤਜਾਂਹ ॥ ਸੋ ਮਿਤਿ ਜਾਣੈ ਨਾਨਕਾ ਸਰਾਂ ਮੇਰਾਂ ਜੰਤਾਹ ॥ ਨਾਨਕ ਜੰਤ ਉਪਾਇ ਕੈ ਸੰਮ੍ਾਲੇ ਸਭਨਾਹ ॥ ਜਿਨਿ ਕਰਤੈ ਕਰਣਾ ਕੀਆ ਚਿੰਤਾ ਭਿ ਕਰਣੀ ਤਾਹ ॥ ਸੋ ਕਰਤਾ ਚਿੰਤਾ ਕਰੇ ਜਿਨਿ ਉਪਾਇਆ ਜਗੁ ॥ ਤਿਸੁ ਜੋਹਾਰੀ ਸੁਅਸਤਿ ਤਿਸੁ ਤਿਸੁ ਦੀਬਾਣੁ ਅਭਗੁ ॥ ਨਾਨਕ ਸਚੇ ਨਾਮ ਬਿਨੁ ਕਿਆ ਟਿਕਾ ਕਿਆ ਤਗੁ ॥੧॥

(ਨੋਟ—ਅਰਥ ਕਰਨ ਵੇਲੇ ਚੌਥੀ ਤੁਕ ਦਾ ਲਫ਼ਜ਼ 'ਮਿਤਿ', ਲਫ਼ਜ਼ 'ਪੁਰਖਾ' ਤੋਂ ਲੈ ਕੇ 'ਜੰਤਾਹ' ਤਕ ਹਰੇਕ 'ਨਾਂਵ' ਦੇ ਨਾਲ ਵਰਤਿਆ ਜਾਏਗਾ।)

ਪਦ ਅਰਥ :—ਮਿਤਿ—ਅੰਦਾਜ਼ਾ, ਮਰਯਾਦਾ। ਤਟਾਂ—ਨਦੀਆਂ ਦੇ ਕਿਨਾਰਿਆਂ ਦਾ। ਮੇਘ—ਬੱਦਲ। ਦੀਪੁ—ਉਹ ਧਰਤੀ ਜਿਸ ਦੇ ਦੋ ਪਾਸਿਆਂ ਵਲ ਪਾਣੀ ਹੋਵੇ। ਲੋਅ—ਲੋਕ, ਸਾਰੇ ਜਗਤ ਦਾ ਇਕ ਹਿਸਾ। ਸਾਧਾਰਨ ਤੌਰ ਤੇ ਤਿੰਨ ਲੋਕ ਗਿਣੇ ਗਏ ਹਨ—ਸੁਰਗ, ਪ੍ਰਿਥਵੀ ਅਤੇ ਪਾਤਾਲ; ਪਰ ਇਸ ਤੋਂ ਵਧੇਰੀ ਗਿਣਤੀ ੧੪ ਭੀ ਕੀਤੀ ਗਈ ਹੈ, ਸੱਤ ਲੋਕ ਧਰਤੀ ਤੋਂ ਉਤਾਂਹ ਅਤੇ ਸਤ ਲੋਕ ਧਰਤੀ ਦੇ ਹੇਠਲੇ ਪਾਸੇ। ਮੰਡਲ—ਚੱਕਰ, ਚੰਦ, ਸੂਰਜ, ਧਰਤੀ ਆਦਿਕ ਕੁਝ ਗ੍ਰਹਿਆਂ ਦਾ ਇਕ ਇਕੱਠ ਜਾਂ ਚੱਕਰ। ਖੰਡ—ਟੋਟਾ, ਹਿੱਸਾ, ਧਰਤੀ ਦਾ ਇਕ ਹਿੱਸਾ, ਜਿਵੇਂ 'ਭਰਤਖੰਡ'। ਵਰਭੰਡ—ਬ੍ਰਹਿਮੰਡ, 'ਬ੍ਰਹਮ' ਦਾ ਅੰਡਾ, ਸ੍ਰਿਸ਼ਟੀ। ਅੰਡਜ—ਆਂਡਿਆਂ ਤੋਂ ਪੈਦਾ ਹੋਣ ਵਾਲੇ ਜੀਵ, ਪੰਛੀ ਆਦਿਕ। ਜੇਰਜ—ਜਿਓਰ ਤੋਂ ਪੈਦਾ ਹੋਏ ਜੀਵ, ਪਸ਼ੂ ਮਨੁੱਖ ਆਦਿਕ। ਉਤਭੁਜ—ਧਰਤੀ ਵਿਚੋਂ ਉੱਗਣ ਵਾਲੇ, ਬਨਾਸਪਤੀ। ਖਾਣੀ—ਉਤਪਤੀ ਦੀ ਥਾਂ (ਸ੍ਰਿਸ਼ਟੀ ਦੀ ਉਤਪੱਤੀ ਦੇ ਚਾਰ ਤਰੀਕੇ ਮੰਨੇ ਗਏ ਹਨ—ਅੰਡਜ ਜੇਰਜ, ਉਤਭੁਜ ਅਤੇ ਸੇਤਜ)। ਸੇਤਜ—(ਸ੍ਵੇਦਜ) ਪਸੀਨੇ ਤੋਂ ਪੈਦਾ ਹੋਏ ਜੀਵ, ਜੂਆਂ ਆਦਿਕ। ਸੋ—ਉਹ ਪ੍ਰਭੂ। ਸਰਾਂ—ਸਰੋਵਰਾਂ ਦੀ। ਮੇਰਾਂ—ਮੇਰੂ (ਵਰਗੇ) ਪਰਬਤਾਂ ਦੀ। ਜੰਤਾਹ—ਸਾਰੇ ਜੀਵਾਂ ਦੀ। ਸੰਮ੍ਹਾਲੇ—ਸੰਭਾਲ ਕਰਦਾ ਹੈ। ਜਿਨਿ ਕਰਤੈ—ਜਿਸ ਕਰਤਾਰ ਨੇ। ਕਰਣਾ—ਸ੍ਰਿਸ਼ਟੀ। ਤਾਹ—ਉਸ ਕਰਤਾਰ ਨੇ। ਜੋਹਾਰੀ—ਮੈਂ ਪ੍ਰਣਾਮ ਕਰਦਾ ਹਾਂ, ਮੈਂ ਸਦਕੇ ਹਾਂ। ਸੁਅਸਤਿ—ਜੈ ਹੋਵੇ, ਸਦਾ ਅਟੱਲ ਰਹੇ। ਸੁਅਸਤਿ ਤਿਸੁ—ਉਸ ਪ੍ਰਭੂ ਦੀ ਜੈ ਹੋਵੇ। ਤਿਸੁ ਦੀਬਾਣੁ—ਉਸ ਪ੍ਰਭੂ ਦਾ ਆਸਰਾ। ਅਭਗੁ—ਨਾ ਨਾਸਹੋਣ ਵਾਲਾ। ਕਿਆ ਟਿਕਾ ਕਿਆ ਤਗੁ—ਟਿੱਕਾ ਤੇ ਜਨੇਊ ਕੀ ਹਨ ? ਟਿੱਕਾ ਤੇ ਜਨੇਊ ਆਦਿਕ ਬਾਹਰ ਦੇ ਦਿਖਾਵੇ ਦੇ ਚਿੰਨ੍ਹ ਵਿਅਰਥ ਹਨ।

ਅਰਥ :–ਮਨੁੱਖ, ਰੁੱਖ, ਤੀਰਥ, ਤਟ (ਭਾਵ, ਨਦੀਆਂ), ਬੱਦਲ, ਖੇਤ, ਦੀਪ, ਲੋਕ, ਮੰਡਲ, ਖੰਡ, ਬ੍ਰਹਿਮੰਡ, ਸਰ, ਮੇਰ ਆਦਿਕ ਪਰਬਤ, ਚਾਰੇ ਖਾਣੀਆਂ (ਅੰਡਜ, ਜੇਰਜ, ਉਤਭੁਜ, ਸੇਤਜ) ਦੇ ਜੀਵ ਜੰਤ–ਇਹਨਾਂ ਸਭਨਾਂ ਦੀ ਗਿਣਤੀ ਦਾ ਅੰਦਾਜ਼ਾ ਉਹੀ ਪ੍ਰਭੂ ਜਾਣਦਾ ਹੈ (ਜਿਸ ਨੇ ਇਹ ਸਭ ਪੈਦਾ ਕੀਤੇ ਹਨ)।

ਹੇ ਨਾਨਕ ! ਸਾਰੇ ਜੀਅ ਜੰਤ ਪੈਦਾ ਕਰ ਕੇ ਪ੍ਰਭੂ ਉਹਨਾਂ ਸਭਨਾਂ ਦੀ ਪਾਲਨਾ ਭੀ ਕਰਦਾ ਹੈ। ਜਿਸ ਕਰਤਾਰ ਨੇ ਇਹ ਸ੍ਰਿਸ਼ਟੀ ਰਚੀ ਹੈ, ਇਸ ਦੀ ਪਾਲਨਾ ਦਾ ਫ਼ਿਕਰ ਭੀ ਉਸੇ ਨੂੰ ਹੀ ਹੈ।

ਜਿਸ ਕਰਤਾਰ ਨੇ ਜਗਤ ਪੈਦਾ ਕੀਤਾ ਹੈ, ਉਹੀ ਇਹਨਾਂ ਦਾ ਖ਼ਿਆਲ ਰੱਖਦਾ ਹੈ, ਮੈਂ ਉਸੇ ਤੋਂ ਸਦਕੇ ਹਾਂ, ਉਸੇ ਦੀ ਜੈ-ਜੈਕਾਰ ਆਖਦਾ ਹਾਂ (ਭਾਵ, ਉਸੇ ਦੀ ਸਿਫ਼ਤ ਸਾਲਾਹ ਕਰਦਾ ਹਾਂ) ਉਸ ਪ੍ਰਭੂ ਦਾ ਆਸਰਾ (ਜੀਵਾਂ ਵਾਸਤੇ) ਸਦਾ ਅਟੱਲ ਹੈ। ਹੇ ਨਾਨਕ ! ਉਸ ਹਰੀ ਦਾ ਸੱਚਾ ਨਾਮ ਸਿਮਰਨ ਤੋਂ ਬਿਨਾ ਟਿੱਕਾ ਜਨੇਊ ਆਦਿਕ ਧਾਰਮਿਕ ਭੇਖ ਕਿਸੇ ਅਰਥ ਨਹੀਂ।੧।

ਮ: ੧ ॥

ਲਖ ਨੇਕੀਆ ਚੰਗਿਆਈਆ ਲਖ ਪੁੰਨਾ ਪਰਵਾਣੁ ॥ ਲਖ ਤਪ ਉਪਰਿ ਤੀਰਥਾਂ ਸਹਜ ਜੋਗ ਬੇਬਾਣ ॥ ਲਖ ਸੂਰਤਣ ਸੰਗਰਾਮ ਰਣ ਮਹਿ ਛੁਟਹਿ ਪਰਾਣ ॥ ਲਖ ਸੁਰਤੀ ਲਖ ਗਿਆਨ ਧਿਆਨ ਪੜੀਅਹਿ ਪਾਠ ਪੁਰਾਣ ॥ ਜਿਨਿ ਕਰਤੈ ਕਰਣਾ ਕੀਆ ਲਿਖਿਆ ਆਵਣ ਜਾਣੁ ॥ ਨਾਨਕ ਮਤੀ ਮਿਥਿਆ ਕਰਮੁ ਸਚਾ ਨੀਸਾਣੁ ॥੨॥

ਪਦ ਅਰਥ :–ਪੁੰਨਾ–ਧਰਮ ਦੇ ਕੰਮ। ਪਰਵਾਣੁ–(ਜੋ ਲੋਕਾਂ ਦੀਆਂ ਨਜ਼ਰਾਂ ਵਿਚ)ਕਬੂਲ (ਹੋਣ)। ਸਹਜ–ਸੁਭਾਵਿਕ, ਸ਼ਾਂਤੀ-ਪੂਰਵਕ,

ਆਪਣੇ ਧੁਰ ਅਸਲੇ ਨਾਲ ਇਕ-ਮਿਕ ਹੋ ਕੇ। ਜੋਗ–ਯੋਗ ਮੱਤ ਅਨੁਸਾਰ ਚਿੱਤ ਦੇ ਫੁਰਨਿਆਂ ਨੂੰ ਰੋਕਣ ਦਾ ਨਾਉਂ 'ਜੋਗ' ਹੈ। ਬੇਬਾਣ–ਜੰਗਲਾਂ ਵਿਚ। ਸੂਰਤਣ–ਸੂਰਮਤਾ। ਸੰਗਰਾਮ–ਰਣ-ਭੂਮੀਆਂ ਵਿਚ। ਰਣ ਮਹਿ–ਜੰਗ ਵਿਚ। ਛੁਟਹਿ ਪਰਾਣ–ਪ੍ਰਾਣ ਨਿਕਲਣ, ਅੰਤ ਸਮਾ ਆਵੇ। ਸੁਰਤੀ–ਧਿਆਨ ਜੋੜਨਾ। ਪੜੀਅਹਿ–ਪੜ੍ਹੇ ਜਾਣ। ਪਾਠ ਪੁਰਾਣ–ਪੁਰਾਣਾਂ ਦੇ ਪਾਠ। ਲਿਖਿਆ–ਲਿਖ ਦਿਤਾ ਹੈ। ਆਵਣ ਜਾਣੁ–ਜੀਵਾਂ ਦਾ ਜੰਮਣਾ ਮਰਨਾ। ਮਤੀ–ਹੋਰ ਮਤਾਂ। ਮਿਥਿਆ–ਵਿਅਰਥ। ਕਰਮੁ–ਮਿਹਰ, ਬਖਸ਼ਸ਼। ਨੀਸਾਣੁ–ਪਰਵਾਨਾ, ਰਾਹਦਾਰੀ, ਨਿਸ਼ਾਨ। ਸਚਾ ਨੀਸਾਣੁ–ਸੱਚਾ ਪਰਵਾਨਾ, ਸਦਾ ਕਾਇਮ ਰਹਿਣ ਵਾਲੀ ਰਾਹਦਾਰੀ।੨।

ਅਰਥ :–ਲੱਖਾਂ ਨੇਕੀ ਦੇ ਤੇ ਚੰਗੇ ਕੰਮ ਕੀਤੇ ਜਾਣ ਲਖਾਂ ਕੰਮ ਧਰਮ ਦੇ ਕੀਤੇ ਜਾਣ, ਜੋ ਲੋਕਾਂ ਦੀਆਂ ਨਜ਼ਰਾਂ ਵਿਚ ਭੀ ਚੰਗੇ ਪ੍ਰਤੀਤ ਹੋਣ; ਤੀਰਥਾਂ ਉੱਤੇ ਜਾ ਕੇ ਲੱਖਾਂ ਤਪ ਸਾਧੇ ਜਾਣ, ਜੰਗਲਾਂ ਵਿਚ ਜਾ ਕੇ ਸੁੰਨ-ਸਮਾਧੀ ਵਿਚ ਟਿਕ ਕੇ ਜੋਗ-ਸਾਧਨ ਕੀਤੇ ਜਾਣ, ਰਣ-ਭੂਮੀਆਂ ਵਿਚ ਜਾ ਕੇ ਸੂਰਮਿਆਂ ਵਾਲੇ ਬੇਅੰਤ ਬਹਾਦਰੀ ਦੇ ਕਾਰਨਾਮੇ ਵਿਖਾਏ ਜਾਣ, ਜੰਗ ਵਿਚ (ਹੀ ਵੈਰੀ ਦੇ ਸਨਮੁਖ ਹੋ ਕੇ) ਜਾਨ ਦਿਤੀ ਜਾਏ, ਲੱਖਾਂ (ਤਰੀਕਿਆਂ ਨਾਲ) ਸੁਰਤ ਪਕਾਈ ਜਾਵੇ, ਗਿਆਨ-ਚਰਚਾ ਕੀਤੀ ਜਾਏ ਤੇ ਮਨ ਨੂੰ ਇਕਾਗਰ ਕਰਨ ਦੇ ਯਤਨ ਕੀਤੇ ਜਾਣ, ਬੇਅੰਤ ਵਾਰੀ ਹੀ ਪੁਰਾਣ ਆਦਿਕ ਧਰਮ-ਪੁਸਤਕਾਂ ਦੇ ਪਾਠ ਪੜ੍ਹੇ ਜਾਣ, (ਪਰ) ਹੇ ਨਾਨਕ! ਇਹ ਸਾਰੀਆਂ ਸਿਆਣਪਾਂ ਵਿਅਰਥ ਹਨ। (ਦਰਗਾਹ ਵਿਚ ਕਬੂਲ ਪੈਣ ਵਾਸਤੇ) ਉਸ ਪ੍ਰਭੂ ਦੀ ਬਖਸ਼ਸ਼ ਹੀ ਸੱਚਾ ਪਰਵਾਨਾ ਹੈ, ਜਿਸਨੇ ਇਹ ਸਾਰੀ ਸ੍ਰਿਸ਼ਟੀ ਰਚੀ ਹੈ ਤੇ ਜਿਸ ਨੇ ਜੀਵਾਂ ਦਾ ਜੰਮਣਾ-ਮਰਨਾ ਨੀਯਤ ਕੀਤਾ ਹੈ (ਤਾਂ ਤੇ ਉਸ ਦੀ ਬਖਸ਼ਸ਼ ਦਾ ਪਾਤਰ ਬਣਨ ਲਈ ਉਸ ਦਾ ਨਾਮ ਸਿਮਰਨਾ ਹੀ ਉੱਤਮ ਮੱਤ ਹੈ)।੨।

ਪਉੜੀ ॥

ਸਚਾ ਸਾਹਿਬੁ ਏਕੁ ਤੂੰ ਜਿਨਿ ਸਚੋ ਸਚੁ ਵਰਤਾਇਆ ॥ ਜਿਸੁ ਤੂੰ ਦੇਹਿ ਤਿਸੁ ਮਿਲੈ ਸਚੁ ਤਾ ਤਿਨੀ ਸਚੁ ਕਮਾਇਆ ॥ ਸਤਿਗੁਰਿ ਮਿਲਿਐ ਸਚੁ ਪਾਇਆ ਜਿਨ ਕੈ ਹਿਰਦੈ ਸਚੁ ਵਸਾਇਆ ॥ ਮੂਰਖ ਸਚੁ ਨ ਜਾਣਨੀ ਮਨਮੁਖੀ ਜਨਮੁ ਗਵਾਇਆ ॥ ਵਿਚਿ ਦੁਨੀਆ ਕਾਹੇ ਆਇਆ ॥੮॥

ਪਦ ਅਰਥ :–ਏਕੁ ਤੂੰ–ਕੇਵਲ ਤੂੰ । ਸਚੋ ਸਚੁ–ਪੂਰਨ ਅਡੋਲਤਾ, ਪੂਰਨ ਖਿੜਾਉ । ਵਰਤਾਇਆ–ਵੰਡ ਦਿਤਾ, ਉਤਪੰਨ ਕਰ ਦਿੱਤਾ । ਤੂੰ ਦੇਹਿ–ਤੂੰ ਦੇਂਦਾ ਹੈਂ । ਤਿਸੁ ਮਿਲੈ ਸਚੁ–ਉਸ ਮਨੁੱਖ ਨੂੰ ਉਹ ਪੂਰਨ ਖਿੜਾਉ ਪ੍ਰਾਪਤ ਹੋ ਜਾਂਦਾ ਹੈ । ਤਾ–ਤਾਂ, ਉਸ ਦਾਤਾਰ ਦੀ ਬਰਕਤਿ ਨਾਲ । ਤਿਨੀ–ਉਹਨਾਂ (ਵਡਭਾਗੀਆਂ) ਨੇ । ਸਚੁ ਕਮਾਇਆ–ਸੱਚ ਨੂੰ ਕਮਾਇਆ ਹੈ, ਪੂਰਨ ਖਿੜਾਉ ਅਨੁਸਾਰ ਆਪਣਾ ਜੀਵਨ ਬਣਾਇਆ ਹੈ । ਜਿਨ ਕੈ–ਜਿਨ੍ਹਾਂ ਮਨੁੱਖਾਂ ਦੇ । ਵਸਾਇਆ–ਗੁਰੂ ਨੇ ਟਿਕਾਇ ਦਿਤਾ । ਮਨਮੁੱਖੀ–ਉਹਨਾਂ ਮਨਮੁੱਖਾਂ ਨੇ । ਕਾਹੇ ਆਇਆ–ਕਿਉਂ ਆਏ, ਆਉਣ ਦਾ ਕੋਈ ਲਾਭ ਨਾ ਹੋਇਆ ।੮।

ਅਰਥ :–ਹੇ ਪ੍ਰਭੂ ! ਕੇਵਲ ਤੂੰ ਹੀ ਪੂਰਨ ਤੌਰ ਤੇ ਅਡੋਲ ਰਹਿਣ ਵਾਲਾ ਮਾਲਕ (ਪੂਰਨ ਤੌਰ ਤੇ ਖਿੜਿਆ ਹੋਇਆ) ਹੈਂ, ਅਤੇ ਤੂੰ ਆਪ ਹੀ ਆਪਣੀ ਅਡੋਲਤਾ ਦਾ ਗੁਣ (ਜਗਤ) ਵਿਚ ਵਰਤਾ ਦਿਤਾ ਹੈ । (ਪਰ) ਇਹ ਖਿੜਾਉ ਵਾਲਾ ਗੁਣ (ਕੇਵਲ) ਉਸ ਉਸ ਜੀਵ ਨੂੰ ਹੀ ਮਿਲਦਾ ਹੈ, ਜਿਸ ਜਿਸ ਨੂੰ ਤੂੰ ਆਪ ਦੇਂਦਾ ਹੈਂ, ਤੇਰੀ ਬਖਸ਼ਸ਼ ਦੀ ਬਰਕਤਿ ਨਾਲ, ਉਹ ਮਨੁੱਖ ਉਸ ਖਿੜਾਉ ਅਨੁਸਾਰ ਆਪਣਾ ਜੀਵਨ ਬਣਾਉਂਦੇ ਹਨ । ਜਿਨ੍ਹਾਂ ਨੂੰ ਸਤਿਗੁਰੂ ਮਿਲ ਪੈਂਦਾ ਹੈ, ਉਹਨਾਂ ਨੂੰ ਇਹ ਪੂਰਨ ਖਿੜਾਉ ਵਾਲੀ ਦਾਤਿ ਮਿਲਦੀ ਹੈ, ਸਤਿਗੁਰੂ ਉਹਨਾਂ ਦੇ ਹਿਰਦੇ

ਵਿਚ ਇਹ ਖਿੜਾਉ ਟਿਕਾ ਦੇਂਦਾ ਹੈ ।

ਮੂਰਖਾਂ ਨੂੰ ਇਸ ਖਿੜਾਉ ਦੀ ਸਾਰ ਨਹੀਂ ਆਉਂਦੀ, ਉਹ ਮਨਮੁਖ (ਇਸ ਤੋਂ ਵਾਂਜੇ ਰਹਿ ਕੇ) ਆਪਣਾ ਜਨਮ ਅਜਾਈਂ ਗਵਾਉਂਦੇ ਹਨ, ਜਗਤ ਵਿਚ ਜਨਮ ਲੈਣ ਦਾ ਉਹਨਾਂ ਨੂੰ ਕੋਈ ਲਾਭ ਨਹੀਂ ਹੁੰਦਾ ।੮।

ਸਲੋਕ ਮ: ੧ ॥

ਪੜਿ ਪੜਿ ਗਡੀ ਲਦੀਅਹਿ ਪੜਿ ਪੜਿ ਭਰੀਅਹਿ ਸਾਥ ॥ ਪੜਿ ਪੜਿ ਬੇੜੀ ਪਾਈਐ ਪੜਿ ਪੜਿ ਗਡੀਅਹਿ ਖਾਤ ॥ ਪੜੀਅਹਿ ਜੇਤੇ ਬਰਸ ਬਰਸ ਪੜੀਅਹਿ ਜੇਤੇ ਮਾਸ ॥ ਪੜੀਐ ਜੇਤੀ ਆਰਜਾ ਪੜੀਅਹਿ ਜੇਤੇ ਸਾਸ ॥ ਨਾਨਕ ਲੇਖੈ ਇਕ ਗਲ ਹੋਰੁ ਹਉਮੈ ਝਖਣਾ ਝਾਖ ॥੧॥

ਪਦ ਅਰਥ :–ਲਦੀਅਹਿ–ਲੱਦੀਆਂ ਜਾਣ, (ਪੜ੍ਹੀਆਂ ਹੋਈਆਂ ਪੁਸਤਕਾਂ ਨਾਲ ਗੱਡੀਆਂ) ਭਰੀਆਂ ਜਾਣ । ਭਰੀਅਹਿ–ਭਰ ਲਏ ਜਾਣ । ਸਾਥ–ਢੇਰ । ਭਰੀਅਹਿ ਸਾਥ–ਢੇਰਾਂ ਦੇ ਢੇਰ ਲਾਏ ਜਾ ਸਕਣ। ਬੇੜੀ ਪਾਈਐ–(ਪੜ੍ਹੀਆਂ ਹੋਈਆਂ ਪੋਥੀਆਂ ਨਾਲ) ਇਕ ਬੇੜੀ ਭਰੀ ਜਾ ਸਕੇ । ਗਡੀਅਹਿ–ਗੱਡੇ ਜਾ ਸਕਣ, ਪੂਰੇ ਜਾ ਸਕਣ । ਖਾਤ–ਟੋਏ, ਖਾਤੇ । ਜੇਤੇ ਬਰਸ ਬਰਸ–ਜਿਤਨੇ ਸਾਲ ਹਨ, ਕਈ ਸਾਲ । ਪੜੀਅਹਿ ਜੇਤੇ ਬਰਸ ਬਰਸ–ਕਈ ਸਾਲਾਂ ਦੇ ਸਾਲ ਪੜ੍ਹ ਕੇ ਗੁਜ਼ਾਰੇ ਜਾ ਸਕਣ। ਮਾਸ–ਮਹੀਨੇ । ਜੇਤੇ ਮਾਸ–ਜਿਤਨੇ ਹੀ ਮਹੀਨੇ ਹਨ । ਪੜੀਐ–ਪੜ੍ਹ ਕੇ ਬਿਤਾਈ ਜਾਏ । ਜੇਤੀ ਆਰਜਾ–ਜਿਤਨੀ ਉਮਰ ।

ਨੋਟ–'ਪੜੀਐ' ਵਿਆਕਰਣ ਅਨੁਸਾਰ ਵਰਤਮਾਨ ਕਾਲ, ਕਰਮ ਵਾਚ (Passive Voice), ਅੱਨ ਪੁਰਖ, ਇਕ-ਵਚਨ ਹੈ । 'ਪੜੀਅਹਿ' ਇਸ ਦਾ 'ਬਹੁ ਵਚਨ' ਹੈ । 'ਪੜਹਿ' ਵਰਤਮਾਨ ਕਾਲ, ਕਰਤ੍ਰੀ ਵਾਚ

(Active Voice) ਹੈ। ਵਧੀਕ ਸਮਝਣ ਵਾਸਤੇ ਵੇਖੋ 'ਗੁਰਬਾਣੀ ਵਿਆਕਰਣ'।

ਸਾਸ—ਸੁਆਸ। ਲੇਖੈ—ਲੇਖੈ ਵਿਚ, ਪਰਵਾਨਗੀ ਵਿਚ। ਇਕ ਗਲ—ਇਕ ਰੱਬ ਦੀ ਗੱਲ, ਇਕ ਦੀ ਸਿਫਤ-ਸਾਲਾਹ। ਹੋਰੁ—ਹੋਰ ਜਤਨ। ਝਖਣਾ ਝਾਖ—ਝਾਖ ਝਖਣਾ, ਝਖਾਂ ਮਾਰਨੀਆਂ।੧।

ਅਰਥ :—ਜੇ ਇਤਨੀਆਂ ਪੋਥੀਆਂ ਪੜ੍ਹ ਲਈਏ, ਜਿਨ੍ਹਾਂ ਨਾਲ ਕਈ ਗੱਡੀਆਂ ਭਰ ਲਈਆਂ ਜਾ ਸਕਣ; ਜਿਨ੍ਹਾਂ ਦੇ ਢੇਰਾਂ ਦੇ ਢੇਰ ਲਗਾਏ ਜਾ ਸਕਣ; ਜੇ ਇਤਨੀਆਂ ਪੁਸਤਕਾਂ ਪੜ੍ਹ ਲਈਏ, ਜਿਨ੍ਹਾਂ ਨਾਲ ਇਕ ਬੇੜੀ ਭਰੀ ਜਾ ਸਕੇ, ਕਈ ਖਾਤੇ ਪੂਰੇ ਜਾ ਸਕਣ; ਜੇ ਪੜ੍ਹ ਪੜ੍ਹ ਕੇ ਸਾਲਾਂ ਦੇ ਸਾਲ ਗੁਜ਼ਾਰੇ ਜਾਣ, ਜੇ ਪੜ੍ਹ ਪੜ੍ਹ ਕੇ (ਸਾਲ ਦੇ) ਸਾਰੇ ਮਹੀਨੇ ਬਿਤਾ ਦਿਤੇ ਜਾਣ; ਜੇ ਪੁਸਤਕਾਂ ਪੜ੍ਹ ਪੜ੍ਹ ਕੇ ਸਾਰੀ ਉਮਰ ਗੁਜ਼ਾਰ ਦਿੱਤੀ ਜਾਏ, ਜੇ ਪੜ੍ਹ ਪੜ੍ਹ ਕੇ ਉਮਰ ਦੇ ਸਾਰੇ ਸੁਆਸ ਬਿਤਾਏ ਜਾਣ (ਤਾਂ ਭੀ ਰੱਬ ਦੀ ਦਰਗਾਹ ਵਿਚ ਇਸ ਵਿਚੋਂ ਕੁਝ ਭੀ ਪਰਵਾਨ ਨਹੀਂ ਹੁੰਦਾ।)

ਹੇ ਨਾਨਕ ! ਪ੍ਰਭੂ ਦੀ ਦਰਗਾਹ ਵਿਚ ਕੇਵਲ ਪ੍ਰਭੂ ਦੀ ਸਿਫਤ-ਸਲਾਹ ਕਬੂਲ ਪੈਂਦੀ ਹੈ, (ਪ੍ਰਭੂ ਦੀ ਵਡਿਆਈ ਤੋਂ ਬਿਨਾ) ਕੋਈ ਹੋਰ ਉਦਮ ਕਰਨਾ, ਆਪਣੀ ਹਉਮੈ ਦੇ ਵਿਚ ਹੀ ਭਟਕਦੇ ਫਿਰਨਾ ਹੈ।੧।

ਮ: ੧ ॥

ਲਿਖਿ ਲਿਖਿ ਪੜਿਆ ਤੇਤਾ ਕੜਿਆ ॥ ਬਹੁ ਤੀਰਥ ਭਵਿਆ ਤੇਤੋ ਲਵਿਆ ॥ ਬਹੁ ਭੇਖ ਕੀਆ ਦੇਹੀ ਦੁਖੁ ਦੀਆ ॥ ਸਹੁ ਵੇ ਜੀਆ ਅਪਣਾ ਕੀਆ ॥ ਅੰਨੁ ਨ ਖਾਇਆ ਸਾਦੁ ਗਵਾਇਆ ॥ ਬਹੁ ਦੁਖੁ ਪਾਇਆ ਦੂਜਾ ਭਾਇਆ ॥ ਬਸਤ੍ਰ ਨ ਪਹਿਰੈ ਅਹਿਨਿਸਿ ਕਹਰੈ ॥ ਮੋਨਿ ਵਿਗੂਤਾ ਕਿਉ ਜਾਗੈ

ਗੁਰ ਬਿਨੁ ਸੂਤਾ ॥ ਪਗ ਉਪੇਤਾਣਾ ਅਪਣਾ ਕੀਆ ਕਮਾਣਾ ॥ ਅਲੁ ਮਲੁ ਖਾਈ ਸਿਰਿ ਛਾਈ ਪਾਈ ॥ ਮੂਰਖਿ ਅੰਧੈ ਪਤਿ ਗਵਾਈ ॥ ਵਿਣੁ ਨਾਵੈ ਕਿਛੁ ਥਾਇ ਨ ਪਾਈ ॥ ਰਹੈ ਬੇਬਾਣੀ ਮੜੀ ਮਸਾਣੀ ॥ ਅੰਧੁ ਨ ਜਾਣੈ ਫਿਰਿ ਪਛੁਤਾਣੀ ॥ ਸਤਿਗੁਰੁ ਭੇਟੇ ਸੋ ਸੁਖੁ ਪਾਏ ॥ ਹਰਿ ਕਾ ਨਾਮੁ ਮੰਨਿ ਵਸਾਏ ॥ ਨਾਨਕ ਨਦਰਿ ਕਰੇ ਸੋ ਪਾਏ ॥ ਆਸ ਅੰਦੇਸੇ ਤੇ ਨਿਹਕੇਵਲੁ ਹਉਮੈ ਸਬਦਿ ਜਲਾਏ ॥੨॥

ਪਦ ਅਰਥ :–ਲਿਖਿ ਲਿਖਿ ਪੜਿਆ–(ਜਿਤਨਾ ਹੀ ਮਨੁੱਖ ਵਿੱਦਿਆ) ਲਿਖਦਾ ਪੜ੍ਹਦਾ ਹੈ। ਤੇਤਾ–ਉਤਨਾ ਹੀ। ਕੜਿਆ–ਹੰਕਾਰੀ ਹੋ ਜਾਂਦਾ ਹੈ। ਤੇਤੋ–ਉਤਨਾ ਹੀ ਵਧੀਕ । ਲਵਿਆ–(ਕਾਂ ਵਾਂਗ) ਲਊਂ ਲਊਂ ਕਰਦਾ ਹੈ, ਭਾਵ, ਥਾਂ ਥਾਂ ਆਖਦਾ ਫਿਰਦਾ ਹੈ ਕਿ ਮੈਂ ਤੀਰਥਾਂ ਦੀ ਯਾਤਰਾ ਕਰ ਆਇਆ ਹਾਂ। ਦੇਹੀ–ਸਰੀਰ। ਸਹੁ–ਸਹਾਰ। ਵੇ ਜੀਆ–ਹੇ ਜੀਵ ! ਸਾਦੁ–ਸੁਆਦ। ਸਾਦੂ ਗਵਾਇਆ–ਸੁਆਦ ਗਵਾ ਲੈਂਦਾ ਹੈ, ਕੋਈ ਲੁਤਫ਼ ਨਹੀਂ ਰਹਿ ਜਾਂਦਾ । ਦੂਜਾ–(ਨਾਮ ਤੋਂ ਬਿਨਾ) ਕੋਈ ਅਡੰਬਰ। ਭਾਇਆ–ਚੰਗਾ ਲੱਗਾ। ਅਹਿ–ਦਿਨ। ਨਿਸਿ–ਰਾਤ। ਕਹਰੈ–ਦੁਖ ਸਹਾਰਦਾ ਹੈ । ਮੋਨਿ–ਮੋਨ-ਧਾਰੀ, ਜੋ ਚੁੱਪ ਬੈਠਾ ਰਹੇ। ਵਿਗੂਤਾ–ਕੁਰਾਹੇ ਪਿਆ ਹੋਇਆ ਹੈ। ਪਗ–ਪੈਰ, ਚਰਨ। ਉਪੇਤਾਣਾ–ਜੁੱਤੀ ਤੋਂ ਬਿਨਾ। ਅਲੁ ਮਲੁ–ਗੰਦੀਆਂ ਚੀਜ਼ਾਂ। ਸਿਰਿ–ਸਿਰ ਉੱਤੇ। ਛਾਈ–ਸੁਆਹ। ਮੂਰਖਿ–ਮੂਰਖ ਨੇ। ਪਤਿ–ਇੱਜ਼ਤ। ਥਾਇ ਨ ਪਾਈ–ਥਾਂ ਤੇ ਨਹੀਂ ਪੈਂਦਾ, ਕਬੂਲ ਨਹੀਂ ਹੁੰਦਾ। ਬੇਬਾਣੀ–ਜੰਗਲਾਂ ਵਿਚ। ਅੰਧੁ–ਅੰਨ੍ਹਾ, ਮੂਰਖ ਮਨੁੱਖ। ਸਤਿਗੁਰੁ ਭੇਟੇ–(ਜਿਸ ਮਨੁਖ ਨੂੰ) ਗੁਰੂ ਮਿਲ ਪਏ। ਮੰਨਿ–ਮਨ ਵਿਚ। ਅੰਦੇਸੇ–ਚਿੰਤਾ। ਤੇ–ਤੋਂ। ਨਿਹਕੇਵਲੁ–ਅਛੋਹ, ਨਿਰਲੇਪ। ਸਬਦਿ–ਸ਼ਬਦ ਦੁਆਰਾ।

ਅਰਥ :–ਜਿਤਨਾ ਕੋਈ ਮਨੁੱਖ (ਕੋਈ ਵਿੱਦਿਆ) ਲਿਖਣੀ ਪੜ੍ਹਨੀ ਜਾਣਦਾ ਹੈ, ਉਤਨਾ ਹੀ ਉਸ ਨੂੰ ਆਪਣੀ ਵਿੱਦਿਆ ਦਾ ਮਾਣ ਹੈ (ਸੋ ਇਹ ਜ਼ਰੂਰੀ ਨਹੀਂ ਕਿ ਰੱਬ ਦੇ ਦਰ ਤੇ ਪਰਵਾਨ ਹੋਣ ਲਈ ਵਿੱਦਿਆ ਦੀ ਲੋੜ ਹੈ), ਜਿਤਨਾ ਹੀ ਕੋਈ ਬਹੁਤੇ ਤੀਰਥਾਂ ਦੀ ਯਾਤਰਾ ਕਰਦਾ ਹੈ ਉਤਨਾ ਹੀ ਥਾਂ ਥਾਂ ਤੇ ਦੱਸਦਾ ਫਿਰਦਾ ਹੈ (ਕਿ ਮੈਂ ਫਲਾਣੇ ਤੀਰਥ ਤੇ ਇਸ਼ਨਾਨ ਕਰ ਆਇਆ ਹਾਂ । ਸੋ, ਤੀਰਥ-ਯਾਤ੍ਰਾ ਭੀ ਹੰਕਾਰ ਦਾ ਹੀ ਕਾਰਨ ਬਣਦੀ ਹੈ)।

ਕਿਸੇ ਨੇ (ਲੋਕਾਂ ਨੂੰ ਪਤਿਆਉਣ ਵਾਸਤੇ ਧਰਮ ਦੇ) ਕਈ ਚਿਹਨ ਧਾਰੇ ਹੋਏ ਹਨ, ਅਤੇ ਕੋਈ ਆਪਣੇ ਸਰੀਰ ਨੂੰ ਕਸ਼ਟ ਦੇ ਰਿਹਾ ਹੈ, (ਉਸ ਨੂੰ ਭੀ ਇਹੀ ਕਹਿਣਾ ਠੀਕ ਜਾਪਦਾ ਹੈ ਕਿ) ਹੇ ਭਾਈ! ਆਪਣੇ ਕੀਤੇ ਦਾ ਦੁੱਖ ਸਹਾਰ (ਭਾਵ, ਇਹ ਭੇਖ ਧਾਰਨੇ ਤੇ ਸਰੀਰ ਨੂੰ ਦੁਖ ਦੇਣੇ ਭੀ ਰੱਬ ਦੇ ਦਰ ਤੇ ਕਬੂਲ ਨਹੀਂ ਹਨ)।

(ਹੋਰ ਤੱਕੋ, ਜਿਸ ਨੇ) ਅੰਨ ਛੱਡਿਆ ਹੋਇਆ ਹੈ (ਪ੍ਰਭੂ ਦਾ ਸਿਮਰਨ ਤਾਂ ਨਹੀਂ ਕਰਦਾ, ਸਿਮਰਨ ਤਿਆਗ ਕੇ) ਉਸ ਨੂੰ ਇਕ ਹੋਰ ਹੀ ਕੰਮ ਚੰਗਾ ਲੱਗਾ ਹੋਇਆ ਹੈ। ਉਸ ਨੇ ਭੀ ਆਪਣੀ ਜ਼ਿੰਦਗੀ ਤਲਖ਼ ਬਣਾਈ ਹੋਈ ਹੈ ਅਤੇ ਦੁੱਖ ਸਹਾਰ ਰਿਹਾ ਹੈ। ਕਪੜੇ ਨਹੀਂ ਪਾਂਦਾ ਤੇ ਦਿਨ ਰਾਤ ਔਖਾ ਹੋ ਰਿਹਾ ਹੈ। (ਇੱਕਲਵਾਂਝੇ) ਚੁੱਪ ਵੱਟ ਕੇ ਅਸਲੀ ਰਾਹ ਤੋਂ ਖੁੰਝਿਆ ਹੋਇਆ ਹੈ, ਭਲਾ, ਦੱਸੋ (ਮਾਇਆ ਦੀ ਨੀਂਦਰ ਵਿਚ) ਸੁੱਤਾ ਹੋਇਆ ਮਨੁੱਖ ਗੁਰੂ ਤੋਂ ਬਿਨਾ ਕਿਵੇਂ ਜਾਗ ਸਕਦਾ ਹੈ?

(ਇਕ) ਪੈਰਾਂ ਤੋਂ ਨੰਗਾ ਫਿਰਦਾ ਹੈ ਅਤੇ ਆਪਣੀ ਇਸ ਕੀਤੀ ਹੋਈ ਭੁੱਲ ਦਾ ਦੁੱਖ ਸਹਿ ਰਿਹਾ ਹੈ। (ਸੁੱਚਾ ਚੰਗਾ ਭੋਜਨ ਛੱਡ ਕੇ ਜੂਠਾ-ਮਿੱਠਾ ਖਾਂਦਾ ਹੈ ਅਤੇ ਸਿਰ ਵਿਚ ਸੁਆਹ ਪਾ ਰਖੀ ਹੈ, ਅਗਿਆਨੀ ਮੂਰਖ ਨੇ (ਇਸ ਤਰ੍ਹਾਂ) ਆਪਣੀ ਪਤ ਗਵਾ ਲਈ ਹੈ, ਪ੍ਰਭੂ ਦੇ ਨਾਮ ਤੋਂ ਬਿਨਾ ਹੋਰ ਕੋਈ ਉਦਮ ਪਰਵਾਨ ਨਹੀਂ ਹੈ।

ਅੰਨ੍ਹਾ (ਮੂਰਖ) ਉਜਾੜਾਂ ਵਿਚ, ਮੜ੍ਹੀਆਂ ਵਿਚ, ਮਸਾਣਾਂ ਵਿਚ

ਜਾ ਰਹਿੰਦਾ ਹੈ, (ਰੱਬ ਵਾਲਾ ਰਸਤਾ) ਨਹੀਂ ਸਮਝਦਾ ਤੇ ਸਮਾ ਵਿਹਾ ਜਾਣ ਤੇ ਪਛਤਾਂਦਾ ਹੈ।

ਜਿਸ ਮਨੁੱਖ ਨੂੰ ਗੁਰੂ ਮਿਲ ਪਿਆ ਹੈ (ਅਸਲੀ) ਸੁਖ ਉਹੀ ਮਾਣਦਾ ਹੈ, ਉਹ (ਵਡਭਾਗੀ) ਰੱਬ ਦਾ ਨਾਮ ਆਪਣੇ ਹਿਰਦੇ ਵਿਚ (ਟਿਕਾਂਦਾ) ਹੈ। (ਪਰ) ਹੇ ਨਾਨਕ! ਗੁਰੂ ਭੀ ਉਸੇ ਨੂੰ ਹੀ ਮਿਲਦਾ ਹੈ ਜਿਸ ਉੱਤੇ ਆਪ ਦਾਤਾਰ ਮਿਹਰ ਦੀ ਨਜ਼ਰ ਕਰਦਾ ਹੈ। ਉਹ ਸੰਸਾਰ ਦੀਆਂ ਆਸਾਂ ਤੇ ਫ਼ਿਕਰਾਂ ਤੋਂ ਨਿਰਲੇਪ ਹੋ ਕੇ ਗੁਰੂ ਦੇ ਸਬਦ ਦੁਆਰਾ ਆਪਣੀ ਹਉਮੈ ਨੂੰ ਸਾੜ ਦੇਂਦਾ ਹੈ।੨।

ਪਉੜੀ॥

ਭਗਤ ਤੇਰੈ ਮਨਿ ਭਾਵਦੇ ਦਰਿ ਸੋਹਨਿ ਕੀਰਤਿ ਗਾਵਦੇ ॥ ਨਾਨਕ ਕਰਮਾ ਬਾਹਰੇ ਦਰਿ ਢੋਅ ਨ ਲਹਨੀ ਧਾਵਦੇ ॥ ਇਕਿ ਮੂਲੁ ਨ ਬੁਝਨਿ ਆਪਣਾ ਅਣਹੋਂਦਾ ਆਪੁ ਗਣਾਇਦੇ ॥ ਹਉ ਢਾਢੀਕਾ ਨੀਚ ਜਾਤਿ ਹੋਰਿ ਉਤਮ ਜਾਤਿ ਸਦਾਇਦੇ ॥ ਤਿਨ ਮੰਗਾ ਜਿ ਤੁਝੈ ਧਿਆਇਦੇ ॥੯॥

ਪਦ ਅਰਥ :—ਤੇਰੈ ਮਨਿ—ਤੇਰੇ ਮਨ ਵਿਚ। ਦਰਿ—(ਤੇਰੇ) ਦਰਵਾਜ਼ੇ ਉੱਤੇ। ਕੀਰਤਿ—ਸੋਭਾ, ਵਡਿਆਈ। ਕਰਮਾ ਬਾਹਰੇ—ਭਾਗ ਹੀਣ। ਢੋਅ—ਆਸਰਾ। ਧਾਵਦੇ—ਭਟਕਦੇ ਫਿਰਦੇ ਹਨ। ਇਕਿ—ਕਈ ਜੀਵ। ਮੂਲੁ—ਮੁੱਢ, ਪ੍ਰਭੂ। ਅਣਹੋਂਦਾ—(ਘਰ ਵਿਚ) ਪਦਾਰਥ ਹੋਣ ਤੋਂ ਬਿਨਾ ਹੀ। ਆਪੁ—ਆਪਣੇ ਆਪ ਨੂੰ। ਗਣਾਇਦੇ—ਵੱਡਾ ਜਤਲਾਂਦੇ ਹਨ। ਹਉ—ਮੈਂ। ਢਾਢੀ—ਵਡਿਆਈ ਕਰਨ ਵਾਲਾ, ਵਾਰ ਗਾਉਣ ਵਾਲਾ, ਭੱਟ। ਢਾਢੀਕਾ—ਮਾੜਾ ਜਿਹਾ ਢਾਢੀ (ਜਿਵੇਂ ਘਟਕਾ—ਨਿੱਕਾ ਜਿਹਾ ਘੜਾ)। ਨੀਚ ਜਾਤਿ—ਨੀਵੀਂ ਜ਼ਾਤ ਵਾਲਾ। ਹੋਰਿ—ਹੋਰ ਲੋਕ। ਉਤਮ ਜਾਤਿ—ਉਚੀ ਜ਼ਾਤ ਵਾਲੇ।

ਅਰਥ:-(ਹੇ ਪ੍ਰਭੂ) ! ਤੈਨੂੰ ਆਪਣੇ ਮਨ ਵਿਚ ਭਗਤ ਪਿਆਰੇ ਲਗਦੇ ਹਨ, ਜੋ ਤੇਰੀ ਸਿਫ਼ਤ-ਸਾਲਾਹ ਕਰ ਰਹੇ ਹਨ ਤੇ ਤੇਰੇ ਦਰ ਉੱਤੇ ਸੋਭ ਰਹੇ ਹਨ। ਹੇ ਨਾਨਕ ! ਭਾਗ-ਹੀਣ ਮਨੁੱਖ ਭਟਕਦੇ ਫਿਰਦੇ ਹਨ, ਉਨ੍ਹਾਂ ਨੂੰ ਪ੍ਰਭੂ ਦੇ ਦਰ ਤੇ ਥਾਂ ਨਹੀਂ ਮਿਲਦੀ, (ਕਿਉਂਕਿ) ਇਹ (ਵਿਚਾਰੇ) ਆਪਣੇ ਅਸਲੇ ਨੂੰ ਨਹੀਂ ਸਮਝਦੇ, (ਰੱਬੀ ਗੁਣ ਦੀ ਪੂੰਜੀ ਆਪਣੇ ਅੰਦਰ) ਹੋਣ ਬਿਨਾ ਹੀ ਆਪਣੇ ਆਪ ਨੂੰ ਵੱਡਾ ਜਤਲਾਂਦੇ ਹਨ।

(ਹੇ ਪ੍ਰਭੂ) ! ਮੈਂ ਨੀਵੀਂ ਜਾਤ ਵਾਲਾ (ਤੇਰੇ ਦਰ ਦਾ) ਇਕ ਮਾੜਾ ਜਿਹਾ ਢਾਢੀ ਹਾਂ, ਹੋਰ ਲੋਕ (ਆਪਣੇ ਆਪ ਨੂੰ) ਉੱਤਮ ਜਾਤ ਵਾਲੇ ਅਖਵਾਂਦੇ ਹਨ। ਜੋ ਤੇਰਾ ਭਜਨ ਕਰਦੇ ਹਨ, ਮੈਂ ਉਹਨਾਂ ਪਾਸੋਂ (ਤੇਰਾ 'ਨਾਮ') ਮੰਗਦਾ ਹਾਂ।੯।

ਸਲੋਕ ਮ: ੧ ॥

ਕੂੜੁ ਰਾਜਾ ਕੂੜੁ ਪਰਜਾ ਕੂੜੁ ਸਭੁ ਸੰਸਾਰੁ ॥ ਕੂੜੁ ਮੰਡਪ ਕੂੜੁ ਮਾੜੀ ਕੂੜੁ ਬੈਸਣਹਾਰੁ ॥ ਕੂੜੁ ਸੁਇਨਾ ਕੂੜੁ ਰੁਪਾ ਕੂੜੁ ਪੈਨ੍ਹਣਹਾਰੁ ॥ ਕੂੜੁ ਕਾਇਆ ਕੂੜੁ ਕਪੜੁ ਕੂੜੁ ਰੂਪੁ ਅਪਾਰੁ ॥ ਕੂੜੁ ਮੀਆ ਕੂੜੁ ਬੀਬੀ ਖਪਿ ਹੋਏ ਖਾਰੁ ॥ ਕੂੜਿ ਕੂੜੈ ਨੇਹੁ ਲਗਾ ਵਿਸਰਿਆ ਕਰਤਾਰੁ ॥ ਕਿਸੁ ਨਾਲਿ ਕੀਚੈ ਦੋਸਤੀ ਸਭੁ ਜਗੁ ਚਲਣਹਾਰੁ ॥ ਕੂੜੁ ਮਿਠਾ ਕੂੜੁ ਮਾਖਿਉ ਕੂੜੁ ਡੋਬੇ ਪੂਰੁ ॥ ਨਾਨਕੁ ਵਖਾਣੈ ਬੇਨਤੀ ਤੁਧੁ ਬਾਝੁ ਕੂੜੋ ਕੂੜੁ ॥੧॥

ਪਦ ਅਰਥ :-ਕੂੜੁ-ਛਲ, ਭਰਮ।

ਨੋਟ-ਸ਼ਬਦ 'ਕੂੜੁ' 'ਵਿਸ਼ੇਸ਼ਣ ਨਹੀਂ ਹੈ, 'ਨਾਂਵ' ਹੈ ਅਤੇ ਪੁਲਿੰਗ ਹੈ। ਇਹੀ ਕਾਰਨ ਹੈ ਕਿ 'ਮਾੜੀ', 'ਕਾਇਆ' 'ਬੀਬੀ' ਆਦਿਕ

ਇਸਤ੍ਰੀ-ਲਿੰਗ ਸ਼ਬਦਾਂ ਨਾਲ ਭੀ ਸ਼ਬਦ 'ਕੂੜੁ' ਪੁਲਿੰਗ ਇਕ-ਵਚਨ ਹੀ ਹੈ।

ਮੰਡਪ—ਸ਼ਾਮਿਆਨੇ। ਮਾੜੀ—ਮਹਲ। ਬੈਸਣਹਾਰੁ—(ਮਹਲ ਵਿਚ) ਵੱਸਣ ਵਾਲਾ। ਰੁਪਾ—ਚਾਂਦੀ। ਕਾਇਆ—ਸਰੀਰ। ਅਪਾਰੁ—ਬੇਅੰਤ, ਬਹੁਤ। ਮੀਆ—ਖਸਮ, ਪਤੀ। ਬੀਬੀ—ਬੀਵੀ, ਔਰਤ, ਇਸਤ੍ਰੀ। ਖਪਿ—ਖਪ ਕੇ, ਖਚਿਤ ਹੋ ਕੇ। ਖਾਰੁ—ਖੁਆਰ, ਜ਼ਲੀਲ, ਬੇਇੱਜ਼ਤ। ਕੂੜਿ—ਕੂੜ ਵਿਚ, ਛਲ ਵਿਚ। ਕੂੜੈ—ਕੂੜੇ ਮਨੁੱਖ ਦਾ, ਛਲ ਵਿਚ ਫਸੇ ਹੋਏ ਜੀਵ ਦਾ। ਕੀਚੈ—ਕੀਤੀ ਜਾਏ। ਮਿਠਾ—ਸੁਆਦਲਾ, ਪਿਆਰਾ। ਪੂਰੁ—(ਜ਼ਿੰਦਗੀ ਰੂਪ ਬੇੜੀ ਹੈ, ਸਾਰੇ ਜੀਵ ਇਸ ਦਾ 'ਪੂਰ' ਹਨ) ਸਾਰੇ ਜੀਵ। ਨਾਨਕੁ ਵਖਾਣੈ—ਨਾਨਕ ਆਖਦਾ ਹੈ। ਕੂੜੋ ਕੂੜੁ—ਕੂੜ ਹੀ ਕੂੜ, ਛਲ ਹੀ ਛਲ।

ਨੋਟ—ਇਸ ਸਲੋਕ ਵਿਚ ਸ਼ਬਦ 'ਕੂੜੁ', 'ਕੂੜਿ' ਅਤੇ 'ਕੂੜੈ', ਤ੍ਰੈਵੇਂ ਸਮਝਣ-ਜੋਗ ਹਨ :

'ਕੂੜੁ' 'ਨਾਂਵ' (Noun) ਹੈ, ਕਰਤਾ ਕਾਰਕ, ਇਕ-ਵਚਨ।

'ਕੂੜਿ' ਸ਼ਬਦ 'ਕੂੜਾ' ਤੋਂ ਅਧਿਕਰਣ ਕਾਰਕ, ਇਕ-ਵਚਨ ਹੈ। 'ਕੂੜੈ' ਸ਼ਬਦ 'ਕੂੜਾ' ਤੋਂ ਸੰਬੰਧ ਕਾਰਕ ਇਕ-ਵਚਨ ਹੈ। ਚੇਤੇ ਰੱਖਣ ਦੀ ਲੋੜ ਹੈ ਕਿ ਸ਼ਬਦ 'ਕੂੜੈ' ਸ਼ਬਦ 'ਕੂੜਾ' ਤੋਂ ਹੈ, 'ਕੂੜੁ' ਤੋਂ ਨਹੀਂ।

ਸ਼ਬਦ 'ਕੂੜਾ' ਸੰਸਕ੍ਰਿਤ ਦੇ ਸ਼ਬਦ ਕੂਟਕ (कुटक) ਦਾ ਪ੍ਰਾਕ੍ਰਿਤ ਤੇ ਪੰਜਾਬੀ ਰੂਪ ਹੈ, ਜੋ ਵਿਸ਼ੇਸ਼ਣ ਹੈ ਤੇ ਜਿਸ ਦਾ ਅਰਥ ਹੈ, 'ਝੂਠਾ, ਛਲ ਵਿਚ ਫਸਿਆ ਹੋਇਆ।' ।੧।

ਅਰਥ:—ਇਹ ਸਾਰਾ ਜਗਤ ਛਲ ਰੂਪ ਹੈ (ਜਿਵੇਂ ਮਦਾਰੀ ਦਾ ਸਾਰਾ ਤਮਾਸ਼ਾ ਛਲ ਰੂਪ ਹੈ), (ਇਸ ਵਿਚ ਕੋਈ) ਰਾਜਾ (ਹੈ, ਤੇ ਕਈ ਲੋਕ) ਪਰਜਾ ਹਨ, ਇਹ ਭੀ (ਮਦਾਰੀ ਦੇ ਰੁਪਏ ਤੇ ਖੋਪੇ ਆਦਿਕ ਵਿਖਾਣ ਵਾਂਗ) ਛਲ ਹੀ ਹਨ। (ਇਸ ਜਗਤ ਵਿਚ ਕਿਤੇ ਇਹਨਾਂ ਰਾਜਿਆਂ ਦੇ) ਸ਼ਾਮਿਆਨੇ ਤੇ ਮਹਲ ਮਾੜੀਆਂ (ਹਨ, ਇਹ) ਭੀ ਛਲ

ਰੂਪ ਹਨ, ਤੇ ਇਹਨਾਂ ਵਿਚ ਵੱਸਣ ਵਾਲਾ (ਰਾਜਾ) ਭੀ ਛਲ ਹੀ ਹੈ। ਸੋਨਾ, ਚਾਂਦੀ ਅਤੇ ਸੋਨੇ ਚਾਂਦੀ ਨੂੰ ਪਹਿਨਣ ਵਾਲੇ ਭੀ ਭਰਮ ਰੂਪ ਹੀ ਹਨ। ਇਹ ਸਰੀਰਕ ਅਕਾਰ, (ਸੋਹਣੇ ਸੋਹਣੇ) ਕਪੜੇ ਅਤੇ (ਸਰੀਰਾਂ ਦਾ) ਬੇਅੰਤ ਸੋਹਣਾ ਰੂਪ, ਇਹ ਭੀ ਸਾਰੇ ਛਲ ਹੀ ਹਨ (ਪ੍ਰਭੂ-ਮਦਾਰੀ ਤਮਾਸ਼ੇ ਆਏ ਜੀਵਾਂ ਨੂੰ ਖ਼ੁਸ਼ ਕਰਨ ਵਾਸਤੇ ਵਿਖਾ ਰਿਹਾ ਹੈ)। ਪ੍ਰਭੂ ਨੇ ਕਿਤੇ) ਮਨੁੱਖ ਬਣਾ ਦਿਤੇ ਹਨ, (ਕਿਤੇ) ਇਸਤ੍ਰੀਆਂ, ਇਹ ਸਾਰੇ ਭੀ ਛਲ ਰੂਪ ਹਨ, ਜੋ (ਇਸ ਇਸਤ੍ਰੀ ਮਰਦ ਵਾਲੇ ਸੰਬੰਧ ਰੂਪ ਛਲ ਵਿਚ) ਖਚਿਤ ਹੋ ਕੇ ਖੁਆਰ ਹੋ ਰਹੇ ਹਨ।

ਇਸ (ਦ੍ਰਿਸ਼ਟਮਾਨ) ਛਲ ਵਿਚ ਫਸੇ ਹੋਏ ਜੀਵ ਦਾ ਛਲ ਵਿਚ ਮੋਹ ਪੈ ਗਿਆ ਹੈ, ਇਸ ਕਰਕੇ ਇਸ ਨੂੰ ਆਪਣਾ ਪੈਦਾ ਕਰਨ ਵਾਲਾ ਭੁੱਲ ਗਿਆ ਹੈ। (ਇਸ ਨੂੰ ਯਾਦ ਨਹੀਂ ਰਹਿ ਗਿਆ ਕਿ) ਸਾਰਾ ਜਗਤ ਨਾਸਵੰਤ ਹੈ, ਕਿਸੇ ਨਾਲ ਭੀ ਮੋਹ ਨਹੀਂ ਪਾਣਾ ਚਾਹੀਦਾ।

(ਇਹ ਸਾਰਾ ਜਗਤ ਹੈ ਤਾਂ ਛਲ, ਪਰ) ਇਹ ਛਲ (ਸਾਰੇ ਜੀਵਾਂ ਨੂੰ) ਪਿਆਰਾ ਲੱਗ ਰਿਹਾ ਹੈ, ਸ਼ਹਿਦ (ਵਾਂਗ) ਮਿੱਠਾ ਲੱਗਦਾ ਹੈ, ਇਸ ਤਰ੍ਹਾਂ ਇਹ ਛਲ ਸਾਰੇ ਜੀਵਾਂ ਨੂੰ ਡੋਬ ਰਿਹਾ ਹੈ। (ਹੇ ਪ੍ਰਭੂ !) ਨਾਨਕ (ਤੇਰੇ ਅੱਗੇ) ਅਰਜ਼ ਕਰਦਾ ਹੈ ਕਿ ਤੈਥੋਂ ਬਿਨਾ (ਇਹ ਜਗਤ) ਛਲ ਹੀ ਛਲ ਹੈ।੧।

ਮ: ੧ ॥

ਸਚੁ ਤਾਪਰੁ ਜਾਣੀਐ ਜਾ ਰਿਦੈ ਸਚਾ ਹੋਇ ॥ ਕੂੜ ਕੀ ਮਲੁ ਉਤਰੈ ਤਨੁ ਕਰੇ ਹਛਾ ਧੋਇ ॥ ਸਚੁ ਤਾਪਰੁ ਜਾਣੀਐ ਜਾ ਸਚਿ ਧਰੇ ਪਿਆਰੁ ॥ ਨਾਉ ਸੁਣਿ ਮਨੁ ਰਹਸੀਐ ਤਾ ਪਾਏ ਮੋਖ ਦੁਆਰੁ ॥ ਸਚੁ ਤਾਪਰੁ ਜਾਣੀਐ ਜਾ ਜੁਗਤਿ ਜਾਣੈ ਜੀਉ ॥ ਧਰਤਿ ਕਾਇਆ ਸਾਧਿ ਕੈ ਵਿਚਿ ਦੇਇ ਕਰਤਾ ਬੀਉ ॥ ਸਚੁ ਤਾਪਰੁ ਜਾਣੀਐ ਜਾ ਸਿਖ ਸਚੀ

ਲੇਇ ॥ ਦਇਆ ਜਾਣੈ ਜੀਅ ਕੀ ਕਿਛੁ ਪੁੰਨੁ ਦਾਨੁ ਕਰੇਇ ॥ ਸਚੁ ਤਾਂ ਪਰੁ ਜਾਣੀਐ ਜਾ ਆਤਮ ਤੀਰਥਿ ਕਰੇ ਨਿਵਾਸੁ ॥ ਸਤਿਗੁਰੂ ਨੋ ਪੁਛਿ ਕੈ ਬਹਿ ਰਹੈ ਕਰੇ ਨਿਵਾਸੁ ॥ ਸਚੁ ਸਭਨਾ ਹੋਇ ਦਾਰੂ ਪਾਪ ਕਢੈ ਧੋਇ ॥ ਨਾਨਕੁ ਵਖਾਣੈ ਬੇਨਤੀ ਜਿਨ ਸਚੁ ਪਲੈ ਹੋਇ ॥੨॥

ਪਦ ਅਰਥ :—ਤਾਪਰੁ—ਤਾਂ ਹੀ, ਤਦੋਂ ਹੀ। ਜਾਣੀਐ—ਜਾਣਿਆ ਜਾ ਸਕਦਾ ਹੈ। ਸਚੁ—(ਸ਼ਬਦ 'ਕੂੜੁ' ਦੇ ਉਲਟ ਸ਼ਬਦ 'ਸਚੁ' ਹੈ, 'ਕੂੜੁ' ਦਾ ਅਰਥ ਹੈ 'ਛਲ', ਜੋ ਅਸਲੀਅਤ ਤੋਂ ਬਿਨਾ ਹੈ, ਜੋ ਉਤਨਾ ਚਿਰ ਹੀ ਹੈ ਜਿਤਨਾ ਚਿਰ ਉਸ ਦਾ ਬਣਾਣ ਵਾਲਾ ਉਸ ਦੀ ਹੋਂਦ ਚਾਹੁੰਦਾ ਹੈ। ਇਸ ਦੇ ਉਲਟ 'ਸਚੁ' ਦਾ ਅਰਥ ਹੈ) ਅਸਲੀਅਤ। ਰਿਦੈ—ਹਿਰਦੇ ਵਿਚ। ਸਚਾ—ਅਸਲੀਅਤ ਵਾਲਾ, ਹਰੀ। ਕੂੜ ਕੀ ਮਲੁ—(ਮਾਇਆ ਰੂਪ) ਛਲ ਦੀ (ਮਨ ਉੱਤੇ) ਮੈਲ। ਰਹਸੀਐ—ਖਿੜ ਪੈਂਦਾ ਹੈ। ਮੋਖ ਦੁਆਰੁ—ਮੁਕਤੀ ਦਾ ਦਰਵਾਜ਼ਾ, ਮਾਇਆ ਰੂਪ ਛਲ ਦੇ ਜ਼ੰਜੀਰਾਂ ਤੋਂ ਛੁਟਣ ਦਾ ਰਸਤਾ। ਜੁਗਤਿ—ਜ਼ਿੰਦਗੀ ਸੋਹਣੇ ਤਰੀਕੇ ਨਾਲ ਗੁਜ਼ਾਰਨ ਦਾ ਢੰਗ। ਧਰਤਿ ਕਾਇਆ—ਸਰੀਰ ਰੂਪੀ ਧਰਤੀ। ਦੇਇ—ਦੇ ਦੇਵੇ, ਬੀਜ ਦੇਵੇ। ਕਰਤਾ ਬੀਉ—ਕਰਤਾਰ ਦਾ ('ਨਾਮ' ਰੂਪ) ਬੀਜ। ਸਿਖ—ਸਿੱਖਿਆ, ਉਪਦੇਸ਼। ਦਇਆ ਜੀਅ ਕੀ—ਹਰੇਕ ਪ੍ਰਾਣੀ ਉੱਤੇ ਤਰਸ ਕਰਨਾ। ਆਤਮ ਤੀਰਥਿ—ਆਤਮਾ ਰੂਪ ਤੀਰਥ ਉੱਤੇ। ਬਹਿ ਰਹੈ—ਬੈਠਾ ਰਹੇ, ਮਨ ਨੂੰ ਵਿਕਾਰਾਂ ਵਲ ਦੌੜਨ ਤੋਂ ਰੋਕ ਰਖੇ।

ਅਰਥ :—(ਜਗਤ ਰੂਪ ਛਲ ਵਲੋਂ ਵਾਸ਼ਨਾ ਪਰਤ ਕੇ, ਜਗਤ ਦੇ) ਅਸਲੇ ਦੀ ਸਮਝ ਤਦੋਂ ਹੀ ਆਉਂਦੀ ਹੈ ਜਦੋਂ ਉਹ ਅਸਲੀਅਤ ਦਾ ਮਾਲਕ (ਰੱਬ) ਮਨੁੱਖ ਦੇ ਹਿਰਦੇ ਵਿਚ ਟਿਕ ਜਾਏ। ਤਦੋਂ ਮਾਇਆ ਛਲ ਦਾ ਅਸਰ ਮਨ ਤੋਂ ਦੂਰ ਹੋ ਜਾਂਦਾ ਹੈ। (ਫੇਰ ਮਨ ਦੇ ਨਾਲ ਸਰੀਰ ਭੀ ਸੁੰਦਰ ਹੋ ਜਾਂਦਾ ਹੈ, ਸਰੀਰਕ ਇੰਦਰੇ ਭੀ ਗੰਦੇ ਪਾਸੇ ਵਲੋਂ ਹਟ ਜਾਂਦੇ

ਹਨ, ਮਾਨੋ) ਸਰੀਰ ਧੁਪ ਕੇ ਸਾਫ਼ ਹੋ ਜਾਂਦਾ ਹੈ।

ਮਾਇਆ ਛਲ ਵਲੋਂ ਮਨ ਦੇ ਫੁਰਨੇ ਹਟ ਕੇ, ਕੁਦਰਤ ਦੇ) ਅਸਲੇ ਦੀ ਸਮਝ ਤਦੋਂ ਹੀ ਆਉਂਦੀ ਹੈ, ਜਦੋਂ ਮਨੁੱਖ ਉਸ ਅਸਲੇ ਵਿਚ ਮਨ ਜੋੜਦਾ ਹੈ, (ਤਦੋਂ ਉਸ ਅਸਲੀਅਤ ਵਾਲੇ ਦਾ) ਨਾਮ ਸੁਣ ਕੇ ਮਨੁੱਖ ਦਾ ਮਨ ਖਿੜਦਾ ਹੈ ਤੇ ਉਸ ਨੂੰ (ਮਾਇਆ ਦੇ ਬੰਧਨਾਂ ਤੋਂ) ਸੁਤੰਤਰ ਹੋਣ ਦਾ ਰਾਹ ਮਿਲ ਜਾਂਦਾ ਹੈ।

ਜਗਤ ਦੇ ਅਸਲੇ ਪ੍ਰਭੂ ਦੀ ਸਮਝ ਤਦੋਂ ਪੈਂਦੀ ਹੈ, ਜਦੋਂ ਮਨੁੱਖ (ਰੱਬੀ ਜੀਵਨ ਗੁਜ਼ਾਰਨ ਦੀ) ਜੁਗਤੀ ਜਾਣਦਾ ਹੋਵੇ, ਭਾਵ ਸਰੀਰ ਰੂਪ ਧਰਤੀ ਨੂੰ ਤਿਆਰ ਕਰ ਕੇ ਇਸ ਵਿਚ ਪ੍ਰਭੂ ਦਾ ਨਾਮ ਬੀਜ ਦੇਵੇ।

ਸੱਚ ਦੀ ਪਰਖ ਤਦੋਂ ਹੁੰਦੀ ਹੈ ਜਦੋਂ ਸੱਚੀ ਸਿੱਖਿਆ (ਗੁਰੂ ਪਾਸੋਂ) ਲਏ ਅਤੇ ਉਸ (ਸਿੱਖਿਆ ਉਤੇ ਚੱਲ ਕੇ) ਸਭ ਜੀਵਾਂ ਉਤੇ ਤਰਸ ਕਰਨ ਦੀ ਜਾਚ ਸਿੱਖੇ ਤੇ (ਲੋੜਵੰਦਾਂ ਨੂੰ) ਕੁਝ ਦਾਨ ਪੁੰਨ ਕਰੇ।

ਉਸ ਧੁਰ-ਅੰਦਰਲੀ ਅਸਲੀਅਤ ਨਾਲ ਤਦੋਂ ਹੀ ਜਾਣ-ਪਛਾਣ ਹੁੰਦੀ ਹੈ ਜਦੋਂ ਮਨੁੱਖ ਧੁਰ-ਅੰਦਰਲੇ ਤੀਰਥ ਉੱਤੇ ਬੈਠਾ ਰਹੇ, ਉਥੇ ਹੀ ਸਦਾ ਨਿਵਾਸ ਰਖੇ।

ਨਾਨਕ ਅਰਜ਼ ਕਰਦਾ ਹੈ, ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਅਸਲੀਅਤ ਦਾ ਮਾਲਕ ਪ੍ਰਭੂ ਟਿਕਿਆ ਹੋਇਆ ਹੈ, ਉਨ੍ਹਾਂ ਦੇ ਸਾਰੇ ਦੁੱਖਾਂ ਦਾ ਇਲਾਜ ਉਹ ਆਪ ਬਣ ਜਾਂਦਾ ਹੈ, (ਕਿਉਂਕਿ ਉਹ) ਸਾਰੇ ਵਿਕਾਰਾਂ ਨੂੰ (ਉਸ ਹਿਰਦੇ ਵਿਚੋਂ) ਧੋ ਕੇ ਕੱਢ ਦੇਂਦਾ ਹੈ (ਜਿੱਥੇ ਉਹ ਵੱਸ ਰਿਹਾ ਹੈ) ।੨।

ਪਉੜੀ ॥

ਦਾਨੁ ਮਹਿੰਡਾ ਤਲੀ ਖਾਕੁ ਜੇ ਮਿਲੈ ਤ ਮਸਤਕਿ ਲਾਈਐ ॥
ਕੂੜਾ ਲਾਲਚੁ ਛਡੀਐ ਹੋਇ ਇਕ ਮਨਿ ਅਲਖੁ

ਨਾਮ ਵਿਚ ਰੰਗਣ ਵਾਸਤੇ ਪਹਿਲਾਂ ਰੱਬ ਦੇ ਡਰ ਰੂਪ ਖੁੰਬ ਤੇ ਚਾੜ੍ਹਨ ਦੀ ਲੋੜ ਹੈ। ਇਸ ਤਰ੍ਹਾਂ ਇਸ ਦਾ ਕੋਰਾ-ਪਨ (ਨਿਰਦਇਤਾ) ਦੂਰ ਹੋ ਜਾਂਦਾ ਹੈ, ਜੀਵ ਰੱਬ ਦੇ ਡਰ ਵਿਚ ਰਹਿ ਕੇ ਜੀਆਂ ਤੇ ਤਰਸ ਕਰਨ ਲਗ ਪੈਂਦਾ ਹੈ। ਫੇਰ ਇਸ ਮਨ ਨੂੰ ਮਿਹਨਤ ਦੀ ਪਾਹ ਦਿਤੀ ਜਾਏ, ਭਾਵ, ਆਲਸ ਤਿਆਗ ਕੇ ਉਦਮੀ ਬਣਿਆ ਰਹੇ। ਤਦੋਂ ਰੱਬ ਦੇ ਭਗਤੀ-ਰੰਗ ਵਿਚ ਰੰਗਿਆਂ ਸੋਹਣੇ ਰੰਗ ਵਾਲਾ ਹੋ ਜਾਂਦਾ ਹੈ।]

ਅਰਥ :–(ਸੰਸਕਾਰ ਜੀਵਾਂ ਦੇ ਹਿਰਦੇ ਵਿਚੋਂ) ਸੱਚ ਉਡ ਗਿਆ ਹੈ ਅਤੇ ਕੂੜ ਹੀ ਕੂੜ ਪਰਧਾਨ ਹੋ ਰਿਹਾ ਹੈ, ਕਲਜੁਗ ਦੀ (ਪਾਪਾਂ ਦੀ) ਕਾਲਖ ਦੇ ਕਾਰਨ ਜੀਵ ਭੂਤਨੇ ਬਣ ਰਹੇ ਹਨ (ਭਾਵ, ਜਗਤ ਦਾ ਮੋਹ ਪ੍ਰਬਲ ਹੋ ਰਿਹਾ ਹੈ, ਜਗਤ ਦੇ ਸਾਜਣਹਾਰੇ ਨਾਲ ਸਾਂਝ ਬਨਾਣ ਦਾ ਖ਼ਿਆਲ ਜੀਵਾਂ ਦੇ ਹਿਰਦਿਆਂ ਵਿਚੋਂ ਦੂਰ ਹੋ ਰਿਹਾ ਹੈ; ਅਤੇ ਸਿਮਰਨ ਤੋਂ ਬਿਨਾ ਜੀਵ ਮਾਨੋ ਭੂਤਨੇ ਹਨ)। ਜਿਨ੍ਹਾਂ ਨੇ (ਹਰੀ ਦਾ ਨਾਮ) ਬੀਜ (ਆਪਣੇ ਹਿਰਦਿਆਂ ਵਿਚ) ਬੀਜਿਆ, ਉਹ ਇਸ ਜਗਤ ਤੋਂ ਸੋਭਾ ਖੱਟ ਕੇ ਗਏ। ਪਰ ਹੁਣ (ਨਾਮ ਦਾ) ਅੰਕੁਰ ਫੁਟਣੋਂ ਰਹਿ ਗਿਆ ਹੈ, (ਕਿਉਂਕਿ ਮਨ)ਦਾਲ ਵਾਂਗ (ਦੋ-ਫਾੜ)ਹੋ ਰਹੇ ਹਨ,(ਭਾਵ,ਦੁਚਿੱਤਾ-ਪਨ ਦੇ ਕਾਰਨ ਜੀਵਾਂ ਦਾ ਮਨ ਨਾਮ ਵਿਚ ਨਹੀਂ ਜੁੜਦਾ)। ਬੀਜ ਉਗਦਾ ਤਾਂ ਹੀ ਹੈ ਜੇ ਬੀਜ ਸਾਬਤ ਹੋਵੇ ਅਤੇ ਬੀਜਣ ਦੀ ਰੁਤ ਭੀ ਚੰਗੀ ਫਬਵੀਂ ਹੋਵੇ, (ਇਸੇ ਤਰ੍ਹਾਂ ਰੱਬ ਦਾ ਨਾਮ-ਅੰਕੁਰ ਭੀ ਤਾਂ ਹੀ ਫੁਟਦਾ ਹੈ ਜੇ ਮਨ ਸਾਬਤ ਹੋਵੇ, ਜੇ ਪੂਰਨ ਤੌਰ ਤੇ ਰੱਬ ਵਲ ਲੱਗਾ ਰਹੇ ਅਤੇ ਸਮਾ ਅੰਮ੍ਰਿਤ ਵੇਲਾ ਭੀ ਖੁੰਝਾਇਆ ਨਾ ਜਾਏ)।

ਹੇ ਨਾਨਕ ! ਜੇ ਲਾਗ ਨ ਵਰਤੀ ਜਾਏ ਤਾਂ ਕੋਰੇ ਕਪੜੇ ਨੂੰ ਉਹ (ਸੋਹਣਾ ਪੱਕਾ) ਰੰਣ ਨਹੀਂ ਚੜ੍ਹਦਾ (ਜੋ ਲਾਗ ਵਰਤਿਆਂ ਚੜ੍ਹਦਾ ਹੈ। ਇਸ ਤਰ੍ਹਾਂ ਜੇ ਇਸ ਕੋਰੇ ਮਨ ਨੂੰ ਰੱਬ ਦੇ ਨਾਮ ਰੰਗ ਵਿਚ ਸੋਹਣਾ ਰੰਗ ਦੇਣਾ ਹੋਵੇ ਤਾਂ ਪਹਿਲਾਂ ਇਸ ਨੂੰ) ਰੱਬ ਦੇ ਡਰ ਰੂਪ ਖੁੰਬ ਤੇ ਧਰੀਏ, ਫੇਰ ਮਿਹਨਤ ਤੇ ਉਦਮ ਦੀ ਪਾਹ ਦੇਈਏ ! (ਇਸ ਤੋਂ ਪਿਛੋਂ) ਹੋ

ਨਾਨਕ ! ਜੇ (ਇਸ ਮਨ ਨੂੰ) ਰੱਬ ਦੀ ਭਗਤੀ ਵਿਚ ਰੰਗਿਆ ਜਾਏ, ਤਾਂ ਮਾਇਆ-ਛਲ ਇਸ ਦੇ ਨੇੜੇ ਭੀ ਨਹੀਂ ਛੁਹ ਸਕਦਾ ।੧।

ਮ: ੧ ॥

ਲਬੁ ਪਾਪੁ ਦੁਇ ਰਾਜਾ ਮਹਤਾ ਕੂੜੁ ਹੋਆ ਸਿਕਦਾਰੁ ॥
ਕਾਮੁ ਨੇਬੁ ਸਦਿ ਪੁਛੀਐ ਬਹਿ ਬਹਿ ਕਰਹਿ ਬੀਚਾਰੁ ॥
ਅੰਧੀ ਰਯਤਿ ਗਿਆਨ ਵਿਹੂਣੀ ਭਾਹਿ ਭਰੇ ਮੁਰਦਾਰੁ ॥
ਗਿਆਨੀ ਨਚਹਿ ਵਾਜੇ ਵਾਵਹਿ ਰੂਪ ਕਰਹਿ ਸੀਗਾਰੁ ॥
ਊਚੇ ਕੂਕਹਿ ਵਾਦਾ ਗਾਵਹਿ ਜੋਧਾ ਕਾ ਵੀਚਾਰੁ ॥
ਮੂਰਖ ਪੰਡਿਤ ਹਿਕਮਤਿ ਹੁਜਤਿ ਸੰਜੈ ਕਰਹਿ
ਪਿਆਰੁ ॥ ਧਰਮੀ ਧਰਮੁ ਕਰਹਿ ਗਾਵਾਵਹਿ ਮੰਗਹਿ
ਮੋਖ ਦੁਆਰੁ ॥ ਜਤੀ ਸਦਾਵਹਿ ਜੁਗਤਿ ਨ ਜਾਣਹਿ
ਛਡਿ ਬਹਹਿ ਘਰ ਬਾਰੁ ॥ ਸਭੁ ਕੋ ਪੂਰਾ ਆਪੇ ਹੋਵੈ
ਘਟਿ ਨ ਕੋਈ ਆਖੈ ॥ ਪਤਿ ਪਰਵਾਣਾ ਪਿਛੈ ਪਾਈਐ
ਤਾ ਨਾਨਕ ਤੋਲਿਆ ਜਾਪੈ ॥੨॥

ਪਦ ਅਰਥ :—ਲਬੁ—ਜੀਭ ਦਾ ਚਸਕਾ । ਮਹਤਾ—ਵਜ਼ੀਰ । ਸਿਕਦਾਰੁ—ਚੌਧਰੀ । ਨੇਬੁ—ਨਾਇਬ । ਸਦਿ—ਸੱਦ ਕੇ, ਬੁਲਾ ਕੇ । ਅੰਧੀ ਰਯਤਿ—ਕਾਮਾਦਿਕ ਵਿਕਾਰਾਂ ਦੇ ਅਧੀਨ ਰਹਿ ਕੇ ਅੰਨ੍ਹੇ ਹੋਏ ਹੋਏ ਜੀਵ । ਭਾਹਿ—ਅੱਗ, ਤ੍ਰਿਸ਼ਨਾ ਦੀ ਅੱਗ । ਮੁਰਦਾਰੁ—ਹਰਾਮ, ਵੱਢੀ, ਰਿਸ਼ਵਤ । ਭਰੇ ਮੁਰਦਾਰੁ—(ਰਯਤ) ਚੱਟੀ ਭਰਦੀ ਹੈ । ਗਿਆਨੀ—ਹੋਰਨਾਂ ਨੂੰ ਉਪਦੇਸ਼ ਕਰਨ ਵਾਲੇ । ਵਾਵਹਿ—ਵਜਾਂਦੇ ਹਨ । ਰੂਪ ਕਰਹਿ—ਕਈ ਭੇਸ ਵਟਾਂਦੇ ਹਨ । ਵਾਦਾ—ਝਗੜੇ, ਜੁੱਧਾਂ ਦੇ ਪਰਸੰਗ । ਜੋਧਾ ਕਾ ਵੀਚਾਰੁ—ਸੂਰਮਿਆਂ ਦੀਆਂ ਕਹਾਣੀਆਂ ਦੀ ਵਿਆਖਿਆ । ਹਿਕਮਤਿ—ਚਲਾਕੀ । ਹੁਜਤਿ—ਦਲੀਲ । ਸੰਜੈ—ਮਾਇਆ ਦੇ ਇਕੱਠਾ ਕਰਨ ਵਿਚ । ਧਰਮੀ—ਆਪਣੇ

ਆਪ ਨੂੰ ਧਰਮ-ਵਾਲਾ ਸਮਝਣ ਵਾਲੇ। ਗਾਵਾਵਹਿ–ਗਵਾ ਲੈਂਦੇ ਹਨ। ਮੋਖ ਦੁਆਰੁ–ਮੁਕਤੀ ਦਾ ਦਰਵਾਜ਼ਾ। ਜਤੀ–ਉਹ ਮਨੁੱਖ ਜਿਨ੍ਹਾਂ ਨੇ ਆਪਣੇ ਇੰਦਰਿਆਂ ਨੂੰ ਆਪਣੇ ਕਾਬੂ ਵਿਚ ਰੱਖਿਆ ਹੋਇਆ ਹੈ। ਜੁਗਤਿ–(ਜਤੀ ਬਣਨ ਦੀ) ਜਾਚ। ਛਡਿ ਬਹਹਿ–ਛੱਡ ਬੈਠਦੇ ਹਨ। ਘਰ ਬਾਰੁ–ਗ੍ਰਿਹਸਤ, ਘਰ-ਘਾਟ। ਸਭੁ ਕੋ–ਹਰੇਕ ਜੀਵ। ਪੂਰਾ–ਮੁਕੰਮਲ, ਅਭੁੱਲ। ਘਟਿ–ਊਣਾ। ਪਤਿ–ਇੱਜ਼ਤ। ਪਰਵਾਨਾ–ਵੱਟਾ। ਪਿਛੈ–(ਤੱਕੜੀ ਦੇ) ਪਿਛਲੇ ਛਾਬੇ ਵਿਚ।੨।

ਅਰਥ :–(ਜਗਤ ਵਿਚ ਜੀਵਾਂ ਵਾਸਤੇ) ਜੀਭ ਦਾ ਚਸਕਾ, ਮਾਨੋ, ਰਾਜਾ ਹੈ, ਪਾਪ ਵਜ਼ੀਰ ਹੈ ਅਤੇ ਝੂਠ ਚੌਧਰੀ ਹੈ, (ਇਸੇ ਲਬ ਤੇ ਪਾਪ ਦੇ ਦਰਬਾਰ ਵਿਚ) ਕਾਮ ਨਾਇਬ ਹੈ, (ਇਸੇ ਨੂੰ) ਸੱਦ ਕੇ ਸਲਾਹ ਪੁਛੀ ਜਾਂਦੀ ਹੈ, ਇਹੀ ਇਹਨਾਂ ਦਾ ਵੱਡਾ ਸਲਾਹਕਾਰ ਹੈ। (ਇਹਨਾਂ ਦੀ) ਪਰਜਾ ਗਿਆਨ ਤੋਂ ਸੱਖਣੀ (ਹੋਣ ਦੇ ਕਾਰਨ), ਮਾਨੋ ਅੰਨ੍ਹੀ ਹੋਈ ਹੋਈ ਹੈ ਅਤੇ ਤ੍ਰਿਸ਼ਨਾ (ਅੱਗ) ਦੀ ਚੱਟੀ ਭਰ ਰਹੀ ਹੈ।

ਜੋ ਮਨੁੱਖ ਆਪਣੇ ਆਪ ਨੂੰ ਗਿਆਨ-ਵਾਨ (ਉਪਦੇਸ਼ਕ) ਅਖਵਾਉਂਦੇ ਹਨ, ਉਹ ਨੱਚਦੇ ਹਨ, ਵਾਜੇ ਵਜਾਂਦੇ ਹਨ, ਅਤੇ ਕਈ ਤਰ੍ਹਾਂ ਦੇ ਭੇਸ ਵਟਾਂਦੇ ਹਨ ਤੇ ਸ਼ਿੰਗਾਰ ਕਰਦੇ ਹਨ; ਉਹ ਗਿਆਨੀ ਉੱਚੀ ਉੱਚੀ ਕੂਕਦੇ ਹਨ, ਜੁੱਧਾਂ ਦੇ ਪਰਸੰਗ ਸੁਣਾਂਦੇ ਹਨ ਅਤੇ ਜੋਧਿਆਂ ਦੀਆਂ ਵਾਰਾਂ ਦੀ ਵਿਆਖਿਆ ਕਰਦੇ ਹਨ।

ਪੜ੍ਹੇ ਲਿਖੇ ਮੂਰਖ ਨਿਰੀਆਂ ਚਲਾਕੀਆਂ ਕਰਨੀਆਂ ਤੇ ਦਲੀਲਾਂ ਦੇਣੀਆਂ ਹੀ ਜਾਣਦੇ ਹਨ, (ਪਰ) ਮਾਇਆ ਦੇ ਇਕੱਠਾ ਕਰਨ ਵਿਚ ਜੁਟੇ ਹੋਏ ਹਨ।

(ਜੋ ਮਨੁੱਖ ਆਪਣੇ ਆਪ ਨੂੰ) ਧਰਮੀ ਸਮਝਦੇ ਹਨ, ਉਹ ਆਪਣੇ ਵਲੋਂ (ਤਾਂ) ਧਰਮ ਦੇ ਕੰਮ ਕਰਦੇ ਹਨ, ਪਰ (ਸਾਰੀ) (ਮਿਹਨਤ) ਗਵਾ ਬੈਠਦੇ ਹਨ, (ਕਿਉਂਕਿ ਇਸ ਦੇ ਵੱਟੇ ਵਿਚ) ਮੁਕਤ ਦਾ ਦਰ ਮੰਗਦੇ ਹਨ ਕਿ ਅਸੀਂ ਮੁਕਤ ਹੋ ਜਾਈਏ, (ਭਾਵ ਧਰਮੀ

ਦਾ ਕੰਮ ਤਾਂ ਕਰਦੇ ਹਨ, ਪਰ ਨਿਸ਼ਕਾਮ ਹੋ ਕੇ ਨਹੀਂ, ਅਜੇ ਭੀ ਵਾਸ਼ਨਾ ਦੇ ਬੱਧੇ ਹਨ)।

(ਕਈ ਅਜਿਹੇ ਹਨ ਜੋ ਆਪਣੇ ਆਪ ਨੂੰ) ਜਤੀ ਅਖਵਾਂਦੇ ਹਨ, ਜਤੀ ਹੋਣ ਦੀ ਜੁਗਤੀ ਜਾਣਦੇ ਨਹੀਂ (ਐਵੇਂ ਵੇਖੋ-ਵੇਖੀ) ਘਰ ਘਾਟ ਛਡ ਜਾਂਦੇ ਹਨ।

(ਇਸ ਲੱਬ, ਪਾਪ, ਕੂੜ ਤੇ ਕਾਮ ਦਾ ਇਤਨਾ ਜ਼ਬ੍ਹਾ ਹੈ,) (ਜਿੱਧਰ ਤੱਕੋ) ਹਰੇਕ ਜੀਵ ਆਪਣੇ ਆਪ ਨੂੰ ਪੂਰਨ ਤੌਰ ਤੇ ਸਿਆਣਾ ਸਮਝਦਾ ਹੈ। ਕੋਈ ਮਨੁੱਖ ਨਹੀਂ ਆਖਦਾ ਕਿ ਮੇਰੇ ਵਿਚ ਕੋਈ ਊਣਤਾ ਹੈ। ਪਰ ਹੇ ਨਾਨਕ! ਤਾਂ ਹੀ ਮਨੁੱਖ ਤੋਲ ਵਿਚ (ਭਾਵ, ਪਰਖ ਵਿਚ) ਪੂਰਾ ਉਤਰਦਾ ਹੈ ਜੇ ਤੱਕੜੀ ਦੇ ਦੂਜੇ ਪੱਲੇ ਵਿਚ (ਰੱਬ ਦੀ ਦਰਗਾਹ ਵਿਚ ਮਿਲੀ ਹੋਈ) ਇੱਜ਼ਤ-ਰੂਪ ਵੱਟਾ ਪਾਇਆ ਜਾਏ, (ਭਾਵ, ਉਹੀ ਮਨੁੱਖ ਊਣਤਾ-ਰਹਿਤ ਹੈ, ਜਿਸ ਨੂੰ ਪ੍ਰਭੂ ਦੀ ਦਰਗਾਹ ਵਿਚ ਆਦਰ ਮਿਲੇ)।੨।

ਮ: ੧ ॥

ਵਦੀ ਸੁ ਵਜਗਿ ਨਾਨਕਾ ਸਚਾ ਵੇਖੈ ਸੋਇ ॥
ਸਭਨੀ ਛਾਲਾ ਮਾਰੀਆ ਕਰਤਾ ਕਰੇ ਸੁ ਹੋਇ ॥
ਅਗੈ ਜਾਤਿ ਨ ਜੋਰੁ ਹੈ ਅਗੈ ਜੀਉ ਨਵੇ ॥
ਜਿਨ੍ ਕੀ ਲੇਖੈ ਪਤਿ ਪਵੈ ਚੰਗੇ ਸੇਈ ਕੇਇ ॥੩॥

ਪਦ ਅਰਥ :–ਵਦੀ–ਮਿੱਥੀ ਹੋਈ, ਰੱਬ ਵਲੋਂ ਨੀਯਤ ਹੋਈ ਹੋਈ। ਸੁ–ਉਹੀ ਗੱਲ। ਵਜਗਿ–ਵੱਜੇਗੀ, ਪਰਗਟ ਹੋਵੇਗੀ। ਸਚਾ–ਸਦਾ ਥਿਰ ਰਹਿਣ ਵਾਲਾ ਪ੍ਰਭੂ। ਵੇਖੈ–(ਹਰੇਕ ਜੀਵ ਦੀ) ਸੰਭਾਲ ਕਰ ਰਿਹਾ ਹੈ। ਸਭਨੀ–ਸਭ ਜੀਵਾਂ ਨੇ। ਛਾਲਾ ਮਾਰੀਆ–ਆਪਣਾ ਜ਼ੋਰ ਲਾਇਆ ਹੈ। ਸੁ ਹੋਇ–ਉਹੀ ਕੁਝ ਵਰਤਦਾ ਹੈ। ਅਗੈ–ਇਹ ਸਰੀਰ ਛੱਡ ਕੇ ਜਿੱਥੇ ਜਾਣਾ ਹੈ ਓਥੇ। ਜਾਤਿ–ਭਾਵ, ਕਿਸੇ ਉੱਚੀ ਜਾਂ ਨੀਵੀਂ

ਜਾਤ ਦਾ ਵਿਤਕਰਾ। ਜੋਰੁ–ਧੱਕਾ। ਸੇਈ ਕੇਇ–ਉਹ ਕੋਈ ਕੋਈ (ਜੀਵ)। ਲੇਖੈ–ਲੇਖਾ ਹੋਣ ਵੇਲੇ।੩।

ਅਰਥ :–ਜੋ ਗੱਲ ਰੱਬ ਵਲੋਂ ਥਾਪੀ ਜਾ ਚੁਕੀ ਹੈ ਉਹੀ ਹੋ ਕੇ ਰਹੇਗੀ, (ਕਿਉਂਕਿ) ਉਹ ਸੱਚਾ ਪ੍ਰਭੂ (ਹਰੇਕ ਜੀਵ ਦੀ ਆਪ) ਸੰਭਾਲ ਕਰ ਰਿਹਾ ਹੈ। ਸਾਰੇ ਜੀਵ ਆਪੋ ਆਪਣਾ ਜ਼ੋਰ ਲਾਂਦੇ ਹਨ, ਪਰ ਹੁੰਦੀ ਉਹੀ ਹੈ ਜੋ ਕਰਤਾਰ ਕਰਦਾ ਹੈ। ਰੱਬ ਦੀ ਦਰਗਾਹ ਵਿਚ ਨਾ (ਕਿਸੇ ਉੱਚੀ ਨੀਵੀਂ) ਜਾਤ ਦਾ (ਵਿਤਕਰਾ) ਹੈ, ਨਾ ਹੀ (ਕਿਸੇ ਦਾ) ਧੱਕਾ (ਚੱਲ ਸਕਦਾ) ਹੈ, ਕਿਉਂਕਿ ਉਥੇ ਉਹਨਾਂ ਜੀਵਾਂ ਨਾਲ ਵਾਹ ਪੈਂਦਾ ਹੈ ਜੋ ਓਪਰੇ ਹਨ (ਭਾਵ, ਉਹ ਕਿਸੇ ਦੀ ਉਚੀ ਜਾਤ ਜਾਂ ਜ਼ੋਰ ਜਾਣਦੇ ਹੀ ਨਹੀਂ, ਇਸ ਵਾਸਤੇ ਕਿਸੇ ਦਬਾਉ ਵਿਚ ਨਹੀਂ ਆਉਂਦੇ)। ਓਥੇ ਉਹ ਕੋਈ ਕੋਈ ਮਨੁੱਖ ਭਲੇ ਗਿਣੇ ਜਾਂਦੇ ਹਨ, ਜਿਨ੍ਹਾਂ ਨੂੰ ਕਰਮਾਂ ਦਾ ਲੇਖਾ ਹੋਣ ਵੇਲੇ ਆਦਰ ਮਿਲਦਾ ਹੈ (ਭਾਵ, ਜਿਨ੍ਹਾਂ ਨੇ ਜਗਤ ਵਿਚ ਭਲੇ ਕੰਮ ਕੀਤੇ ਹੋਏ ਸਨ, ਤੇ ਇਸ ਕਰਕੇ ਉਹਨਾਂ ਨੂੰ ਰੱਬ ਨੇ ਦਰ ਤੇ ਆਦਰ ਮਿਲਦਾ ਹੈ)।੩।

ਪਉੜੀ

ਧੁਰਿ ਕਰਮੁ ਜਿਨਾ ਕਉ ਤੁਧੁ ਪਾਇਆ ਤਾ ਤਿਨੀ ਖਸਮੁ ਧਿਆਇਆ॥ ਏਨਾ ਜੰਤਾ ਕੈ ਵਸਿ ਕਿਛੁ ਨਾਹੀ ਤੁਧੁ ਵੇਕੀ ਜਗਤੁ ਉਪਾਇਆ॥ ਇਕਨਾ ਨੋ ਤੂੰ ਮੇਲਿ ਲੈਹਿ ਇਕਿ ਆਪਹੁ ਤੁਧੁ ਖੁਆਇਆ॥ ਗੁਰ ਕਿਰਪਾ ਤੇ ਜਾਣਿਆ ਜਿਥੈ ਤੁਧੁ ਆਪੁ ਬੁਝਾਇਆ॥ ਸਹਜੇ ਹੀ ਸਚਿ ਸਮਾਇਆ॥੧੧॥

ਪਦ ਅਰਥ :-ਧੁਰਿ–ਧੁਰ ਤੋਂ, ਮੁੱਢ ਤੋਂ। ਕਰਮੁ–ਬਖ਼ਸ਼ਸ਼, ਮਿਹਰ। ਤੁਧੁ–ਤੂੰ, ਹੇ ਨਿਰੰਕਾਰ! ਵੇਕੀ–ਕਈ ਤਰ੍ਹਾਂ ਦਾ, ਕਈ ਰੰਗਾਂ ਦਾ। ਇਕਨਾ ਨੋ–ਕਈ ਜੀਵਾਂ ਨੂੰ। ਇਕਿ–ਕਈ ਜੀਵ। ਆਪਹੁ–ਆਪਣੇ

ਆਪ ਤੋਂ। ਤੁਧੁ–ਤੂੰ, ਹੇ ਪ੍ਰਭੂ ! ਖੁਆਇਆ–ਖੁੰਝਾਏ ਹੋਏ ਹਨ, ਪਰੇ ਕੀਤੇ ਹੋਏ ਹਨ। ਜਾਣਿਆ–(ਤੈਨੂੰ) ਜਾਣ ਲਿਆ ਹੈ। ਜਿਥੈ–ਜਿਸ ਮਨੁੱਖ ਦੇ ਅੰਦਰ। ਆਪੁ–ਆਪਣਾ ਆਪ। ਬੁਝਾਇਆ–ਸਮਝਾ ਦਿਤਾ ਹੈ। ਸਹਜੇ ਹੀ–ਸੁਤੇ ਹੀ। ਸਚਿ–ਸੱਚ ਵਿਚ, ਥਿਰਤਾ ਵਿਚ, ਅਡੋਲਤਾ ਵਿਚ, ਅਸਲੀਅਤ ਵਿਚ। ਸਮਾਇਆ–ਲੀਨ ਹੋ ਜਾਂਦਾ ਹੈ।੧੧।

ਅਰਥ :–(ਹੇ ਪ੍ਰਭੂ !) ਜਿਨ੍ਹਾਂ ਮਨੁੱਖਾਂ ਉੱਤੇ ਤੂੰ ਧੁਰੋਂ ਬਖ਼ਸ਼ਸ਼ ਕੀਤੀ ਹੈ, ਉਹਨਾਂ ਨੇ ਹੀ ਮਾਲਕ ਨੂੰ (ਭਾਵ, ਤੈਨੂੰ) ਸਿਮਰਿਆ ਹੈ। ਇਹਨਾਂ ਜੀਵਾਂ ਦੇ ਆਪਣੇ ਇਖ਼ਤਿਆਰ ਕੁਝ ਨਹੀਂ ਹੈ, (ਕਿ ਤੇਰਾ ਸਿਮਰਨ ਕਰ ਸਕਣ)। ਤੂੰ ਰੰਗਾ ਰੰਗ ਦਾ ਜਗਤ ਪੈਦਾ ਕੀਤਾ ਹੈ; ਕਈ ਜੀਆਂ ਨੂੰ ਤਾਂ ਤੂੰ ਆਪਣੇ ਚਰਨਾਂ ਵਿਚ ਜੋੜੀ ਰਖਦਾ ਹੈਂ, ਪਰ ਕਈ ਜੀਵਾਂ ਨੂੰ ਤੂੰ ਆਪਣੇ ਨਾਲੋਂ ਵਿਛੋੜਿਆ ਹੋਇਆ ਹੈ।

ਜਿਸ (ਵਡਭਾਗੀ) ਮਨੁੱਖ ਦੇ ਹਿਰਦੇ ਵਿਚ ਤੂੰ ਆਪਣੇ ਆਪ ਦੀ ਸੂਝ ਪਾ ਦਿਤੀ ਹੈ, ਉਸ ਨੇ ਸਤਿਗੁਰੂ ਦੀ ਮਿਹਰ ਨਾਲ ਤੈਨੂੰ ਪਛਾਣ ਲਿਆ ਹੈ, ਅਤੇ ਸਹਿਜ ਸੁਭਾਇ ਹੀ (ਆਪਣੇ) ਅਸਲੇ ਵਿਚ ਇਕ-ਮਿਕ ਹੋ ਗਿਆ ਹੈ।੧੧।

ਸਲੋਕੁ ਮ: ੧ ॥

ਦੁਖੁ ਦਾਰੂ ਸੁਖੁ ਰੋਗੁ ਭਇਆ ਜਾ ਸੁਖੁ ਤਾਮਿ ਨ ਹੋਈ ॥ ਤੂੰ ਕਰਤਾ ਕਰਣਾ ਮੈ ਨਾਹੀ ਜਾ ਹਉ ਕਰੀ ਨ ਹੋਈ ॥ ੧॥ ਬਲਿਹਾਰੀ ਕੁਦਰਤਿ ਵਸਿਆ ॥ ਤੇਰਾ ਅੰਤੁ ਨ ਜਾਈ ਲਖਿਆ ॥੧॥ਰਹਾਉ॥ ਜਾਤਿ ਮਹਿ ਜੋਤਿ ਜੋਤਿ ਮਹਿ ਜਾਤਾ ਅਕਲ ਕਲਾ ਭਰਪੂਰਿ ਰਹਿਆ ॥ ਤੂੰ ਸਚਾ ਸਾਹਿਬੁ ਸਿਫਤਿ ਸੁਆਲਿਉ ਜਿਨਿ ਕੀਤੀ ਸੋ ਪਾਰਿ ਪਇਆ ॥ ਕਹੁ ਨਾਨਕ ਕਰਤੇ ਕੀਆ ਬਾਤਾ ਜੋ ਕਿਛੁ ਕਰਣਾ ਸੁ ਕਰਿ ਰਹਿਆ ।੨।

ਪਦ ਅਰਥ:–ਤਾਮਿ–ਤਦੋਂ । ਕਰਣਾ–ਕਰਣਹਾਰ । ਮੈ ਨਾਹੀ–ਮੈਂ ਕੁਝ ਭੀ ਨਹੀਂ, ਮੇਰੀ ਪਾਇਆਂ ਨਹੀਂ ਹੈ । ਜਾ ਹਉ ਕਰੀ–ਜੇ ਮੈਂ 'ਹਉ' ਆਖਾਂ, ਜੇ ਮੈਂ ਆਪਣੇ ਆਪ ਨੂੰ ਕੁਝ ਸਮਝ ਬੈਠਾਂ । ਨ ਹੋਈ–ਨਹੀਂ ਫਬਦਾ, ਇਹ ਗੱਲ ਫਬਦੀ ਨਹੀਂ । ਜਾਤਿ–ਸ੍ਰਿਸ਼ਟੀ। ਜੋਤਿ–ਰੱਬ ਦਾ ਨੂਰ । ਜੋਤਿ ਮਹਿ–ਸਾਰੀਆਂ ਜੋਤੀਆਂ ਵਿਚ, ਸਾਰੇ ਜੀਵਾਂ ਵਿਚ । ਜਾਤਾ–ਵੇਖਿਆ ਜਾਂਦਾ ਹੈ, ਦਿਸ ਰਿਹਾ ਹੈ । ਅਕਲ–ਸੰਪੂਰਨ ਕਲਾ–ਟੋਟਾ, ਹਿੱਸਾ । ਅਕਲ ਕਲਾ–ਜਿਸ ਦੇ ਵਖੋ ਵਖਰੇ ਟੋਟੇ ਨਾ ਹੋਣ, ਇਸ ਰਸ ਸੰਪੂਰਨ ਪ੍ਰਭੂ । ਸੁਆਲਿਉ–ਸੋਹਣੀ, ਸੁੰਦਰ । ਜਿਨਿ ਕੀਤੀ–ਜਿਸ ਨੇ (ਤੇਰੀ ਵਡਿਆਈ) ਕੀਤੀ । ਨਾਨਕ–ਹੇ ਨਾਨਕ ! ਕਹੁ ਕਰਤੇ ਕੀਆ ਬਾਤਾ–ਕਰਤਾਰ ਦੀਆਂ ਗੱਲਾਂ ਆਖ ।

ਅਰਥ :–(ਹੇ ਪ੍ਰਭੂ ! ਤੇਰੀ ਅਜਬ ਕੁਦਰਤ ਹੈ ਕਿ) ਬਿਪਤਾ (ਜੀਵਾਂ ਦੇ ਰੋਗਾਂ ਦਾ) ਇਲਾਜ (ਬਣ ਜਾਂਦੀ) ਹੈ, ਅਤੇ ਸੁਖ (ਉਹਨਾਂ ਲਈ) ਦੁਖ ਦਾ (ਕਾਰਨ) ਹੋ ਜਾਂਦਾ ਹੈ । ਪਰ ਜੇ (ਅਸਲੀ ਆਤਮਕ) ਸੁਖ (ਜੀਵ ਨੂੰ) ਮਿਲ ਜਾਏ, ਤਾਂ (ਦੁੱਖ) ਨਹੀਂ ਰਹਿੰਦਾ । ਹੇ ਪ੍ਰਭੂ ! ਤੂੰ ਕਰਨਹਾਰ ਕਰਤਾਰ ਹੈਂ (ਤੂੰ ਆਪ ਹੀ ਇਨ੍ਹਾਂ ਭੇਤਾਂ ਨੂੰ ਸਮਝਦਾ ਹੈਂ), ਮੇਰੀ ਸਮਰੱਥਾ ਨਹੀਂ ਹੈ (ਕਿ ਮੈਂ ਸਮਝ ਸਕਾਂ) । ਜੇ ਮੈਂ ਆਪਣੇ ਆਪ ਨੂੰ ਕੁਝ ਸਮਝ ਲਵਾਂ (ਭਾਵ, ਜੇ ਮੈਂ ਇਹ ਖ਼ਿਆਲ ਕਰਨ ਲੱਗ ਪਵਾਂ ਕਿ ਮੈਂ ਤੇਰੇ ਭੇਦ ਨੂੰ ਸਮਝ ਸਕਦਾ ਹਾਂ) ਤਾਂ ਇਹ ਗੱਲ ਫਬਦੀ ਨਹੀਂ ।੧।

ਹੇ ਕੁਦਰਤ ਵਿਚ ਵਸ ਰਹੇ ਕਰਤਾਰ ! ਮੈਂ ਤੈਥੋਂ ਸਦਕੇ ਹਾਂ, ਤੇਰਾ ਅੰਤ ਪਾਇਆ ਨਹੀਂ ਜਾ ਸਕਦਾ ।੧।ਰਹਾਉ।

ਸਾਰੀ ਸ੍ਰਿਸ਼ਟੀ ਵਿਚ ਤੇਰਾ ਹੀ ਨੂਰ ਵੱਸ ਰਿਹਾ ਹੈ, ਸਾਰੇ ਜੀਵਾਂ ਵਿਚ ਤੇਰਾ ਹੀ ਪ੍ਰਕਾਸ਼ ਹੈ, ਤੂੰ ਸਭ ਥਾਈਂ ਇਕ-ਰਸ ਵਿਆਪਕ ਹੈਂ । ਹੇ ਪ੍ਰਭੂ ! ਤੂੰ ਸਦਾ ਥਿਰ ਰਹਿਣ ਵਾਲਾ ਹੈਂ, ਤੇਰੀਆਂ ਸੋਹਣੀਆਂ ਵਡਿਆਈਆਂ ਹਨ । ਜਿਸ ਜਿਸ ਨੇ ਤੇਰੇ ਗੁਣ ਗਾਏ ਹਨ, ਉਹ ਇਸ ਸੰਸਾਰ-ਸਮੁੰਦਰ ਤੋਂ ਤਰ ਗਿਆ ਹੈ । ਹੇ ਨਾਨਕ ! (ਤੂੰ ਭੀ) ਕਰਤਾਰ

ਦੀ ਸਿਫ਼ਤ-ਸਲਾਹ ਕਰ, (ਤੇ ਆਖ ਕਿ) ਪ੍ਰਭੂ ਜੋ ਕੁਝ ਕਰਨਾ ਚੰਗਾ ਸਮਝਦਾ ਹੈ ਉਹ ਕਰ ਰਿਹਾ ਹੈ (ਭਾਵ, ਉਸ ਦੇ ਕੰਮਾਂ ਵਿਚ ਕਿਸੇ ਦਾ ਦਖ਼ਲ ਨਹੀਂ ਹੈ) ।੨।

ਮ: ੨ ॥

ਜੋਗ ਸਬਦੰ ਗਿਆਨ ਸਬਦੰ ਬੇਦ ਸਬਦੰ ਬ੍ਰਾਹਮਣਹ ॥
ਖਤ੍ਰੀ ਸਬਦੰ ਸੂਰ ਸਬਦੰ ਸੂਦ੍ਰ ਸਬਦੰ ਪਰਾਕ੍ਰਿਤਹ ॥
ਸਰਬ ਸਬਦੰ ਏਕ ਸਬਦੰ ਜੇ ਕੋ ਜਾਣੈ ਭੇਉ ॥ ਨਾਨਕੁ
ਤਾ ਕਾ ਦਾਸੁ ਹੈ ਸੋਈ ਨਿਰੰਜਨ ਦੇਉ ॥੩॥

ਪਦ ਅਰਥ :–ਸਬਦੰ–ਗੁਰੂ ਦਾ ਬਚਨ, ਗੁਰੂ ਦਾ ਉਪਦੇਸ਼, ਗੁਰੂ ਦਾ ਹੁਕਮ, ਜੀਵ ਦਾ ਧਰਮ। ਜੋਗ ਸਬਦੰ–ਜੋਗ ਦਾ ਧਰਮ। ਸਬਦੰ ਬ੍ਰਾਹਮਣਹ–ਬ੍ਰਾਹਮਣਾਂ ਦਾ ਧਰਮ। ਪ੍ਰਾਕ੍ਰਿਤਹ–ਪਰਾਈ ਕਿਰਤ ਕਰਨੀ, ਦੂਜਿਆਂ ਦੀ ਸੇਵਾ ਕਰਨੀ। ਸਰਬ ਸਬਦੰ–ਸਾਰਿਆਂ ਧਰਮਾਂ ਦਾ ਧਰਮ, ਭਾਵ, ਸਭ ਤੋਂ ਸ੍ਰੇਸ਼ਟ ਧਰਮ। ਏਕ ਸਬਦੰ- ਇਕ ਪ੍ਰਭੂ ਦਾ ਸਿਮਰਨ ਰੂਪ ਧਰਮ । ਭੇਉ–ਭੇਦ । ਸੋਈ–ਉਹੀ ਮਨੁੱਖ । ਨਿਰੰਜਨ ਦੇਉ–ਪ੍ਰਭੂ (ਦਾ ਰੂਪ) ਹੈ ।੩।

ਅਰਥ :–ਜੋਗ ਦਾ ਧਰਮ ਗਿਆਨ ਪ੍ਰਾਪਤ ਕਰਨਾ ਹੈ (ਬ੍ਰਹਮ ਦੀ ਵੀਚਾਰ ਕਰਨਾ ਹੈ), ਬ੍ਰਾਹਮਣਾਂ ਦਾ ਧਰਮ ਵੇਦਾਂ ਦੀ ਵਿਚਾਰ ਹੈ। ਖਤ੍ਰੀਆਂ ਦਾ ਧਰਮ ਸੂਰਮਿਆਂ ਵਾਲੇ ਕੰਮ ਕਰਨਾ ਹੈ, ਅਤੇ ਸ਼ੂਦਰਾਂ ਦਾ ਧਰਮ ਦੂਜਿਆਂ ਦੀ ਸੇਵਾ ਕਰਨੀ ਹੈ, ਪਰ ਸਾਰਿਆਂ ਦਾ ਮੁੱਖ-ਧਰਮ ਇਹ ਹੈ ਕਿ ਇਕ ਪ੍ਰਭੂ ਦਾ ਸਿਮਰਨ ਕਰੀਏ। ਜੋ ਮਨੁੱਖ ਇਸ ਭੇਦ ਨੂੰ ਜਾਣਦਾ ਹੈ, ਨਾਨਕ ਉਸ ਦਾ ਦਾਸ ਹੈ, ਉਹ ਮਨੁੱਖ ਪ੍ਰਭੂ ਦਾ ਰੂਪ ਹੈ ।੩।

ਮ: ੨ ॥

ਏਕ ਕ੍ਰਿਸਨੰ ਸਰਬ ਦੇਵਾ ਦੇਵ ਦੇਵਾ ਤ ਆਤਮਾ ॥

ਆਤਮਾ ਬਾਸੁਦੇਵਸਿ ਜੇ ਕੋ ਜਾਣੈ ਭੇਉ ॥ ਨਾਨਕ ਤਾ ਕਾ ਦਾਸੁ ਹੈ ਸੋਈ ਨਿਰੰਜਨ ਦੇਉ ॥੪॥

ਪਦ ਅਰਥ :–ਏਕ ਕ੍ਰਿਸਨੰ–ਇਕ ਪਰਮਾਤਮਾ । ਸਰਬ ਦੇਵ ਆਤਮਾ–ਸਾਰੇ ਦੇਵਤਿਆਂ ਦਾ ਆਤਮਾ । ਦੇਵ ਦੇਵਾ ਆਤਮਾ–ਦੇਵਤਿਆਂ ਦੇ ਦੇਵਤਿਆਂ ਦਾ ਆਤਮਾ । ਤ–ਭੀ । ਵਾਸੁਦੇਵ–(ਜਿਵੇਂ ਸ਼ਬਦ 'ਕ੍ਰਿਸ਼ਨ' ਦਾ ਅਰਥ 'ਪਰਮਾਤਮਾ' ਭੀ ਹੈ, ਤਿਵੇਂ 'ਕ੍ਰਿਸ਼ਨ' ਜੀ ਦਾ ਇਹ ਨਾਮ ਭੀ 'ਪਰਮਾਤਮਾ' ਅਰਥ ਵਿਚ ਹੀ ਲੈਣਾ ਹੈ) ਪਰਮਾਤਮਾ। ਬਾਸੁਦੇਵਸਿ–ਪਰਮਾਤਮਾ ਦਾ । ਬਾਸੁਦੇਵਸਿ ਆਤਮਾ–ਪ੍ਰਭੂ ਦਾ ਆਤਮਾ । ਨਿਰੰਜਨ–ਅੰਜਨ (ਭਾਵ, ਮਾਇਆ ਰੂਪ ਕਾਲਖ) ਤੋਂ ਰਹਿਤ ਹਰੀ ।੪।

ਅਰਥ :–ਇਕ ਪਰਮਾਤਮਾ ਹੀ ਸਾਰੇ ਦੇਵਤਿਆਂ ਦਾ ਆਤਮਾ ਹੈ, ਦੇਵਤਿਆਂ ਦੇ ਦੇਵਤਿਆਂ ਦਾ ਭੀ ਆਤਮਾ ਹੈ। ਜੋ ਮਨੁੱਖ ਪ੍ਰਭੂ ਦੇ ਆਤਮਾ ਦਾ ਭੇਦ ਜਾਣ ਲੈਂਦਾ ਹੈ, ਨਾਨਕ ਉਸ ਮਨੁੱਖ ਦਾ ਦਾਸ ਹੈ, ਉਹ ਮਨੁੱਖ ਪਰਮਾਤਮਾ ਦਾ ਰੂਪ ਹੈ ।੪।

ਮ: ੧ ॥

ਕੁੰਭੇ ਬਧਾ ਜਲੁ ਰਹੈ ਜਲ ਬਿਨੁ ਕੁੰਭੁ ਨ ਹੋਇ ॥ ਗਿਆਨ ਕਾ ਬਧਾ ਮਨੁ ਰਹੈ ਗੁਰ ਬਿਨੁ ਗਿਆਨੁ ਨ ਹੋਇ ॥੫॥

ਪਦ ਅਰਥ :–ਕੁੰਭ–ਘੜਾ। ਕੁੰਭੇ–ਘੜੇ ਵਿਚ ਹੀ। ਬਧਾ–ਬੱਝਾ ਹੋਇਆ। ਰਹੈ–ਰਹਿੰਦਾ ਹੈ, ਟਿਕ ਸਕਦਾ ਹੈ। ਕੁੰਭੁ ਨ ਹੋਇ–ਘੜਾ ਨਹੀਂ ਹੁੰਦਾ, ਘੜਾ ਨਹੀਂ ਬਣ ਸਕਦਾ। ਮਨੁ ਰਹੈ–ਮਨ ਟਿਕਦਾ ਹੈ।੫।

ਅਰਥ :–(ਜਿਵੇਂ) ਪਾਣੀ ਘੜੇ (ਆਦਿਕ) ਭਾਂਡੇ ਵਿਚ ਹੀ ਬੱਝਾ ਹੋਇਆ (ਭਾਵ, ਪਿਆ ਹੋਇਆ) (ਇਕ ਥਾਂ) ਟਿਕਿਆ ਰਹਿ ਸਕਦਾ ਹੈ (ਤਿਵੇਂ ਗੁਰੂ ਦੇ) ਗਿਆਨ (ਭਾਵ, ਉਪਦੇਸ਼) ਦਾ ਬੱਝਾ

ਹੋਇਆ ਹੀ ਮਨ (ਇਕ ਥਾਂ) ਟਿਕਿਆ ਰਹਿ ਸਕਦਾ ਹੈ, (ਭਾਵ, ਵਿਕਾਰਾਂ ਵਲ ਨਹੀਂ ਦੌੜਦਾ); (ਜਿਵੇਂ) ਪਾਣੀ ਤੋਂ ਬਿਨਾ ਘੜਾ ਨਹੀਂ ਬਣ ਸਕਦਾ (ਤਿਵੇਂ) ਗੁਰੂ ਤੋਂ ਬਿਨਾ ਗਿਆਨ ਪੈਦਾ ਨਹੀਂ ਹੋ ਸਕਦਾ ।੫।

ਪਉੜੀ ॥

ਪੜਿਆ ਹੋਵੈ ਗੁਨਹਗਾਰੁ ਤਾ ਓਮੀ ਸਾਧੁ ਨ ਮਾਰੀਐ ॥ ਜੇਹਾ ਘਾਲੇ ਘਾਲਣਾ ਤੇਵੇਹੋ ਨਾਉ ਪਚਾਰੀਐ ॥ ਐਸੀ ਕਲਾ ਨ ਖੇਡੀਐ ਜਿਤੁ ਦਰਗਹ ਗਇਆ ਹਾਰੀਐ ॥ ਪੜਿਆ ਅਤੈ ਓਮੀਆ ਵੀਚਾਰੁ ਅਗੈ ਵੀਚਾਰੀਐ ॥ ਮੁਹਿ ਚਲੈ ਸੁ ਅਗੈ ਮਾਰੀਐ ॥੧੨॥

ਪਦ ਅਰਥ :—ਪੜ੍ਹਿਆ—ਪੜ੍ਹਿਆ ਹੋਇਆ ਮਨੁੱਖ । ਗੁਨਹਗਾਰੁ—ਮੰਦੇ ਕੰਮ ਕਰਨ ਵਾਲਾ । ਓਮੀ—ਨਿਰਾ ਸ਼ਬਦ 'ਓਮ' ਨੂੰ ਹੀ ਜਾਨਣ ਵਾਲਾ; ਭਾਵ, ਅਨਪੜ੍ਹ ਮਨੁੱਖ । ਸਾਧੁ—ਭਲਾ ਮਨੁੱਖ। ਨ ਮਾਰੀਐ—ਮਾਰ ਨਹੀਂ ਖਾਂਦਾ । ਘਾਲਣਾ ਘਾਲੇ—ਕਮਾਈ ਕਰੇ। ਤੇਵੇਹੋ—ਤਿਹੋ ਜਿਹਾ ਹੀ। ਪਚਾਰੀਐ—ਪਰਚਲਤ ਹੋ ਜਾਂਦਾ ਹੈ, ਮਸ਼ਹੂਰ ਹੋ ਜਾਂਦਾ ਹੈ। ਕਲਾ—ਖੇਡ । ਤਿਸੁ—ਜਿਸ ਦੇ ਕਾਰਨ। ਵੀਚਾਰੀਐ—ਵਿਚਾਰੀ ਜਾਂਦੀ ਹੈ, ਕਬੂਲ ਪੈਂਦੀ ਹੈ। ਮੁਹਿ ਚਲੈ—ਮੂੰਹ ਦੇ ਜ਼ੋਰ ਚਲੈ, ਜੋ ਮਨੁੱਖ ਮੂੰਹ-ਜ਼ੋਰ ਹੋਵੇ, ਆਪਣੀ ਮਰਜ਼ੀ ਦੇ ਅਨੁਸਾਰ ਤੁਰੇ ।੧੨।

ਅਰਥ :—ਜੇ ਪੜ੍ਹਿਆ-ਲਿਖਿਆ ਮਨੁੱਖ ਮੰਦ-ਕਰਮੀ ਹੋ ਜਾਏ (ਤਾਂ ਇਸ ਨੂੰ ਵੇਖ ਕੇ ਅਨਪੜ੍ਹ ਮਨੁੱਖ ਨੂੰ ਘਬਰਾਣਾ ਨਹੀਂ ਚਾਹੀਦਾ ਕਿ ਪੜ੍ਹੇ ਹੋਏ ਦਾ ਇਹ ਹਾਲ, ਤਾਂ ਅਨਪੜ੍ਹ ਦਾ ਕੀ ਬਣੇਗਾ! ਕਿਉਂਕਿ ਜੇ) ਅਨਪੜ੍ਹ ਮਨੁੱਖ ਨੇਕ ਹੈ ਤਾਂ ਉਸ ਨੂੰ ਮਾਰ ਨਹੀਂ ਪੈਂਦੀ। (ਨਿਬੇੜਾ ਮਨੁੱਖ ਦੀ ਕਮਾਈ ਤੇ ਹੁੰਦਾ ਹੈ, ਪੜ੍ਹਨ ਜਾਂ ਨਾ ਪੜ੍ਹਨ ਦਾ ਮੁੱਲ ਨਹੀਂ ਪੈਂਦਾ)। ਮਨੁੱਖ ਜਿਹੋ ਜਿਹੀ ਕਰਤੂਤ ਕਰਦਾ ਹੈ, ਉਸ ਦਾ ਉਹੋ ਜਿਹਾ

ਹੀ ਨਾਂ ਉੱਘਾ ਹੋ ਜਾਂਦਾ ਹੈ, (ਤਾਂ ਤੇ) ਇਹੋ ਜਿਹੀ ਖੇਡ ਨਹੀਂ ਖੇਡਣੀ ਚਾਹੀਦੀ, ਜਿਸ ਕਰਕੇ ਦਰਗਾਹ ਵਿਚ ਜਾ ਕੇ (ਮਨੁੱਖਾ-ਜਨਮ ਦੀ) ਬਾਜ਼ੀ ਹਾਰ ਬੈਠੀਏ।

ਮਨੁੱਖ ਭਾਵੇਂ ਪੜ੍ਹਿਆ ਹੋਇਆ ਹੋਵੇ ਭਾਵੇਂ ਅਨਪੜ੍ਹ, ਪ੍ਰਭੂ ਦੀ ਦਰਗਾਹ ਵਿਚ ਕੇਵਲ ਪ੍ਰਭੂ ਦੇ ਗੁਣਾਂ ਦੀ ਵਿਚਾਰ ਹੀ ਕਬੂਲ ਪੈਂਦੀ ਹੈ। ਜੋ ਮਨੁੱਖ (ਇਸ ਜਗਤ ਵਿਚ) ਆਪਣੀ ਮਰਜ਼ੀ ਅਨੁਸਾਰ ਹੀ ਤੁਰਦਾ ਹੈ, ਉਹ ਅੱਗੇ ਜਾ ਕੇ ਮਾਰ ਖਾਂਦਾ ਹੈ।੧੨।

ਸਲੋਕੁ ਮ: ੧ ॥

**ਨਾਨਕੁ ਮੇਰੁ ਸਰੀਰ ਕਾ ਇਕੁ ਰਥੁ ਇਕੁ ਰਥਵਾਹੁ ॥
ਜੁਗੁ ਜੁਗੁ ਫੇਰਿ ਵਟਾਈਅਹਿ ਗਿਆਨੀ ਬੁਝਹਿ ਤਾਹਿ ॥
ਸਤਜੁਗਿ ਰਥੁ ਸੰਤੋਖ ਕਾ ਧਰਮੁ ਅਗੈ ਰਥਵਾਹੁ ॥
ਤ੍ਰੇਤੈ ਰਥੁ ਜਤੈ ਕਾ ਜੋਰੁ ਅਗੈ ਰਥਵਾਹੁ ॥ ਦੁਆਪੁਰਿ
ਰਥੁ ਤਪੈ ਕਾ ਸਤੁ ਅਗੈ ਰਥਵਾਹੁ ॥ ਕਲਜੁਗਿ ਰਥੁ
ਅਗਨਿ ਕਾ ਕੂੜੁ ਅਗੈ ਰਥਵਾਹੁ ॥੧॥**

ਪਦ ਅਰਥ :–ਮੇਰੁ–ਜਿਵੇਂ 'ਮੇਰੂ' ਪਰਬਤ ਦੇ ਦੁਆਲੇ ਸਾਰੇ ਗ੍ਰਹਿ (ਤਾਰ) ਭੌਂਦੇ ਹਨ, ਸਾਰੇ 'ਦੀਪਾਂ' ਦਾ ਇਹ ਕੇਂਦਰ ਹੈ ਤੇ ਇਸ ਵਿੱਚ ਸੋਨਾ ਤੇ ਹੀਰੇ ਮਿਲਦੇ ਹਨ, ਜਿਵੇਂ ਮਾਲਾ ਦੇ ੧੦੮ ਮਣਕਿਆਂ ਵਿੱਚ ਸਿਰਤਾਜ ਮਣਕਾ 'ਮੇਰੂ' ਹੈ, ਜਿਵੇਂ ਮੋਤੀਆਂ ਦੇ ਹਾਰ ਦਾ ਸਿਰੋਮਣੀ ਮੋਤੀ 'ਮੇਰੂ' ਅਖਵਾਂਦਾ ਹੈ, ਤਿਵੇਂ ਪ੍ਰਭੂ ਦੀ ਰਚਨਾ ਦੀਆਂ ਬੇਅੰਤ ਜੂਨੀਆਂ ਵਿਚੋਂ ਸ਼ਿਰੋਮਣੀ ਜੂਨ ਮਨੁੱਖਾ-ਜੂਨ 'ਮੇਰੂ' ਅਖਵਾਂਦੀ ਹੈ ਅਤੇ ਮਨੁੱਖਾ-ਸਰੀਰ ਬਾਕੀ ਸਭ ਜੂਨੀਆਂ ਦੇ ਸਰੀਰਾਂ ਵਿਚੋਂ 'ਮੇਰੂ' ਹੈ। ਮੇਰੁ ਸਰੀਰ ਕਾ–(ਸਰੀਰਾਂ ਵਿਚੋਂ) ਮੇਰੂ ਸਰੀਰ ਦਾ, (ਸਾਰੀਆਂ ਜੂਨੀਆਂ ਦੇ ਸਰੀਰਾਂ ਵਿਚੋਂ) ਮੇਰੂ ਸਰੀਰ ਦਾ, ਸ਼ਿਰੋਮਣੀ ਸਰੀਰ ਦਾ, ਭਾਵ, ਮਨੁੱਖਾ-ਸਰੀਰ ਦੇ ਵਾਸਤੇ। ਰਥੁ–ਕਾਠ ਉਪਨਿਸ਼ਦ ਵਿਚ ਮਨੁੱਖਾ ਸਰੀਰ ਨੂੰ ਭੀ

ਰੱਥ ਨਾਲ ਉਪਮਾ ਦਿੱਤੀ ਗਈ ਹੈ; ਭਾਵ, ਸਰੀਰ ਨੂੰ ਰੱਥ ਸਮਝੋ ਤੇ ਆਤਮਾ ਨੂੰ ਇਸ ਰੱਥ ਦਾ ਰਥਵਾਹੀ ਜਾਣੋ। ਰਥਵਾਹੁ—ਰੱਥ ਨੂੰ ਚਲਾਣ ਵਾਲਾ। ਜੁਗੁ ਜੁਗੁ—ਹਰੇਕ ਜੁਗ ਵਿਚ। ਜੁਗੁ—ਇਸ ਸ੍ਰਿਸ਼ਟੀ ਦੀ ਇਕ ਖ਼ਾਸ ਉਮਰ ਨੂੰ 'ਜੁਗੁ' ਕਿਹਾ ਜਾਂਦਾ ਹੈ। ਜੁਗ ਗਿਣਤੀ ਵਿਚ ਚਾਰ ਹਨ—ਸਤਜੁਗ, ਤ੍ਰੇਤਾ, ਦੁਆਪਰ ਤੇ ਕਲਜੁਗ। ਹਰੇਕ ਜੁਗ ਦੀ ਉਮਰ ਕ੍ਰਮ ਅਨੁਸਾਰ ੧੭੨੮੦੦੦, ੧੨੯੬੦੦੦, ੮੬੪੦੦੦ ਅਤੇ ੪੩੨੦੦੦ ਸਾਲ (ਮਨੁੱਖਾਂ ਦੇ ਸਾਲ) ਹੈ; ਇਹ ਸਾਰਾ ਸਮਾ ਮਿਲਾ ਕੇ ਇਕ 'ਮਹਾ-ਜੁਗ' ਬਣਦਾ ਹੈ। ਹਰੇਕ ਜੁਗ ਦੀ ਉਮਰ ਤਰਤੀਬ-ਵਾਰ ਘਟਦੀ ਗਈ ਹੈ। ਇਸ ਸੰਬੰਧੀ ਖ਼ਿਆਲ ਇਹ ਹੈ ਕਿ ਇਹਨਾਂ ਜੁਗਾਂ ਵਿਚ-ਦੇ ਜੀਵਾਂ ਦਾ ਸਰੀਰਕ ਬਲ ਤੇ ਆਚਰਨ ਕਮਜ਼ੋਰ ਹੁੰਦਾ ਜਾ ਰਿਹਾ ਹੈ। ਇਸ ਕਰਕੇ ਜੁਗਾਂ ਦੀ ਉਮਰ ਭੀ ਨਾਲੋ ਨਾਲ ਘਟਦੀ ਜਾ ਰਹੀ ਹੈ। ਵਟਾਈਅਹਿ—ਵਟਾਏ ਜਾਂਦੇ ਹਨ, ਬਦਲਦੇ ਰਹਿੰਦੇ ਹਨ। ਗਿਆਨੀ—ਗਿਆਨ ਵਾਲੇ ਮਨੁੱਖ। ਤਾਹਿ—ਇਸ ਗੱਲ ਨੂੰ। ਸਤਜੁਗਿ—ਸਤਜੁਗ ਵਿਚ। ਤ੍ਰੇਤੈ—ਤ੍ਰੇਤੇ ਜੁਗ ਵਿਚ। ਸਤੁ—ਉੱਚਾ ਆਚਰਨ।੧।

ਅਰਥ :—ਹੇ ਨਾਨਕ ? ਚੌਰਾਸੀ ਲੱਖ ਜੂਨਾਂ ਵਿਚੋਂ ਸ਼ਿਰੋਮਣੀ ਮਨੁੱਖਾ ਸਰੀਰ ਦਾ ਇਕ ਰੱਥ ਹੈ ਤੇ ਇਕ ਰਥਵਾਹੀ ਹੈ (ਭਾਵ, ਇਹ ਜ਼ਿੰਦਗੀ ਇਕ ਲੰਮਾ ਸਫ਼ਰ ਹੈ, ਮਨੁੱਖ ਮੁਸਾਫ਼ਰ ਹੈ, ਇਸ ਲੰਮੇ ਸਫ਼ਰ ਨੂੰ ਸੌਖੇ ਤਰੀਕੇ ਨਾਲ ਤੈ ਕਰਨ ਵਾਸਤੇ ਜੀਵ ਸਮੇ ਦੇ ਪਰਭਾਵ ਵਿਚ ਆਪਣੀ ਮਤ ਅਨੁਸਾਰ ਕਿਸੇ ਨ ਕਿਸੇ ਦੀ ਅਗਵਾਈ ਵਿਚ ਤੁਰ ਰਹੇ ਹਨ, ਕਿਸੇ ਨ ਕਿਸੇ ਦਾ ਆਸਰਾ ਤੱਕ ਰਹੇ ਹਨ। ਪਰ ਜਿਉਂ ਜਿਉਂ ਸਮਾ ਗੁਜ਼ਰਦਾ ਜਾ ਰਿਹਾ ਹੈ, ਜੀਵਾਂ ਦੇ ਸੁਭਾਉ ਬਦਲ ਰਹੇ ਹਨ, ਇਸ ਵਾਸਤੇ ਜੀਵਾਂ ਦਾ ਆਪਣੀ ਜ਼ਿੰਦਗੀ ਦਾ ਨਿਸ਼ਾਨਾ, ਜ਼ਿੰਦਗੀ ਦਾ ਮਨੋਰਥ ਭੀ ਬਦਲ ਰਿਹਾ ਹੈ; ਤਾਂ ਤੇ) ਹਰੇਕ ਜੁਗ ਵਿਚ ਇਹ ਰੱਥ ਤੇ ਰਥਵਾਹੀ ਮੁੜ ਮੁੜ ਬਦਲਦੇ ਰਹਿੰਦੇ ਹਨ, ਇਸ ਭੇਦ ਨੂੰ ਸਿਆਣੇ ਮਨੁੱਖ ਸਮਝਦੇ ਹਨ।

ਸਤਿਜੁਗ ਵਿਚ ਮਨੁੱਖਾ-ਸਰੀਰ ਦਾ ਰੱਥ 'ਸੰਤੋਖ' ਹੁੰਦਾ ਹੈ ਤੇ ਅੱਗੇ ਰਥਵਾਹੀ 'ਧਰਮ' ਹੈ। (ਭਾਵ, ਜਦੋਂ ਮਨੁੱਖਾਂ ਦਾ ਆਮ ਤੌਰ ਤੇ ਜ਼ਿੰਦਗੀ ਦਾ ਨਿਸ਼ਾਨਾ 'ਧਰਮ' ਹੋਵੇ, 'ਧਰਮ' ਜੀਵਨ-ਮਨੋਰਥ ਹੋਣ ਕਰਕੇ ਸੁਤੇ ਹੀ 'ਸੰਤੋਖ' ਉਨ੍ਹਾਂ ਦੀ ਸਵਾਰੀ ਹੁੰਦਾ ਹੈ, 'ਸੰਤੋਖ' ਵਾਲਾ ਸੁਭਾਉ ਜੀਵਾਂ ਦੇ ਅੰਦਰ ਪ੍ਰਬਲ ਹੁੰਦਾ ਹੈ। ਇਹੋ ਜੀਵ, ਮਾਨੋ, ਸਤਜੁਗੀ ਹਨ, ਸਤਜੁਗ ਵਿਚ ਵੱਸ ਰਹੇ ਹਨ।

ਤ੍ਰੇਤੇ ਜੁਗ ਵਿਚ ਮਨੁੱਖਾ-ਸਰੀਰ ਦਾ ਰੱਥ 'ਜਤੁ' ਹੈ ਤੇ ਇਸ 'ਜਤ' ਰੂਪ ਰੱਥ ਦੇ ਅੱਗੇ ਰਥਵਾਹੀ 'ਜੋਰੁ' ਹੈ [ਭਾਵ, ਜਦੋਂ ਮਨੁੱਖਾਂ ਦੀ ਜ਼ਿੰਦਗੀ ਦਾ ਨਿਸ਼ਾਨਾ ਸੂਰਮਤਾ (Chavilry) ਹੋਵੇ, ਤਦੋਂ ਸੁਤੇ ਹੀ 'ਜਤੁ' ਉਹਨਾਂ ਦੀ ਸਵਾਰੀ ਹੁੰਦਾ ਹੈ। 'ਸੂਰਮਤਾ' ਦੇ ਪਿਆਰੇ ਮਨੁੱਖਾਂ ਦੇ ਅੰਦਰ 'ਜਤੀ' ਰਹਿਣ ਦਾ ਵਲਵਲਾ ਸਭ ਤੋਂ ਵਧੀਕ ਪ੍ਰਬਲ ਹੁੰਦਾ ਹੈ]।

ਦੁਆਪਰ ਜੁਗ ਵਿਚ ਮਨੁੱਖਾ-ਸਰੀਰ ਦਾ ਰੱਥ 'ਤਪੁ' ਹੈ ਤੇ ਇਸ 'ਤਪੁ' ਰੂਪ ਰੱਥ ਦੇ ਅੱਗੇ ਰਥਵਾਹੀ 'ਸਤੁ' ਹੁੰਦਾ ਹੈ। (ਭਾਵ, ਜਦੋਂ ਮਨੁੱਖਾਂ ਦੀ ਜ਼ਿੰਦਗੀ ਦਾ ਨਿਸ਼ਾਨਾ ਉਚਾ ਆਚਰਨ ਹੋਵੇ, ਤਦੋਂ ਸੁਭੇ ਹੀ 'ਤਪੁ' ਉਹਨਾਂ ਦੀ ਸਵਾਰੀ ਹੁੰਦਾ ਹੈ। 'ਉਚੇ ਆਚਰਨ' ਦੇ ਆਸ਼ਕ ਆਪਣੇ ਸਰੀਰਕ ਇੰਦਰਿਆਂ ਨੂੰ ਵਿਕਾਰਾਂ ਵਲੋਂ ਬਚਾਣ ਦੀ ਖ਼ਾਤਰ ਕਈ ਤਰ੍ਹਾਂ ਦੇ ਕਸ਼ਟ ਝੱਲਦੇ ਹਨ)।

ਕਲਜੁਗ ਵਿਚ ਮਨੁੱਖਾ ਸਰੀਰ ਦਾ ਰੱਥ ਤ੍ਰਿਸ਼ਨਾ-ਅੱਗ ਹੈ ਤੇ ਇਸ 'ਅੱਗ' ਰੂਪ ਰੱਥ ਦੇ ਅੱਗੇ ਰਥਵਾਹੀ 'ਕੂੜੁ' ਹੈ (ਭਾਵ, ਜਦੋਂ ਜੀਵਾਂ ਦਾ ਜ਼ਿੰਦਗੀ ਦਾ ਮਨੋਰਥ 'ਕੂੜੁ' ਠੱਗੀ ਆਦਿਕ ਹੋਵੇ ਤਦੋਂ ਸੁਤੇ ਹੀ 'ਤ੍ਰਿਸ਼ਨਾ' ਰੂਪ ਅੱਗ ਉਹਨਾਂ ਦੀ ਸਵਾਰੀ ਹੁੰਦੀ ਹੈ। ਕੂੜ ਠੱਗੀ ਤੋਂ ਵਿਕੇ ਹੋਏ ਮਨੁੱਖਾਂ ਦੇ ਅੰਦਰ ਤ੍ਰਿਸ਼ਨਾ-ਅੱਗ ਭੜਕਦੀ ਰਹਿੰਦੀ ਹੈ)।

ਨੋਟ—ਇਸ ਸਲੋਕ ਵਿਚ ਗੁਰੂ ਨਾਨਕ ਸਾਹਿਬ ਜੀ ਹਿੰਦੂ ਮਤ ਅਨੁਸਾਰ ਜੁਗਾਂ ਦੀ ਕੀਤੀ ਹੋਈ ਵੰਡ ਤੇ ਵਿਚਾਰ ਕਰਦੇ ਹੋਏ ਫ਼ੁਰਮਾਂਦੇ ਹਨ ਕਿ ਸਤਜੁਗ, ਤ੍ਰੇਤਾ, ਦੁਆਪਰ, ਕਲਜੁਗ ਦੇ ਪਹਿਰੇ ਦੀ-ਪਛਾਣ

ਕਰਨ ਵਾਸਤੇ ਜੀਵਾਂ ਦੇ ਆਮ ਪਰਵਿਰਤੀ ਸੁਭਾਉ ਵਲ ਵੇਖੋ। ਜਿੱਥੇ 'ਧਰਮ' ਪ੍ਰਬਲ ਹੈ ਓਥੇ ਮਾਨੋ, 'ਸਤਜੁਗ' ਦਾ ਰਾਜ ਹੈ ਤੇ ਜਿਥੇ 'ਕੂੜ' ਪਰਧਾਨ ਹੈ ਓਥੇ ਸਮਝੋ ਕਲਜੁਗ ਦਾ ਪਹਿਰਾ ਹੈ। ਜੁਗਾਂ ਦਾ ਪਰਭਾਵ ਜਗਤ ਤੇ ਨਹੀਂ ਹੈ, ਜਗਤ ਦੇ ਜੀਵਾਂ ਦਾ ਸੁਭਾਉ ਤੇ ਆਚਰਨ ਬਦਲਣ ਨਾਲ ਮਾਨੋ ਜੁਗ ਬਦਲ ਗਿਆ।੧।

ਮ: ੧ ॥

ਸਾਮ ਕਹੈ ਸੇਤੰਬਰੁ ਸੁਆਮੀ ਸਚ ਮਹਿ ਆਛੈ ਸਾਚਿ ਰਹੇ ॥ ਸਭੁ ਕੋ ਸਚਿ ਸਮਾਵੈ ॥ ਰਿਗੁ ਕਹੈ ਰਹਿਆ ਭਰਪੂਰਿ ॥ ਰਾਮ ਨਾਮੁ ਦੇਵਾ ਮਹਿ ਸੂਰੁ ॥ ਨਾਇ ਲਇਐ ਪਰਾਛਤ ਜਾਹਿ ॥ ਨਾਨਕ ਤਉ ਮੋਖੰਤਰੁ ਪਾਹਿ ॥ ਜੁਜ ਮਹਿ ਜੋਰਿ ਛਲੀ ਚੰਦ੍ਰਾਵਲਿ ਕਾਨ੍ ਕ੍ਰਿਸਨੁ ਜਾਦਮੁ ਭਇਆ ॥ ਪਾਰਜਾਤੁ ਗੋਪੀ ਲੈ ਆਇਆ ਬਿੰਦ੍ਰਾਬਨ ਮਹਿ ਰੰਗੁ ਕੀਆ ॥ ਕਲਿ ਮਹਿ ਬੇਦੁ ਅਥਰਬਣੁ ਹੂਆ ਨਾਉ ਖੁਦਾਈ ਅਲਹੁ ਭਇਆ ॥ ਨੀਲ ਬਸਤ੍ਰ ਲੇ ਕਪੜੇ ਪਹਿਰੇ ਤੁਰਕ ਪਠਾਣੀ ਅਮਲੁ ਕੀਆ ॥ ਚਾਰੇ ਵੇਦ ਹੋਏ ਸਚਿਆਰ ॥ ਪੜਹਿ ਗੁਣਹਿ ਤਿਨ੍ ਚਾਰ ਵੀਚਾਰ ॥ ਭਾਉ ਭਗਤਿ ਕਰਿ ਨੀਚੁ ਸਦਾਏ ॥ ਤਉ ਨਾਨਕ ਮੋਖੰਤਰੁ ਪਾਏ ॥੨॥

ਪਦ ਅਰਥ :—ਪਾਰਜਾਤੁ—ਇੰਦਰ ਦੇ ਬਾਗ 'ਨੰਦਨ' ਵਿਚ ਪੰਜ ਸ੍ਰੇਸ਼ਟ ਰੁਖਾਂ ਵਿਚੋਂ ਇਕ ਦਾ ਨਾਉਂ 'ਪਾਰਜਾਤ' ਹੈ। ਜਦੋਂ ਦੇਵਤਿਆਂ ਨੇ ਰਲ ਕੇ ਸਮੁੰਦਰ ਰਿੜਕਿਆ ਸੀ, ਤਦੋਂ ਉਸ ਵਿਚੋਂ ਚੌਦਾਂ ਰਤਨ ਨਿਕਲੇ, ਜਿਨ੍ਹਾਂ ਵਿਚੋਂ ਇਕ 'ਪਾਰਜਾਤੁ' ਰੁੱਖ ਸੀ। ਕ੍ਰਿਸ਼ਨ ਜੀ ਨੇ ਇਹ ਰੁੱਖ ਉਸ ਬਾਗ਼ ਵਿਚੋਂ ਪੁੱਟ ਕੇ ਲੈ ਆਂਦਾ ਤੇ ਆਪਣੀ ਪਿਆਰੀ

'ਸਤਯਭਾਮਾ' ਦੇ ਬਾਗ਼ ਵਿਚ ਲਾ ਦਿੱਤਾ । ਇਹ 'ਸਤਯਭਾਮਾ' ਰਾਜਾ ਸਤ੍ਰਾ-ਜਿਤ ਦੀ ਧੀ ਤੇ ਸ੍ਰੀ ਕ੍ਰਿਸ਼ਨ ਜੀ ਦੀ ਪਿਆਰੀ ਇਸਤ੍ਰੀ ਸੀ।

ਇੰਦਰ ਦੇ ਬਾਗ 'ਨੰਦਨ' ਵਿਚ ਪੰਜ ਵਧੀਆ ਜਾਤੀ ਦੇ ਰੁੱਖ ਦੱਸੇ ਗਏ ਹਨ। ਉਹ ਪੰਜੇ ਰੁੱਖ ਇਹ ਹਨ :-

ਮੰਦਾਰ, ਪਾਰਜਾਤ, ਸੰਤਾਨ, ਕਲਪ-ਰੁਖ ਤੇ ਹਰੀ ਚੰਦਨ।

ਚੰਦ੍ਰਾਵਲਿ-ਇਕ ਗੋਪੀ ਦਾ ਨਾਂ ਸੀ । ਇਹ ਰਾਧਾ ਦੀ ਚਚੇਰੀ ਭੈਣ ਸੀ, ਰਾਧਾ ਦੇ ਪਿਤਾ ਵ੍ਰਿਖਭਾਨ ਦੇ ਜੇਠੇ ਭਰਾ ਚੰਦ੍ਰਭਾਨ ਦੀ ਇਹ ਲੜਕੀ ਸੀ । ਚੰਦ੍ਰਾਵਲੀ ਗੋਵਰਧਨ ਨਾਲ ਵਿਆਹੀ ਗਈ ਸੀ, ਜੋ ਕਰਲਾ ਨਾਮਕ ਪਿੰਡ ਦਾ ਰਹਿਣ ਵਾਲਾ ਸੀ। ਸਾਮ-ਤੀਜਾ ਵੇਦ; ਪਹਿਲੇ ਦੋ 'ਰਿਗ' ਤੇ 'ਯੁਜਰ' ਹਨ। ਆਛੈ-ਰਹਿੰਦਾ ਹੈ। ਭਰਪੂਰਿ-ਨਕਾ ਨਕ, ਵਿਆਪਕ, ਸਭ ਥਾਈਂ ਹਾਜ਼ਰ। ਰਾਮ ਨਾਮੁ-(ਸ੍ਰੀ) ਰਾਮ (ਜੀ) ਦਾ ਨਾਮ। ਦੇਵਾ ਮਹਿ-ਦੇਵਤਿਆਂ ਵਿਚ। ਸੂਰੁ-ਸੂਰਜ। ਨਾਇ ਲਇਐ-ਜੇ ਨਾਮ ਜਪੀਏ। ਪਰਾਛਤ-ਪਾਪ। ਜੋਰਿ-ਜੋਰ ਨਾਲ, ਧੱਕੇ ਨਾਲ। ਜਾਦਮੁ-'ਜਦੁ' ਕੁਲ ਵਿਚ ਪੈਦਾ ਹੋਇਆ ਸ੍ਰੀ ਕ੍ਰਿਸ਼ਨ। ਗੋਪੀ-'ਸਤਯਭਾਮਾ' ਗੋਪੀ ਦੇ ਵਾਸਤੇ। ਕਲਿ ਮਹਿ-ਕਲਜੁਗ ਵਿਚ। ਅਲਹੁ-ਅੱਲਾ, ਰੱਬ। ਅਮਲੁ-ਹੁਕਮੁ, ਰਾਜ। ਤੁਰਕ ਪਠਾਣੀ-ਤੁਰਕਾਂ ਪਠਾਣਾਂ ਦੇ। ਪੜਹਿ-ਜੋ ਪੜ੍ਹਦੇ ਹਨ । ਗੁਣਹਿ-ਜੋ ਵਿਚਾਰਦੇ ਹਨ। ਤਿਨ੍ ਵੀਚਾਰ-ਉਹਨਾਂ ਦੇ ਵਿਚਾਰ। ਚਾਰ-ਸੁੰਦਰ।

ਅਰਥ ਸੰਬੰਧੀ ਨੋਟ :-

'ਕਲਿ ਮਹਿ ਬੇਦੁ ਅਰਥਬਣੁ ਹੂਆ'-ਜਿਵੇਂ ਤੁਕ ਵਿਚ 'ਕਲਜੁਗ' ਦੇ ਨਾਲ 'ਬੇਦੁ ਅਥਰਬਣੁ' ਵਰਤਿਆ ਗਿਆ ਹੈ ਤਿਵੇਂ ਪਹਿਲੀਆਂ ਤੁਕਾਂ ਵਿਚ ਸ਼ਬਦ 'ਸਾਮ' ਦੇ ਨਾਲ 'ਦੁਆਪਰ' ਵਰਤਣਾ ਹੈ। 'ਨਾਉ ਖੁਦਾਈ ਅਲਹੁ ਭਇਆ'-ਕਲਜੁਗ ਵਿਚ 'ਸੁਆਮੀ' ਦਾ ਨਾਉਂ 'ਖੁਦਾਇ' ਤੇ 'ਅਲਹੁ' ਪਰਧਾਨ ਹੋ ਗਿਆ । 'ਕਲਿ...... ਕੀਆ'-ਕਲਜੁਗ ਵਿਚ ਅਥਰਬਣ ਵੇਦ ਪਰਧਾਨ ਹੋ ਗਿਆ ਹੈ, ਜੀਵਾਂ ਦੀ ਅਗਵਾਈ, ਮਾਨੋ, ਅਥਰਬਣ ਵੇਦ ਕਰ ਰਿਹਾ ਹੈ, ਭਾਵ

ਕਲਜੁਗ ਵਿਚ ਜਾਦੂ ਟੂਣੇ, ਵੈਰ-ਵਿਰੋਧ ਤੇ ਜ਼ੁਲਮ ਪਰਧਾਨ ਹਨ; ਭਾਵ, 'ਕਲਜੁਗਿ ਰਥੁ ਅਗਨਿ ਕਾ, ਕੂੜੁ ਅਗੈ ਰਥਵਾਹੁ।' ਤੁਰਕਾਂ ਤੇ ਪਠਾਣਾਂ ਦਾ ਰਾਜ ਹੋ ਗਿਆ ਹੈ, ਜਿਨ੍ਹਾਂ ਨੇ ਨੀਲੇ ਬਸਤਰ ਲੈ ਕੇ ਉਹਨਾਂ ਦੇ ਕਪੜੇ (ਬਣਵਾ ਕੇ) ਪਾਏ ਹੋਏ ਹਨ, ਉਹਨਾਂ ਦੇ ਹੀ ਤੇਜ ਪਰਤਾਪ ਕਰਕੇ ਹੁਣ 'ਸੁਆਮੀ' ਦਾ ਨਾਉਂ 'ਖੁਦਾਇ' ਤੇ 'ਅਲਹੁ' ਵੱਜ ਰਿਹਾ ਹੈ। ਜੁਜ ਮਹਿ...ਕਾਨ੍ਹ ਕ੍ਰਿਸਨੁ ਜਾਦਮੁ ਭਇਆ'–ਦੁਆਪਰ ਵਿਚ 'ਸੁਆਮੀ' ਦਾ ਨਾਉਂ' 'ਜਾਦਮੁ' ਕਾਨ੍ਹ ਕ੍ਰਿਸਨੁ ਵੱਜਦਾ ਸੀ। ਕਿਹੜਾ 'ਕ੍ਰਿਸ਼ਨ'? ਜੋ 'ਕਾਨ੍ਹ' ਸਾਂਵਲੇ ਰੰਗ ਦਾ ਸੀ ਤੇ 'ਜਾਦਮੁ' ਜਾਦਵਾਂ ਦੀ ਕੁਲ ਵਿਚੋਂ ਸੀ; ਜਿਸ ਨੇ ਜ਼ੋਰ ਨਾਲ ਚੰਦ੍ਰਾਵਲੀ ਨੂੰ ਛਲ ਲਿਆਂਦਾ ਸੀ, ਜਿਸ ਨੇ (ਆਪਣੀ) ਗੋਪੀ (ਸਤਯਭਾਮਾ) ਦੀ ਖ਼ਾਤਰ 'ਪਾਰਜਾਤ' ਰੁੱਖ ਇੰਦਰ ਦੇ ਬਾਗ ਵਿਚੋਂ ਲੈ ਆਂਦਾ ਸੀ ਅਤੇ ਜਿਸ ਨੇ ਬਿੰਦ੍ਰਾਬਨ ਵਿਚ ਕੌਤਕ ਕੀਤੇ ਸਨ। ਰਿਗਵੇਦ ਆਖਦਾ ਹੈ ਕਿ (ਤ੍ਰੇਤੇ ਜੁਗ ਵਿਚ)ਸ੍ਰੀ ਰਾਮ ਜੀ ਦਾ ਨਾਮ ਹੀ ਸਾਰੇ ਦੇਵਤਿਆਂ ਵਿਚ ਸੂਰਜ ਵਾਂਗ ਚਮਕਦਾ ਸੀ, ਭਾਵ ਤ੍ਰੇਤੇ ਵਿਚ 'ਸੁਆਮੀ' ਦਾ ਨਾਉ 'ਰਾਮ' ਪਰਧਾਨ ਸੀ। ਉਸੇ ਰਾਮ ਜੀ ਨੂੰ ਹੀ 'ਭਰਪੂਰਿ ਰਹਿਆ' ਸਮਝਿਆ ਗਿਆ, ਭਾਵ, ਉਸ ਦੀ ਹੀ ਪੂਜਾ 'ਸੁਆਮੀ' ਦੀ ਪੂਜਾ ਸਮਾਨ ਹੋਣ ਲਗ ਪਈ।੨।

ਨੋਟ–ਸਤਿਗੁਰੂ ਜੀ ਕਿਸੇ ਵੇਦ ਦਾ ਕਿਸੇ ਖ਼ਾਸ ਜੁਗ ਨਾਲ ਸੰਬੰਧ ਨਹੀਂ ਦੱਸ ਰਹੇ। ਜਿਵੇਂ ਪਹਿਲੇ ਸਲੋਕ ਵਿਚ ਹਰੇਕ ਸਮੇਂ ਦੇ ਜੀਵਾਂ ਦੇ ਸੁਭਾਉ ਆਦਿਕ ਦੀ ਤਬਦੀਲੀ ਦਾ ਜ਼ਿਕਰ ਹੈ, ਤਿਵੇਂ ਹੀ ਇੱਥੇ ਹੈ। 'ਸਾਮ', 'ਰਿਗੁ', 'ਜੁਜ' ਅਤੇ 'ਅਥਰਵਣੁ' ਨੂੰ ਤਰਤੀਬਵਾਰ ਕੇਵਲ ਸ਼ਬਦ 'ਸੇਤੰਬਰੁ' 'ਰਾਮ', ਜਾਦਮੁ', ਅਤੇ 'ਅਲਹੁ' ਨਾਲ ਵਰਤਿਆ ਗਿਆ ਹੈ। ਹਰੇਕ ਵੇਦ ਦੇ ਨਾਉਂ ਦਾ ਪਹਿਲਾ ਅੱਖਰ ਰੱਬ ਦੇ ਉਸ ਸਮੇ ਦੇ ਪਰਧਾਨ ਨਾਮ ਦੇ ਪਹਿਲੇ ਅੱਖਰ ਨਾਲ ਮਿਲਦਾ ਹੈ।

ਅਰਥ :–ਸਾਮ ਵੇਦ ਆਖਦਾ ਹੈ ਕਿ (ਭਾਵ, ਸਤਿਜੁਗ ਵਿਚ) ਜਗਤ ਦੇ ਮਾਲਕ (ਸੁਆਮੀ) ਦਾ ਨਾਮ 'ਸੇਤੰਬਰੁ' (ਪਰਸਿੱਧ) ਹੈ

(ਭਾਵ, ਤਦੋਂ ਰੱਬ ਨੂੰ 'ਸੇਤੰਬਰੁ' ਮੰਨ ਕੇ ਉਸ ਦੀ ਪੂਜਾ ਹੋ ਰਹੀ ਸੀ) ਜੋ ਸਦਾ 'ਸੱਚ' ਵਿਚ ਟਿਕਿਆ ਰਹਿੰਦਾ ਹੈ, ਤਦੋਂ ਹਰੇਕ ਜੀਵ 'ਸੱਚ' ਵਿਚ ਲੀਨ ਹੁੰਦਾ ਹੈ ('ਸਤਜੁਗਿ ਰਥੁ ਸੰਤੋਖ ਕਾ ਧਰਮੁ ਅਗੈ ਰਥਵਾਹੁ' ॥); (ਜਦੋਂ ਆਮ ਤੌਰ ਤੇ ਹਰੇਕ ਜੀਵ 'ਸੱਚ' ਵਿਚ, 'ਧਰਮ' ਵਿਚ ਦ੍ਰਿੜ੍ਹ ਸੀ, ਤਦ ਸਤਿਜੁਗ ਵਰਤ ਰਿਹਾ ਸੀ)।

ਰਿਗੁ ਵੇਦ ਆਖਦਾ ਹੈ ਕਿ (ਭਾਵ, ਤ੍ਰੇਤੇ ਜੁਗ ਵਿਚ) (ਸ੍ਰੀ) ਰਾਮ (ਜੀ) ਦਾ ਨਾਮ ਸਾਰੇ ਦੇਵਤਿਆਂ ਵਿਚ ਸੂਰਜ ਵਾਂਗ ਚਮਕਦਾ ਹੈ, ਉਹੀ ਸਭ ਥਾਈਂ ਵਿਆਪਕ ਹੈ। ਹੇ ਨਾਨਕ! (ਰਿਗੁ ਵੇਦ ਆਖਦਾ ਹੈ ਕਿ) (ਸ੍ਰੀ) ਰਾਮ (ਜੀ) ਦਾ ਨਾਮ ਲਿਆਂ (ਹੀ) ਪਾਪ ਦੂਰ ਹੋ ਜਾਂਦੇ ਹਨ ਅਤੇ (ਜੀਵ) ਤਦੋਂ ਮੁਕਤੀ ਪ੍ਰਾਪਤ ਕਰ ਲੈਂਦਾ ਹੈ।

ਯਜੁਰ ਵੇਦ ਵਿਚ (ਭਾਵ, ਦੁਆਪਰ ਵਿਚ) ਜਗਤ ਦੇ ਮਾਲਕ ਦਾ ਨਾਮ ਸਾਂਵਲਾ 'ਜਾਦਮੁ' ਕ੍ਰਿਸ਼ਨ ਪਰਸਿੱਧ ਹੋ ਗਿਆ, ਜਿਸ ਨੇ ਜ਼ੋਰ ਨਾਲ ਚੰਦ੍ਰਾਵਲੀ ਨੂੰ ਛਲ ਲਿਆਂਦਾ, ਜਿਸ ਨੇ ਆਪਣੀ ਗੋਪੀ (ਸਤਯਭਾਮਾ) ਦੀ ਖ਼ਾਤਰ ਪਾਰਜਾਤ ਰੁੱਖ (ਇੰਦਰ ਦੇ ਬਾਗ ਵਿਚੋਂ) ਲੈ ਆਂਦਾ ਅਤੇ ਜਿਸ ਨੇ ਬਿੰਦ੍ਰਾਬਨ ਵਿਚ ਕੌਤਕ ਵਰਤਾਇਆ।

ਕਲਜੁਗ ਵਿਚ ਅਥਰਬਣ ਵੇਦ ਪਰਧਾਨ ਹੋ ਗਿਆ ਹੈ, ਜਗਤ ਦੇ ਮਾਲਕ ਦਾ ਨਾਮ 'ਖੁਦਾਇ' ਤੇ 'ਅਲਹੁ' ਵੱਜਣ ਲੱਗ ਪਿਆ ਹੈ, ਤੁਰਕਾਂ ਤੇ ਪਠਾਣਾਂ ਦਾ ਰਾਜ ਹੋ ਗਿਆ ਹੈ, ਜਿਨ੍ਹਾਂ ਨੇ ਨੀਲੇ ਰੰਗ ਦੇ ਬਸਤਰ ਲੈ ਕੇ ਉਹਨਾਂ ਦੇ ਕਪੜੇ ਪਾਏ ਹੋਏ ਹਨ।

ਚਾਰੇ ਵੇਦ ਸੱਚੇ ਹੋ ਗਏ ਹਨ (ਭਾਵ, ਚੌਹਾਂ ਹੀ ਜੁਗਾਂ ਵਿਚ ਜਗਤ ਦੇ ਮਾਲਕ ਦਾ ਨਾਮ ਵਖੋ-ਵੱਖਰਾ ਵੱਜਦਾ ਰਿਹਾ ਹੈ, ਹਰੇਕ ਸਮੇ ਇਹੀ ਖ਼ਿਆਲ ਬਣਿਆ ਰਿਹਾ ਹੈ ਕਿ ਜੋ ਜੋ ਮਨੁਖ 'ਸੇਤੰਬਰ', 'ਰਾਮ' 'ਕ੍ਰਿਸ਼ਨ' ਤੇ 'ਅਲਹੁ' ਆਖ ਕੇ ਜਪੇਗਾ, ਉਹੀ ਮੁਕਤੀ ਪਾਏਗਾ), ਅਤੇ ਜੋ ਜੋ ਮਨੁਖ ਇਹਨਾਂ ਵੇਦਾਂ ਨੂੰ ਪੜ੍ਹਦੇ ਵਿਚਾਰਦੇ ਹਨ (ਭਾਵ, ਆਪੋ ਆਪਣੇ ਸਮੇ ਵਿਚ ਜੋ ਜੋ ਮਨੁਖ ਇਸ ਉਪਰੋਕਤ ਯਕੀਨ ਨਾਲ ਆਪਣੇ ਧਰਮ-ਪੁਸਤਕ ਪੜ੍ਹਦੇ ਤੇ ਵਿਚਾਰਦੇ ਰਹੇ ਹਨ) ਉਹ ਹੋਏ ਭੀ

ਚੰਗੀਆਂ ਯੁਕਤੀਆਂ (ਚਾਰ-ਸੁੰਦਰ, ਵੀਚਾਰ-ਦਲੀਲ, ਯੁਕਤੀ) ਵਾਲੇ ਹਨ। (ਪਰ) ਹੇ ਨਾਨਕ! ਜਦੋਂ ਮਨੁੱਖ ਪ੍ਰੇਮਾ-ਭਗਤੀ ਕਰ ਕੇ ਆਪਣੇ ਆਪ ਨੂੰ ਨੀਵਾਂ ਅਖਵਾਉਂਦਾ ਹੈ (ਭਾਵ, ਅਹੰਕਾਰ ਤੋਂ ਬਚਿਆ ਰਹਿੰਦਾ ਹੈ) ਤਦੋਂ ਉਹ ਮੁਕਤੀ ਪ੍ਰਾਪਤ ਕਰਦਾ ਹੈ।੨।

ਪਉੜੀ ॥

ਸਤਿਗੁਰ ਵਿਟਹੁ ਵਾਰਿਆ ਜਿਤੁ ਮਿਲਿਐ ਖਸਮੁ ਸਮਾਲਿਆ ॥ ਜਿਨਿ ਕਰਿ ਉਪਦੇਸੁ ਗਿਆਨ ਅੰਜਨੁ ਦੀਆ ਇਨ੍ਹੀ ਨੇਤ੍ਰੀ ਜਗਤੁ ਨਿਹਾਲਿਆ ॥ ਖਸਮੁ ਛੋਡਿ ਦੂਜੈ ਲਗੇ ਡੂਬੇ ਸੇ ਵਣਜਾਰਿਆ ॥ ਸਤਿਗੁਰੂ ਹੈ ਬੋਹਿਥਾ ਵਿਰਲੈ ਕਿਨੈ ਵੀਚਾਰਿਆ ॥ ਕਰਿ ਕਿਰਪਾ ਪਾਰਿ ਉਤਾਰਿਆ ॥੧੩॥

ਪਦ ਅਰਥ :-ਵਿਟਹੁ-ਤੋਂ। ਜਿਤੁ ਮਿਲਿਐ-ਜਿਸ ਗੁਰੂ ਨੂੰ ਮਿਲਣ ਕਰਕੇ। ਜਿਨਿ-ਜਿਸ ਗੁਰੂ ਨੇ। ਜਗਤ ਨਿਹਾਲਿਆ-ਜਗਤ ਨੂੰ ਭਾਵ, ਜਗਤ ਦੀ ਅਸਲੀਅਤ ਨੂੰ ਵੇਖ ਲਿਆ ਹੈ। ਦੂਜੈ-ਦੂਜੇ ਵਿਚ, ਕਿਸੇ ਹੋਰ ਵਿਚ। ਵਣਜਾਰਿਆ-ਵਣਜਾਰੇ, ਵਣਜ ਕਰਨ ਵਾਲੇ, ਜਗਤ ਵਿਚ ਵਣਜ ਕਰਨ ਆਏ ਹੋਏ ਜੀਵ।੧੩।

ਅਰਥ :-ਮੈਂ ਆਪਣੇ ਸਤਿਗੁਰੂ ਤੋਂ ਸਦਕੇ ਹਾਂ, ਜਿਸ ਨੂੰ ਮਿਲਣ ਕਰਕੇ ਮੈਂ ਮਾਲਕ ਪ੍ਰਭੂ ਨੂੰ ਯਾਦ ਕਰਦਾ ਹਾਂ ਅਤੇ ਜਿਸ ਨੇ ਆਪਣੀ ਸਿੱਖਿਆ ਦੇ ਕੇ (ਮਾਨੋ) ਗਿਆਨ ਦਾ ਸੁਰਮਾ ਦੇ ਦਿਤਾ ਹੈ, (ਜਿਸ ਦੀ ਬਰਕਤ ਕਰਕੇ) ਮੈਂ ਇਹਨਾਂ ਅੱਖਾਂ ਨਾਲ ਜਗਤ (ਦੀ ਅਸਲੀਅਤ) ਨੂੰ ਵੇਖ ਲਿਆ ਹੈ (ਅਤੇ ਸਮਝ ਲਿਆ ਹੈ ਕਿ) ਜੋ ਮਨੁੱਖ ਮਾਲਕ ਨੂੰ ਵਿਸਾਰ ਕੇ ਕਿਸੇ ਹੋਰ ਵਿਚ ਚਿੱਤ ਜੋੜ ਰਹੇ ਹਨ, ਉਹ ਇਸ ਸੰਸਾਰ (ਸਾਗਰ) ਵਿਚ ਡੁਬ ਗਏ ਹਨ। (ਮੇਰੇ ਸਤਿਗੁਰੂ ਨੇ) ਮਿਹਰ ਕਰ ਕੇ ਮੈਨੂੰ (ਇਸ ਸੰਸਾਰ-ਸਮੁੰਦਰ ਤੋਂ) ਪਾਰ ਕਰ ਦਿਤਾ ਹੈ।੧੩।

ਸਲੋਕ ਮ: ੧ ॥

**ਸਿੰਮਲ ਰੁਖੁ ਸਰਾਇਰਾ ਅਤਿ ਦੀਰਘੁ ਅਤਿ ਮੁਚੁ ॥
ਓਇ ਜਿ ਆਵਹਿ ਆਸ ਕਰਿ ਜਾਹਿ ਨਿਰਾਸੇ ਕਿਤੁ ॥
ਫਲ ਫਿਕੇ ਫੁਲ ਬਕਬਕੇ ਕੰਮਿ ਨ ਆਵਹਿ ਪਤ ॥
ਮਿਠਤੁ ਨੀਵੀ ਨਾਨਕਾ ਗੁਣ ਚੰਗਿਆਈਆ ਤਤੁ ॥
ਸਭੁ ਕੋ ਨਿਵੈ ਆਪ ਕਉ ਪਰ ਕਉ ਨਿਵੈ ਨ ਕੋਇ ॥
ਧਰਿ ਤਾਰਾਜੂ ਤੋਲੀਐ ਨਿਵੈ ਸੁ ਗਉਰਾ ਹੋਇ ॥
ਅਪਰਾਧੀ ਦੂਣਾ ਨਿਵੈ ਜੋ ਹੰਤਾ ਮਿਰਗਾਹਿ ॥ ਸੀਸਿ
ਨਿਵਾਇਐ ਕਿਆ ਥੀਐ ਜਾ ਰਿਦੈ ਕੁਸੁਧੇ ਜਾਹਿ ॥੧॥**

ਪਦ ਅਰਥ:-ਸਰਾਇਰਾ-ਸਿੱਧਾ । ਦੀਰਘੁ-ਲੰਮਾ। ਮੁਚੁ-ਵੱਡਾ, ਮੋਟਾ । ਕਿਤੁ-ਕਿਉਂ ? ਪਤ-ਪੱਤਰ । ਮਿਠਤੁ-ਮਿਠਾਸ । ਨੀਵੀ-ਨੀਵੇਂ ਰਹਿਣ ਵਿਚ । ਤਤੁ-ਸਾਰ । ਆਪ ਕਉ-ਆਪਣੇ ਮਤਲਬ ਵਾਸਤੇ, ਆਪਣੇ ਲਈ । ਗਉਰਾ-ਭਾਰਾ । ਹੰਤਾ-ਮਾਰਨ ਵਾਲਾ। ਸੀਸ ਨਿਵਾਇਐ-ਜੇ ਨਿਰਾ ਸਿਰ ਨਿਵਾਇਆ ਜਾਏ । ਕੁਸੁਧੇ-ਖੋਟੇ ।੧।

ਅਰਥ :-ਸਿੰਮਲ ਦਾ ਰੁੱਖ ਕੇਡਾ ਸਿੱਧਾ, ਲੰਮਾ ਤੇ ਮੋਟਾ ਹੁੰਦਾ ਹੈ, (ਪਰ) ਉਹ ਪੰਛੀ ਜੋ (ਫਲ ਖਾਣ ਦੀ) ਆਸ ਰੱਖ ਕੇ (ਇਸ ਉੱਤੇ) ਆ ਬੈਠਦੇ ਹਨ, ਉਹ ਨਿਰਾਸ ਹੋ ਕੇ ਕਿਉਂ ਜਾਂਦੇ ਹਨ ? ਇਸ ਦਾ ਕਾਰਨ ਇਹ ਹੈ ਕਿ ਇਹ ਰੁੱਖ ਭਾਵੇਂ ਏਡਾ ਉੱਚਾ ਲੰਮਾ ਤੇ ਮੋਟਾ ਹੈ, ਪਰ (ਇਸ ਦੇ) ਫਲ ਫਿੱਕੇ ਹੁੰਦੇ ਹਨ ਤੇ ਫੁਲ ਬੇਸੁਆਦੇ ਹਨ, ਪੱਤਰ ਭੀ ਕਿਸੇ ਕੰਮ ਨਹੀਂ ਆਉਂਦੇ। ਹੇ ਨਾਨਕ ! ਨੀਵੇਂ ਰਹਿਣ ਵਿਚ ਮਿਠਾਸ ਹੈ, ਗੁਣ ਹਨ, ਨੀਵਾਂ ਰਹਿਣਾ ਸਾਰੇ ਗੁਣਾਂ ਦਾ ਸਾਰ ਹੈ, ਭਾਵ ਸਭ ਤੋਂ ਚੰਗਾ ਗੁਣ ਹੈ। (ਭਾਵੇਂ ਆਮ ਤੌਰ ਤੇ ਜਗਤ ਵਿਚ) ਹਰੇਕ ਜੀਵ ਆਪਣੇ ਸੁਆਰਥ ਲਈ ਲਿਫਦਾ ਹੈ, ਕਿਸੇ ਦੂਜੇ ਦੀ ਖ਼ਾਤਰ ਨਹੀਂ, (ਇਹ ਭੀ ਵੇਖ ਲਵੋ ਕਿ) ਜੇ ਤੱਕੜੀ ਉੱਤੇ ਧਰ ਕੇ ਤੋਲਿਆ ਜਾਏ

(ਭਾਵ, ਜੇ ਚੰਗੀ ਤਰ੍ਹਾਂ ਪਰਖ ਕੀਤੀ ਜਾਏ ਤਾਂ ਭੀ) ਨੀਵਾਂ ਪੱਲੜਾ ਹੀ ਭਾਰਾ ਹੁੰਦਾ ਹੈ। (ਭਾਵ, ਜੋ ਲਿਵਦਾ ਹੈ ਉਹੀ ਵੱਡਾ ਗਿਣੀਦਾ ਹੈ)। (ਪਰ ਨਿਉਣ ਦਾ ਭਾਵ ਮਨੋਂ ਨਿਉਣਾ ਹੈ, ਨਿਰਾ ਸਰੀਰ ਨਿਵਾਉਣਾ ਨਹੀਂ ਹੈ, ਜੇ ਸਰੀਰ ਦੇ ਨਿਵਾਉਣ ਨੂੰ ਨੀਵਾਂ ਰਹਿਣਾ ਆਖੀਦਾ ਹੋਵੇ ਤਾਂ) ਸ਼ਿਕਾਰੀ ਜੋ ਮਿਰਗ ਮਾਰਦਾ ਫਿਰਦਾ ਹੈ, ਲਿਫ ਕੇ ਦੋਹਰਾ ਹੋ ਜਾਂਦਾ ਹੈ, ਪਰ ਜੇ ਨਿਰਾ ਸਿਰ ਹੀ ਨਿਵਾ ਦਿਤਾ ਜਾਏ, ਤੇ ਅੰਦਰੋਂ ਜੀਵ ਖੋਟੇ ਹੀ ਰਹਿਣ ਤਾਂ ਇਸ ਨਿਉਣ ਦਾ ਕੋਈ ਲਾਭ ਨਹੀਂ ਹੋ ਸਕਦਾ।੧।

ਮ: ੧ ॥

ਪੜਿ ਪੁਸਤਕ ਸੰਧਿਆ ਬਾਦੰ ॥ ਸਿਲ ਪੂਜਸਿ ਬਗੁਲ ਸਮਾਧੰ ॥ ਮੁਖਿ ਝੂਠ ਬਿਭੂਖਣ ਸਾਰੰ ॥ ਤ੍ਰੈਪਾਲ ਤਿਹਾਲ ਬਿਚਾਰੰ ॥ ਗਲਿ ਮਾਲਾ ਤਿਲਕੁ ਲਿਲਾਟੰ ॥ ਦੁਇ ਧੋਤੀ ਬਸਤ੍ਰ ਕਪਾਟੰ ॥ ਜੇ ਜਾਣਸਿ ਬ੍ਰਹਮੰ ਕਰਮੰ ॥ ਸਭਿ ਫੋਕਟ ਨਿਸਚਉ ਕਰਮੰ ॥ ਕਹੁ ਨਾਨਕ ਨਿਹਚਉ ਧਿਆਵੈ ॥ ਵਿਣੁ ਸਤਿਗੁਰ ਵਾਟ ਨ ਪਾਵੈ ॥੨॥

ਪਦ ਅਰਥ :—ਪੁਸਤਕ—(ਵੇਦ ਸ਼ਾਸਤਰ ਆਦਿਕ ਧਰਮ) ਪੁਸਤਕਾਂ। ਬਾਦੰ—ਚਰਚਾ। ਸਿਲ—ਪੱਥਰ ਦੀ ਮੂਰਤੀ। ਬਗੁਲ—ਬਗਲਿਆਂ ਵਾਂਗ। ਬਿਭੂਖਣ—ਗਹਿਣੇ। ਸਾਰੰ—ਸ੍ਰੇਸ਼ਟ, ਸੋਹਣੇ। ਤ੍ਰੈਪਾਲ—ਤਿੰਨ ਪਾਲਾਂ ਵਾਲੀ, ਤਿੰਨਾਂ ਪਦਾਂ ਵਾਲੀ, ਤ੍ਰਿਪਦਾ, ਗਾਯਤ੍ਰੀ ਮੰਤਰ। ਗਾਯਤ੍ਰੀ ਇਕ ਬੜੇ ਪਵਿੱਤਰ ਛੰਦ ਦਾ ਨਾਂ ਹੈ, ਜਿਸ ਨੂੰ ਹਰੇਕ ਬ੍ਰਾਹਮਣ ਸੰਧਿਆ ਕਰਨ ਵੇਲੇ ਅਤੇ ਕਈ ਹੋਰ ਸਮਿਆਂ ਉੱਤੇ ਭੀ ਬੜੀ ਸ਼ਰਧਾ ਨਾਲ ਪੜ੍ਹਦਾ ਹੈ। ਉਹਨਾਂ ਦਾ ਵਿਸ਼ਵਾਸ ਹੈ ਕਿ ਇਸ ਮੰਤਰ ਦਾ ਪ੍ਰੇਮ ਨਾਲ ਪਾਠ ਕੀਤਿਆਂ ਸਭ ਪਾਪ ਨਿਵਿਰਤ ਹੋ ਜਾਂਦੇ ਹਨ। ਇਹ ਮੰਤਰ ਰਿਗਵੇਦ ਦੇ ਤੀਜੇ ਮੰਡਲ ਵਿਚ ਇਉਂ ਲਿਖਿਆ ਹੈ :—

तत्सवितुर्वं रेण्य भर्गो देवस्य धोमही
धियो यो नः प्रचोदयात् ।। ऋग् ।।३।।६२।।१०।।

ਤਿਹਾਲ-ਤ੍ਰਿਹਕਾਲ, ਤਿੰਨ ਵਾਰੀ। ਲਿਲਾਟੰ-ਮੱਥੇ ਉੱਤੇ। ਕਪਾਟੰ-ਸਿਰ ਉੱਤੇ। ਬ੍ਰਹਮੰ ਕਰਮੰ-ਬ੍ਰਹਮ ਦੇ ਕੰਮ, ਰੱਬ (ਦੀ ਬੰਦਗੀ) ਦੇ ਕੰਮ। ਫੋਕਟ-ਫੋਕੇ, ਵਿਅਰਥ। ਨਿਸਚਉ-ਨਿਸ਼ਚੇ ਕਰ ਕੇ, ਯਕੀਕਨ, ਜ਼ਰੂਰ। ਨਿਹਚਉ-ਸ਼ਰਧਾ ਧਾਰ ਕੇ। ਵਾਟ-ਰਸਤਾ।੨।

ਅਰਥ :-(ਪੰਡਤ ਵੇਦ ਆਦਿਕ ਧਾਰਮਿਕ) ਪੁਸਤਕਾਂ ਪੜ੍ਹ ਕੇ ਸੰਧਿਆ ਕਰਦਾ ਹੈ ਅਤੇ (ਹੋਰਨਾਂ ਨਾਲ) ਚਰਚਾ ਛੇੜਦਾ ਹੈ, ਮੂਰਤੀ ਪੂਜਦਾ ਹੈ ਅਤੇ ਬਗਲੇ ਵਾਂਗ ਸਮਾਧੀ ਲਾਂਦਾ ਹੈ; ਮੂਖੋਂ ਝੂਠ ਬੋਲਦਾ ਹੈ, (ਪਰ ਉਸ ਝੂਠ ਨੂੰ) ਬੜੇ ਸੋਹਣੇ ਗਹਿਣਿਆਂ ਵਾਂਗ ਸੋਹਣਾ ਕਰ ਕੇ ਵਿਖਾਲਦਾ ਹੈ, (ਹਰ ਰੋਜ਼) ਤਿੰਨ ਵੇਲੇ ਗਾਯਤ੍ਰੀ ਮੰਤਰ ਨੂੰ ਵਿਚਾਰਦਾ ਹੈ; ਗਲ ਵਿਚ ਮਾਲਾ ਰੱਖਦਾ ਹੈ, ਤੇ ਮੱਥੇ ਉਤੇ ਤਿਲਕ ਲਾਂਦਾ ਹੈ; (ਸਦਾ) ਦੋ ਧੋਤੀਆਂ ਪਾਸ ਰੱਖਦਾ ਤੇ (ਸੰਧਿਆ ਕਰਨ ਵੇਲੇ) ਸਿਰ ਉੱਤੇ ਇਕ ਵਸਤਰ ਧਰ ਲੈਂਦਾ ਹੈ।

ਪਰ ਜੇ ਇਹ ਪੰਡਤ ਰੱਬ (ਦੀ ਸਿਫ਼ਤਿ-ਸਾਲਾਹ) ਦਾ ਕੰਮ ਜਾਣਦਾ ਹੋਵੇ, ਤਦ ਨਿਸਚਾ ਕਰ ਕੇ ਜਾਣ ਲਵੇ ਕਿ, ਇਹ ਸਭ ਕੰਮ ਫੋਕੇ ਹਨ। ਆਖ, ਹੇ ਨਾਨਕ! (ਮਨੁੱਖ) ਸ਼ਰਧਾ ਧਾਰ ਕੇ ਰੱਬ ਨੂੰ ਸਿਮਰੇ-ਕੇਵਲ ਇਹੋ ਰਸਤਾ ਗੁਣਕਾਰੀ ਹੈ, (ਪਰ) ਇਹ ਰਸਤਾ ਸਤਿਗੁਰੂ ਤੋਂ ਬਿਨਾ ਨਹੀਂ ਲੱਭਦਾ।੨।

ਪਉੜੀ ॥

ਕਪੜੁ ਰੂਪੁ ਸੁਹਾਵਣਾ ਛਡਿ ਦੁਨੀਆ ਅੰਦਰਿ ਜਾਵਣਾ ॥
ਮੰਦਾ ਚੰਗਾ ਆਪਣਾ ਆਪੇ ਹੀ ਕੀਤਾ ਪਾਵਣਾ ॥
ਹੁਕਮ ਕੀਏ ਮਨਿ ਭਾਵਦੇ ਰਾਹਿ ਭੀੜੈ ਅਗੈ ਜਾਵਣਾ ॥

ਨੰਗਾ ਦੋਜਕਿ ਚਾਲਿਆ ਤਾ ਦਿਸੈ ਖਰਾ ਡਰਾਵਣਾ ॥
ਕਰਿ ਅਉਗਣ ਪਛੋਤਾਵਣਾ ॥੧੪॥

ਪਦ ਅਰਥ :—ਕਪੜੁ—ਜਿੰਦ ਦਾ ਕੱਪੜਾ, ਸਰੀਰ । ਗਾਹਿ ਭੀੜੈ—ਭੀੜੇ ਰਸਤੇ ਵਿਚੋਂ ਦੀ । ਅਗੈ—ਭਾਵ, ਮਰਨ ਤੋਂ ਪਿਛੋਂ, ਇਹ ਦਿੱਸਦਾ ਜਗਤ ਛੱਡ ਕੇ । ਨੰਗਾ—ਨੰਗਾ ਕਰ ਕੇ, ਪਾਜ ਉਘੇੜ ਕੇ, ਨਸ਼ਰ ਕਰ ਕੇ । ਦੋਜਕਿ—ਦੋਜ਼ਕ ਵਿਚ। ਚਾਲਿਆ—ਚਲਾਇਆ ਜਾਂਦਾ ਹੈ, ਧੱਕਿਆ ਜਾਂਦਾ ਹੈ । ਤਾ—ਤਦੋਂ, ਉਸ ਵੇਲੇ । ਖਰਾ—ਬਹੁਤ ।੧੪।

ਅਰਥ :—ਇਹ ਸੋਹਣਾ ਸਰੀਰ ਤੇ ਸੋਹਣਾ ਰੂਪ (ਇਸੇ) ਜਗਤ ਵਿਚ (ਜੀਵਾਂ ਨੇ) ਛੱਡ ਕੇ ਤੁਰ ਜਾਣਾ ਹੈ । (ਹਰੇਕ ਜੀਵ ਨੇ) ਆਪੋ ਆਪਣੇ ਕੀਤੇ ਹੋਏ ਚੰਗੇ ਤੇ ਮੰਦੇ ਕੰਮਾਂ ਦਾ ਫਲ ਆਪ ਹੀ ਭੋਗਣਾ ਹੈ । ਜਿਸ ਮਨੁੱਖ ਨੇ ਏਥੇ ਮਨ-ਮੰਨੀਆਂ ਹਕੂਮਤਾਂ ਕੀਤੀਆਂ ਹਨ, ਉਸ ਨੂੰ ਅਗਾਂਹ ਔਖੀਆਂ ਘਾਟੀਆਂ ਦੇ ਵਿਚੋਂ ਦੀ ਲੰਘਣਾ ਪਵੇਗਾ (ਭਾਵ, ਆਪਣੀਆਂ ਕੀਤੀਆਂ ਹੋਈਆਂ ਵਧੀਕੀਆਂ ਦੇ ਵੱਟੇ ਕਸ਼ਟ ਸਹਿਣੇ ਪੈਣਗੇ)। (ਇਹੋ ਜਿਹਾ ਜੀਵ) ਨੰਗਾ (ਕੀਤਾ ਜਾਂਦਾ ਹੈ, ਭਾਵ, ਉਸ ਦੇ ਕੀਤੇ ਹੋਏ ਪਾਪ-ਕਰਮਾਂ ਦਾ ਨਕਸ਼ਾ ਉਸਦੇ ਸਾਮ੍ਹਣੇ ਰਖਿਆ ਜਾਂਦਾ ਹੈ), ਦੋਜ਼ਕ ਵਿਚ ਧੱਕਿਆ ਜਾਂਦਾ ਹੈ, ਅਤੇ ਉਸ ਵੇਲੇ (ਉਸ ਨੂੰ ਆਪਣੇ ਆਪ ਨੂੰ) ਬੜਾ ਡਰਾਉਣਾ ਰੂਪ ਦਿਸਦਾ ਹੈ। ਭੈੜੇ ਕੰਮ ਕਰ ਕੇ ਅੰਤ ਪਛਤਾਉਣਾ ਹੀ ਪੈਂਦਾ ਹੈ ।੧੪।

ਸਲੋਕੁ ਮ: ੧ ॥

ਦਇਆ ਕਪਾਹ ਸੰਤੋਖੁ ਸੂਤੁ ਜਤੁ ਗੰਢੀ ਸਤੁ ਵਟੁ ॥
ਏਹੁ ਜਨੇਊ ਜੀਅ ਕਾ ਹਈ ਤ ਪਾਡੇ ਘਤੁ ॥
ਨਾ ਏਹੁ ਤੁਟੈ ਨ ਮਲੁ ਲਗੈ ਨਾ ਏਹੁ ਜਲੈ ਨ ਜਾਇ ॥
ਧੰਨੁ ਸੁ ਮਾਣਸ ਨਾਨਕਾ ਜੋ ਗਲਿ ਚਲੇ ਪਾਇ ॥
ਚਉਕੜਿ ਮੁਲਿ ਅਣਾਇਆ ਬਹਿ ਚਉਕੈ ਪਾਇਆ ॥

ਸਿਖਾ ਕੰਨਿ ਚੜਾਈਆ ਗੁਰੁ ਬ੍ਰਾਹਮਣੁ ਥਿਆ ॥
ਓਹੁ ਮੁਆ ਓਹੁ ਝੜਿ ਪਇਆ ਵੇਤਗਾ ਗਇਆ ॥੧॥

ਪਦ ਅਰਥ :—ਦਇਆ—ਪਿਆਰ, ਤਰਸ । ਜਤੁ—(ਆਪਣੇ ਆਪ ਨੂੰ) ਵੱਸ ਵਿਚ ਰੱਖਣਾ । ਗੰਢੀ—ਗੰਢਾਂ (ਗੰਢਿ ਇਕ-ਵਚਨ Singular ਤੋਂ ਗੰਢੀ ਬਹੁ-ਵਚਨ ਹੈ, ਜਿਵੇਂ 'ਲਹਰਿ' ਇਕ-ਵਚਨ ਤੋਂ 'ਲਹਰੀ' ਬਹੁ-ਵਚਨ ਹੈ) । ਸਤੁ—ਸੁੱਚਾ ਆਚਰਨ । ਜੀਅ ਕਾ—ਆਤਮਾ ਦੇ ਵਾਸਤੇ । ਹਈ—ਜੇ ਤੇਰੇ ਪਾਸ ਹੈ । ਤ—ਤਾਂ । ਨ ਜਾਇ—ਨਾ ਹੀ ਇਹ ਜਨੇਊ ਗੁਆਚਦਾ ਹੈ । ਚਲੇ ਪਾਇ—ਪਾ ਚੱਲੇ ਹਨ, ਜਿਨ੍ਹਾਂ ਨੇ ਪਾ ਲਿਆ ਹੈ । ਚਉਕੜਿ—ਚਾਰ ਕੌਡੀਆਂ ਤੋਂ । ਅਣਾਇਆ—ਮੰਗਵਾਇਆ । ਸਿਖਾ—ਸਿੱਖਿਆ, ਉਪਦੇਸ਼ । ਚੜਾਈਆ—ਦਿਤੀ, ਚਾੜ੍ਹੀ । ਥਿਆ—ਹੋ ਗਿਆ ।੧।

ਅਰਥ :—ਹੇ ਪੰਡਤ ! ਜੇ (ਤੇਰੇ ਪਾਸ) ਇਹ ਆਤਮਾ ਦੇ ਕੰਮ ਆਉਣ ਵਾਲਾ ਜਨੇਊ ਹੈ ਤਾਂ (ਮੇਰੇ ਗਲ) ਪਾ ਦੇਹ—ਇਹ ਜਨੇਊ ਜਿਸ ਦੀ ਕਪਾਹ ਦਇਆ ਹੋਵੇ, ਜਿਸ ਦਾ ਸੂਤ ਸੰਤੋਖ ਹੋਵੇ, ਜਿਸ ਦੀਆਂ ਗੰਢਾਂ ਜਤ ਹੋਣ, ਅਤੇ ਜਿਸ ਦਾ ਵੱਟ ਉੱਚਾ ਆਚਰਨ ਹੋਵੇ । (ਹੇ ਪੰਡਤ !) ਇਹੋ ਜਿਹਾ ਜਨੇਊ ਨਾ ਟੁੱਟਦਾ ਹੈ, ਨਾ ਹੀ ਇਸ ਨੂੰ ਮੈਲ ਲਗਦੀ ਹੈ, ਨਾ ਇਹ ਸੜਦਾ ਹੈ ਅਤੇ ਨਾ ਹੀ ਇਹ ਗੁਆਚਦਾ ਹੈ। ਹੇ ਨਾਨਕ ! ਉਹ ਮਨੁੱਖ ਭਾਗਾਂ ਵਾਲੇ ਹਨ, ਜਿਨ੍ਹਾਂ ਨੇ ਇਹ ਜਨੇਊ ਆਪਣੇ ਗਲ ਪਾ ਲਿਆ ਹੈ।

(ਹੇ ਪੰਡਤ ! ਇਹ ਜਨੇਊ ਜੋ ਤੂੰ ਪਾਂਦਾ ਫਿਰਦਾ ਹੈਂ, ਇਹ ਤਾਂ (ਤੂੰ) ਚਾਰ ਕੌਡਾਂ ਮੁੱਲ ਦੇ ਕੇ ਮੰਗਵਾ ਲਿਆ, (ਆਪਣੇ ਜਜਮਾਨ ਦੇ) ਚੌਕੇ ਵਿਚ ਬੈਠ ਕੇ (ਉਸ ਦੇ ਗਲ) ਪਾ ਦਿਤਾ, (ਫੇਰ ਤੂੰ ਉਸ ਦੇ) ਕੰਨ ਵਿਚ ਉਪਦੇਸ਼ ਦਿਤਾ (ਕਿ ਅੱਜ ਤੋਂ ਤੇਰਾ) ਗੁਰੂ ਬ੍ਰਾਹਮਣ ਹੋ ਗਿਆ। (ਸਮਾ ਪੁੱਗਣ ਤੇ ਜਦੋਂ) ਉਹ (ਜਜਮਾਨ) ਮਰ ਗਿਆ (ਤਾਂ) ਉਹ

ਜਨੇਊ ਉਸ ਦੇ ਸਰੀਰ ਤੋਂ ਢਹਿ ਪਿਆ, (ਭਾਵ, ਸੜ ਗਿਆ ਜਾਂ ਡਿਗ ਪਿਆ, ਪਰ ਆਤਮਾ ਦੇ ਨਾਲ ਨਾ ਨਿਭਿਆ, ਇਸ ਵਾਸਤੇ ਉਹ ਜਜਮਾਨ ਵਿਚਾਰਾ) ਜਨੇਊ ਤੋਂ ਬਿਨਾ ਹੀ (ਸੰਸਾਰ ਤੋਂ) ਗਿਆ ।੧।

ਮ: ੧ ॥

ਲਖ ਚੋਰੀਆ ਲਖ ਜਾਰੀਆ ਲਖ ਕੂੜੀਆ ਲਖ ਗਾਲਿ ॥
ਲਖ ਠਗੀਆ ਪਹਿਨਾਮੀਆ ਰਾਤਿ ਦਿਨਸੁ ਜੀਅ ਨਾਲਿ ॥
ਤਗੁ ਕਪਾਹਹੁ ਕਤੀਐ ਬਾਮ੍ਹਣੁ ਵਟੇ ਆਇ ॥
ਕੁਹਿ ਬਕਰਾ ਰਿੰਨ੍ਹਿ ਖਾਇਆ ਸਭੁ ਕੋ ਆਖੈ ਪਾਇ ॥
ਹੋਇ ਪੁਰਾਣਾ ਸੁਟੀਐ ਭੀ ਫਿਰਿ ਪਾਈਐ ਹੋਰੁ ॥
ਨਾਨਕ ਤਗੁ ਨ ਤੁਟਈ ਜੇ ਤਗਿ ਹੋਵੈ ਜੋਰੁ ॥੨॥

ਪਦ ਅਰਥ :—ਕੂੜੀਆ—ਝੂਠ । ਪਹਿਨਾਮੀਆ—ਪਹਿਨਾਮੀਆਂ, ਅਮਾਨਤ ਵਿਚ ਖ਼ਿਆਨਤ ਕਰਨੀ । ਜੀਅ ਨਾਲਿ- ਆਪਣੇ ਮਨ ਨਾਲ, ਲੁਕ ਲੁਕ ਕੇ, ਲੋਕਾਂ ਤੋਂ ਲੁਕਾ ਕੇ, ਚੋਰੀ ਚੋਰੀ । ਤਗੁ—ਤਾਗਾ । ਵਟੇ ਆਇ—ਆ ਕੇ ਵੱਟ ਦੇਂਦਾ ਹੈ (ਤੇ ਜਨੇਊ ਬਣਾ ਦੇਂਦਾ ਹੈ) । ਕੁਹਿ-ਵੱਢ ਕੇ । ਰਿੰਨ੍ਹਿ—ਰਿੰਨ੍ਹ ਕੇ [ਕੁਹਿ ਬਕਰਾ ਰਿੰਨ੍ਹਿ—ਇਹਨਾਂ ਸ਼ਬਦਾਂ ਦਾ ਪਦ-ਛੇਦ ਕਿਸੇ ਹੋਰ ਤਰ੍ਹਾਂ ਨਹੀਂ ਹੋ ਸਕਦਾ । ਜੋ ਸੱਜਣ ਕਰਦੇ ਹਨ ਉਹ ਪਰਤੱਖ ਤੌਰ ਤੇ ਗੁਰਬਾਣੀ ਦੇ ਵਿਆਕਰਣ ਤੋਂ ਆਪਣੀ ਨਾਵਾਕਫ਼ੀਅਤ ਪਰਗਟ ਕਰਦੇ ਹਨ । 'ਕੁਹਿਬ ਕਰਾਰਿ ਨ' ਆਖਣ ਵਾਲੇ ਸੱਜਣ ਇਹ ਚੇਤਾ ਨਹੀਂ ਰਖਦੇ ਕਿ 'ਰਿ' ਦੀ (ੰ) 'ਨ' ਦੀ (ਿ) ਅਤੇ (੍ਹ) ਨਾਲ ਨਹੀਂ ਰਹੇ । ਖੋਜੀ ਸੱਜਣ ਜਿਉਂ ਜਿਉਂ ਗੁਰਬਾਣੀ ਦੇ ਵਿਆਕਰਣ ਵਲ ਧਿਆਨ ਮਾਰਨਗੇ, ਉਹਨਾਂ ਨੂੰ ਪਤਾ ਲਗੇਗਾ ਕਿ ਬਾਣੀ ਦੀ ਇਕ ਭੀ ਲਗ ਮਾਤਰ ਅਗਾਂਹ ਪਿਛਾਂਹ ਕਰਨ ਨਾਲ ਅਰਥ ਦਾ ਅਨਰਥ ਹੋ ਜਾਂਦਾ ਹੈ ।

[ਇਸੇ ਨਾਵਾਕਫ਼ੀਅਤ ਦੇ ਕਾਰਨ ਸਭ ਟੀਕਾਕਾਰ ਹੇਠ-ਲਿਖੀ

ਤੁਕ ਦੇ ਅਸ਼ੁੱਧ ਅਰਥ ਕਰਦੇ ਚਲੇ ਆਏ ਹਨ :—

ਇਕੁ ਬਿੰਨਿ ਦੁਗਣ ਜੁ ਤਉ ਰਹੈ ਜਾ ਸੁਮੰਤ੍ਰਿ ਮਾਨਵਹਿ ਲਹਿ ॥ ਜਾਲਪਾ ਪਦਾਰਥ ਇਤੜੇ ਗੁਰ ਅਮਰਦਾਸਿ ਡਿਠੈ ਮਿਲਹਿ ॥੫॥੧੪॥ [ਸਵਈਏ ਮਹਲੇ ਤੀਜੇ ਕੇ

'ਇਕ ਬਿੰਨਿ' ਦਾ ਅਰਥ ਹੁਣ ਤਾਈਂ 'ਇਕ ਤੋਂ ਬਿਨਾ' ਹੀ ਹੁੰਦਾ ਆਇਆ ਹੈ। ਇਸ ਗੱਲ ਵਲ ਕਦੇ ਧਿਆਨ ਨਹੀਂ ਕੀਤਾ ਗਿਆ ਕਿ 'ਬਿਨੁ' ਅਤੇ ਬਿੰਨਿ' ਵਖੋ ਵਖਰੇ ਸ਼ਬਦ ਹਨ। ਸ਼ਬਦ 'ਬਿਨੁ' ਦਾ ਪ੍ਰਾਕ੍ਰਿਤ ਰੂਪ 'ਵਿਣੁ' ਹੈ,ਜੋ ਸੰਸਕ੍ਰਿਤ ਦੇ ਸ਼ਬਦ 'ਵਿਨਾ' ਦਾ ਵਿਗਾੜ ਹੈ। ਉਪਰੀ ਉਪਰੀ ਨਜ਼ਰ ਮਾਰਿਆਂ ਹੀ ਦਿੱਸ ਪੈਂਦਾ ਹੈ ਕਿ 'ਬਿਨੁ' ਅਤੇ 'ਬਿੰਨਿ' ਵਿਚ ਬਹੁਤ ਫ਼ਰਕ ਹੈ। ਇਸੇ ਤਰ੍ਹਾਂ 'ਕੁਹਿ ਬਕਰਾ ਰਿੰਨ੍ਹਿ ਖਾਇਆ' ਨੂੰ 'ਕੁਹਿਬ ਕਰਾਰਿ ਨ ਖਾਇਆ' ਪੜ੍ਹਨ ਵਾਲੇ ਸੱਜਣ ਆਪ ਹੀ ਵੇਖ ਲੈਣ ਕਿ ਉਹ ਕੇਡੀ ਭਾਰੀ ਭੁੱਲ ਕਰ ਰਹੇ ਹਨ।]

ਸਭੁ ਕੋ—ਹਰੇਕ ਜੀਵ, (ਪਰਵਾਰ ਦਾ) ਹਰੇਕ ਪ੍ਰਾਣੀ। ਪਾਇ—(ਜਨੇਊ) ਪਾ ਲਿਆ। ਤਗਿ—ਤਗ ਵਿਚ, ਧਾਗੇ ਵਿਚ, ਜਨੇਊ ਵਿਚ।

ਅਰਥ :—(ਮਨੁਖ ਲੱਖਾਂ ਚੋਰੀਆਂ ਤੇ ਜਾਰੀਆਂ (ਯਾਰੀਆਂ, ਪਰ-ਇਸਤ੍ਰੀ ਗਮਨ) ਕਰਦਾ ਹੈ, ਲੱਖਾਂ ਝੂਠ ਬੋਲਦਾ ਹੈ ਤੇ ਗਾਲ੍ਹੀਆਂ ਕੱਢਦਾ ਹੈ। ਦਿਨ ਰਾਤ ਲੋਕਾਂ ਤੋਂ ਚੋਰੀ ਚੋਰੀ ਲੱਖਾਂ ਠੱਗੀਆਂ ਤੇ ਪਹਿਨਾਮੀਆਂ ਕਰਦਾ ਹੈ। (ਇਹ ਤਾਂ ਹੈ ਮਨੁੱਖ ਦੇ ਅੰਤਰ-ਆਤਮੇ ਦਾ ਹਾਲ, ਪਰ ਬਾਹਰ ਤੱਕੋ, ਲੋਕਾ-ਚਾਰੀ ਕੀ ਕੁਝ ਹੋ ਰਿਹਾ ਹੈ) ਕਪਾਹ ਤੋਂ (ਭਾਵ, ਕਪਾਹ ਲਿਆ ਕੇ) ਧਾਗਾ ਕੱਤਿਆ ਜਾਂਦਾ ਹੈ ਅਤੇ ਬ੍ਰਾਹਮਣ (ਜਜਮਾਨ ਦੇ ਘਰ) ਆ ਕੇ (ਉਸ ਧਾਗੇ ਨੂੰ) ਵੱਟ ਦੇਂਦਾ ਹੈ। (ਘਰ ਆਏ ਹੋਏ ਸਾਰੇ ਅੰਗ ਸਾਕਾਂ ਨੂੰ) ਬੱਕਰਾ ਮਾਰ ਕੇ ਤੇ ਰਿੰਨ੍ਹ ਕੇ ਖੁਆਇਆ ਜਾਂਦਾ ਹੈ, (ਘਰ ਦਾ) ਹਰੇਕ ਪ੍ਰਾਣੀ ਆਖਦਾ ਹੈ 'ਜਨੇਊ ਪਾਇਆ ਗਿਆ ਹੈ, ਜਨੇਊ ਪਾਇਆ ਗਿਆ ਹੈ'। ਜਦੋਂ ਇਹ ਜਨੇਊ

ਪੁਰਾਣਾ ਹੋ ਜਾਂਦਾ ਹੈ ਤਾਂ ਸੁੱਟ ਦਿੱਤਾ ਜਾਂਦਾ ਹੈ। ਅਤੇ ਇਸ ਦੇ ਥਾਂ ਹੋਰ ਜਨੇਊ ਪਾ ਲਿਆ ਜਾਂਦਾ ਹੈ। ਹੇ ਨਾਨਕ! ਜੇ ਧਾਗੇ ਵਿਚ ਜ਼ੋਰ ਹੋਵੇ (ਭਾਵ, ਜੇ ਆਤਮਾ ਦੇ ਕੰਮ ਆਉਣ ਵਾਲਾ ਆਤਮਾ ਨੂੰ ਬਲ ਦੇਣ ਵਾਲਾ ਕੋਈ ਜਨੇਊ ਹੋਵੇ) ਤਾਂ ਉਹ ਧਾਗਾ ਨਹੀਂ ਟੁੱਟਦਾ।੨।

ਮ: ੧ ॥

ਨਾਇ ਮੰਨਿਐ ਪਤਿ ਊਪਜੈ ਸਾਲਾਹੀ ਸਚੁ ਸੂਤੁ ॥
ਦਰਗਹ ਅੰਦਰਿ ਪਾਈਐ ਤਗੁ ਨ ਤੂਟਸਿ ਪੂਤ ॥੩॥

ਪਦ ਅਰਥ :—ਨਾਇ ਮੰਨਿਐ—ਜੇ (ਪ੍ਰਭੂ ਦਾ) ਨਾਉਂ ਮੰਨ ਲਈਏ, ਜੇ ਨਾਮ ਹਿਰਦੇ ਵਿਚ ਦ੍ਰਿੜ੍ਹ ਕਰ ਲਈਏ। ਪਤਿ—ਇੱਜ਼ਤ, ਆਦਰ। ਸਾਲਾਹੀ—ਸਲਾਹ ਹੀ, ਸਲਾਹ ਈ, ਪ੍ਰਭੂ ਦੀ ਵਡਿਆਈ ਕਰਨੀ ਹੀ। ਸਚੁ—ਸਦਾ ਕਾਇਮ ਰਹਿਣ ਵਾਲਾ। ਪੂਤ—ਪਵਿੱਤਰ, ਸੁੱਚਾ (ਤਗੁ)। ਨ ਤੂਟਸਿ—ਨਹੀਂ ਟੁੱਟੇਗਾ।੩।

ਅਰਥ :—(ਕਪਾਹ ਤੋਂ ਕੱਤੇ ਹੋਏ ਸੂਤਰ ਦਾ ਜਨੇਊ ਪਾ ਕੇ ਰੱਬ ਦੇ ਦਰ ਤੇ ਸੁਰਖ਼ਰੂ ਹੋਣ ਦੀ ਆਸ ਰੱਖਣੀ ਵਿਅਰਥ ਹੈ, ਰੱਬ ਦੀ ਦਰਗਾਹ ਵਿਚ ਤਦੋਂ ਹੀ) ਆਦਰ ਮਿਲਦਾ ਹੈ ਜੇ ਰੱਬ ਦਾ ਨਾਮ ਹਿਰਦੇ ਵਿਚ ਦ੍ਰਿੜ੍ਹ ਕਰ ਲਈਏ (ਕਿਉਂਕਿ) ਰੱਬ ਦੀ ਸਿਫਤਿ-ਸਾਲਾਹ ਹੀ ਸੱਚਾ ਜਨੇਊ ਹੈ; (ਇਹ ਸੱਚਾ ਜਨੇਊ ਧਾਰਨ ਕੀਤਿਆਂ) ਦਰਗਾਹ ਵਿਚ ਮਾਣ ਮਿਲਦਾ ਹੈ ਅਤੇ ਇਹ (ਕਦੇ) ਟੁੱਟਦਾ ਭੀ ਨਹੀਂ।੩।

ਮ: ੧ ॥

ਤਗੁ ਨ ਇੰਦ੍ਰੀ ਤਗੁ ਨ ਨਾਰੀ ॥ ਭਲਕੇ ਥੁਕ ਪਵੈ ਨਿਤ ਦਾੜੀ ॥ ਤਗੁ ਨ ਪੈਰੀ ਤਗੁ ਨ ਹਥੀ ॥ ਤਗੁ ਨ ਜਿਹਵਾ ਤਗੁ ਨ ਅਖੀ ॥ ਵੇਤਗਾ ਆਪੇ ਵਤੈ ॥ ਵਟਿ ਧਾਗੇ ਅਵਰਾ ਘਤੈ ॥ ਲੈ ਭਾੜਿ ਕਰੇ ਵੀਆਹੁ ॥ ਕਢਿ ਕਾਗਲੁ ਦਸੇ

ਰਾਹੁ ॥ ਸੁਣਿ ਵੇਖਹੁ ਲੋਕਾ ਏਹੁ ਵਿਡਾਣੁ ॥ ਮਨਿ ਅੰਧਾ ਨਾਉ ਸੁਜਾਣੁ ॥੪॥

ਪਦ ਅਰਥ :–ਇੰਦ੍ਰੀ–ਸਰੀਰਕ ਇੰਦਰਿਆਂ ਨੂੰ । ਨਾੜੀ–ਨਾੜੀਆਂ । ਭਲਕੇ–ਨਿੱਤ, ਹਰ ਰੋਜ਼ । ਦਾੜੀ ਥੁਕ ਪਵੈ –ਬੇਇੱਜ਼ਤੀ ਹੁੰਦੀ ਹੈ । ਵਤੈ–ਭੌਂਦਾ ਫਿਰਦਾ ਹੈ । ਭਾੜਿ–ਭਾੜਾ, ਮਜੂਰੀ, ਲਾਗ, ਦੱਛਣਾ । ਕਾਗਲੁ–ਕਾਗਦ, ਪੱਤਰੀ । ਏਹੁ ਵਿਡਾਣੁ–ਇਹ ਅਚਰਜ ਕੌਤਕ । ਸੁਜਾਣੁ–ਸਿਆਣਾ, ਪੰਡਤ ।੪।

ਅਰਥ :–(ਪੰਡਤ ਨੇ ਆਪਣੇ) ਇੰਦਰਿਆਂ ਤੇ ਨਾੜੀਆਂ ਨੂੰ (ਇਹੋ ਜਿਹਾ) ਜਨੇਊ ਨਹੀਂ ਪਾਇਆ (ਕਿ ਉਹ ਇੰਦਰੇ ਵਿਕਾਰਾਂ ਵਲ ਨਾ ਜਾਣ, ਇਸ ਵਾਸਤੇ) ਨਿਤ ਹਰ ਰੋਜ਼ ਉਸ ਦੀ ਬੇਇੱਜ਼ਤੀ ਹੁੰਦੀ ਹੈ, ਪੈਰਾਂ ਨੂੰ (ਅਜਿਹਾ) ਜਨੇਊ ਨਹੀਂ ਪਾਇਆ (ਕਿ ਭੈੜੇ ਪਾਸੇ ਨਾ ਲੈ ਜਾਣ) ਹੱਥਾਂ ਨੂੰ ਜਨੇਊ ਨਹੀਂ ਪਾਇਆ (ਕਿ ਉਹ ਮੰਦੇ ਕੰਮ ਨਾ ਕਰਨ), ਜੀਭ ਨੂੰ (ਕੋਈ) ਜਨੇਊ ਨਹੀਂ ਪਾਇਆ (ਕਿ ਪਰਾਈ ਨਿੰਦਾ ਕਰਨ ਤੋਂ ਹਟੀ ਰਹੇ, ਅੱਖਾਂ ਨੂੰ (ਐਸਾ) ਜਨੇਊ ਨਹੀਂ ਪਾਇਆ (ਕਿ ਪਰਾਈ ਇਸਤ੍ਰੀ ਵਲ ਨਾ ਤੱਕਣ) । ਆਪ ਤਾਂ ਇਹੋ ਜਿਹੇ ਜਨੇਊ ਤੋਂ ਵਾਂਜਿਆ ਹੋਇਆ ਭਟਕਦਾ ਫਿਰਦਾ ਹੈ, ਪਰ (ਕਪਾਹ ਦੇ ਸੂਤ ਦੇ) ਧਾਗੇ ਵੱਟ ਵੱਟ ਕੇ ਹੋਰਨਾਂ ਨੂੰ ਪਾਂਦਾ ਹੈ, ਆਪਣੇ ਹੀ ਜਜਮਾਨਾਂ ਦੀਆਂ ਧੀਆਂ ਦੇ ਵਿਆਹ ਦੱਛਣਾ ਲੈ ਲੈ ਕੇ ਕਰਦਾ ਹੈ ਤੇ ਪੱਤ੍ਰੀ ਸੋਧ ਸੋਧ ਕੇ ਉਹਨਾਂ ਨੂੰ ਰਸਤਾ ਦੱਸਦਾ ਹੈ । ਹੇ ਲੋਕੋ ! ਸੁਣੋ, ਵੇਖੋ ਇਹ ਅਚਰਜ ਤਮਾਸ਼ਾ ! (ਪੰਡਤ ਆਪ ਤਾਂ) ਮਨੋਂ ਅੰਨ੍ਹਾ ਹੈ (ਭਾਵ, ਅਗਿਆਨੀ ਹੈ), (ਪਰ ਆਪਣਾ) ਨਾਮ (ਰਖਾਇਆ ਹੋਇਆ ਹੈ) 'ਸਿਆਣਾ' ।੪।

ਪਉੜੀ ॥

ਸਾਹਿਬੁ ਹੋਇ ਦਇਆਲੁ ਕਿਰਪਾ ਕਰੇ ਤਾ ਸਾਈ ਕਾਰ ਕਰਾਇਸੀ ॥ ਸੋ ਸੇਵਕੁ ਸੇਵਾ ਕਰੇ ਜਿਸ ਨੋ ਹੁਕਮੁ

ਮਨਾਇਸੀ ॥ ਹੁਕਮਿ ਮੰਨਿਐ ਹੋਵੈ ਪਰਵਾਣੁ ਤਾ ਖਸਮੈ ਕਾ ਮਹਲੁ ਪਾਇਸੀ ॥ ਖਸਮੈ ਭਾਵੈ ਸੋ ਕਰੇ ਮਨਹੁ ਚਿੰਦਿਆ ਸੋ ਫਲੁ ਪਾਇਸੀ ॥ ਤਾ ਦਰਗਹ ਪੈਧਾ ਜਾਇਸੀ ॥੧੫॥

ਪਦ ਅਰਥ :–ਸਾਈ ਕਾਰ–ਉਹੀ ਕੰਮ (ਜੋ ਉਸ ਨੂੰ ਭਾਉਂਦਾ ਹੈ)। ਹੁਕਮਿ ਮੰਨਿਐ–ਜੇ ਮਾਲਕ ਦੀ ਆਗਿਆ ਵਿਚ ਤੁਰੀਏ, ਜੇ ਰਜ਼ਾ ਵਿਚ ਰਾਜ਼ੀ ਰਹੀਏ, ਰਜ਼ਾ ਵਿਚ ਰਾਜ਼ੀ ਰਹਿਣ ਨਾਲ। ਪਰਵਾਣੁ–(ਦਰਗਾਹ ਵਿਚ) ਕਬੂਲ, ਸੁਰਖ਼ਰੂ। ਖਸਮੈ ਕਾ ਮਹਲੁ–ਖਸਮ ਦਾ ਘਰ, ਉਹ ਟਿਕਾਣਾ ਜਿੱਥੇ ਪ੍ਰਭੂ-ਪਤੀ ਸਾਖਿਆਤ ਪਰਗਟ ਹੁੰਦਾ ਹੈ। ਮਨਹੁ ਚਿੰਦਿਆ–ਮਨ-ਭਾਉਂਦਾ, ਮਨ-ਇੱਛਤ। ਪੈਧਾ–ਸਿਰੋਪਾਉ ਲੈ ਕੇ, ਇੱਜ਼ਤ ਨਾਲ।੧੫।

ਅਰਥ :–(ਜਿਸ ਸੇਵਕ ਉੱਤੇ ਪ੍ਰਭੂ) ਮਾਲਕ ਦਇਆਲ ਹੋ ਜਾਏ, ਮਿਹਰ ਕਰੇ, ਤਾਂ ਉਸ ਪਾਸੋਂ ਉਹੋ ਕੰਮ ਕਰਾਂਦਾ ਹੈ (ਜੋ ਉਸ ਨੂੰ ਭਾਉਂਦਾ ਹੈ); ਜਿਸ ਨੂੰ ਆਪਣੀ ਰਜ਼ਾ ਵਿਚ ਤੋਰਦਾ ਹੈ ਉਹ ਸੇਵਕ (ਪ੍ਰਭੂ-ਪਤੀ ਦੀ) ਸੇਵਾ ਕਰਦਾ ਹੈ; ਪ੍ਰਭੂ ਦੀ ਰਜ਼ਾ ਵਿਚ ਰਾਜ਼ੀ ਰਹਿਣ ਕਰਕੇ ਸੇਵਕ (ਪ੍ਰਭੂ ਦੇ ਦਰ ਤੇ) ਕਬੂਲ ਹੋ ਜਾਂਦਾ ਹੈ ਅਤੇ ਮਾਲਕ ਦਾ ਘਰ ਲੱਭ ਲੈਂਦਾ ਹੈ। ਜਦੋਂ ਸੇਵਕ ਉਹੀ ਕੰਮ ਕਰਦਾ ਹੈ ਜੋ ਖਸਮ ਨੂੰ ਚੰਗਾ ਲਗਦਾ ਹੈ, ਤਾਂ ਉਸ ਨੂੰ ਮਨ-ਭਾਉਂਦਾ ਫਲ ਮਿਲਦਾ ਹੈ, ਅਤੇ ਉਹ ਪ੍ਰਭੂ ਦੀ ਦਰਗਾਹ ਵਿਚ ਇੱਜ਼ਤ ਨਾਲ ਜਾਂਦਾ ਹੈ।੧੫।

ਸਲੋਕੁ ਮ: ੧ ॥

ਗਊ ਬਿਰਾਹਮਣ ਕਉ ਕਰੁ ਲਾਵਹੁ ਗੋਬਰਿ ਤਰਣੁ ਨ ਜਾਈ ॥ ਧੋਤੀ ਟਿਕਾ ਤੈ ਜਪਮਾਲੀ ਧਾਨੁ ਮਲੇਛਾਂ ਖਾਈ॥ ਅੰਤਰਿ ਪੂਜਾ ਪੜਹਿ ਕਤੇਬਾ ਸੰਜਮੁ ਤੁਰਕਾ

ਭਾਈ ॥ ਛੋਡੀਲੇ ਪਾਖੰਡਾ ॥ ਨਾਮਿ ਲਇਐ ਜਾਹਿ ਤਰੰਦਾ ॥੧॥

ਪਦ ਅਰਥ :–ਕਰੁ–ਮਸੂਲ । ਲਾਵਹੁ–ਤੁਸੀ ਲਾਂਦੇ ਹੋ। ਗੋਬਰਿ–ਗੋਬਰ ਨਾਲ, ਗੋਹੇ ਨਾਲ, ਪੋਚਾ ਫੇਰਿਆਂ । ਤੈ–ਅਤੇ। ਜਪਮਾਲੀ–ਮਾਲਾ । ਧਾਨੁ–ਪਦਾਰਥ, ਭੋਜਨ । ਮਲੇਛਾਂ–ਮਲੇਛਾਂ ਦਾ, ਮੁਸਲਮਾਨਾਂ ਦਾ । ਖਾਈ–ਖਾਂਦਾ ਹੈਂ । ਅੰਤਰਿ–ਅੰਦਰ, ਲੁਕ ਕੇ। ਸੰਜਮੁ–ਰਹਿਤ, ਰਹਿਣੀ। ਤੁਰਕਾ–ਤੁਰਕਾਂ ਵਾਲੀ, ਮੁਸਲਮਾਨਾਂ ਵਾਲੀ। ਭਾਈ–ਹੇ ਭਾਈ ! ਛੋਡੀਲੇ–ਛੱਡ ਦੇਹ । ਨਾਮਿ ਲਇਐ–ਜੇ ਨਾਮ ਲਏਂਗਾ। ਜਾਹਿ ਤਰੰਦਾ–ਤਰ ਜਾਹਿੰਗਾ ।੧।

ਅਰਥ :–ਹੇ ਭਾਈ ! (ਦਰਿਆ ਦੇ ਪੱਤਣ ਤੇ ਬੈਠ ਕੇ) ਗਊ ਅਤੇ ਬ੍ਰਾਹਮਣ ਨੂੰ ਤਾਂ ਮਸੂਲ ਲਾਂਦਾ ਹੈਂ), (ਭਾਵ, ਗਊ ਅਤੇ ਬ੍ਰਾਹਮਣ ਨੂੰ ਪਾਰ ਲੰਘਾਣ ਦਾ ਮਸੂਲ ਲਾ ਲੈਂਦਾ ਹੈਂ), (ਫੇਰ ਤੂੰ ਕਦੇ ਇਹ ਨਹੀਂ ਸੋਚਦਾ ਕਿ ਉਸ ਗਊ ਦੇ) ਗੋਹੇ ਨਾਲ (ਪੋਚਾ ਫੇਰਿਆਂ, ਸੰਸਾਰ ਸਮੁੰਦਰ ਤੋਂ) ਤਰਿਆ ਨਹੀਂ ਜਾ ਸਕਦਾ। ਧੋਤੀ (ਪਹਿਨਦਾ ਹੈਂ), ਟਿੱਕਾ (ਮੱਥੇ ਉਤੇ ਲਾਂਦਾ ਹੈਂ) ਅਤੇ ਮਾਲਾ (ਫੇਰਦਾ ਹੈਂ), ਪਰ ਪਦਾਰਥ ਮਲੇਛਾਂ ਦਾ ਖਾਂਦਾ ਹੈਂ, (ਭਾਵ, ਪਦਾਰਥ ਉਹਨਾਂ ਤੋਂ ਲੈ ਕੇ ਛਕਦਾ ਹੈਂ, ਜਿਨ੍ਹਾਂ ਨੂੰ ਤੂੰ ਮਲੇਛ ਆਖਦਾ ਹੈਂ)। ਅੰਦਰ ਬੈਠ ਕੇ (ਭਾਵ, ਤੁਰਕ ਹਾਕਮਾਂ ਤੋਂ ਚੋਰੀ ਚੋਰੀ) ਪੂਜਾ ਕਰਦਾ ਹੈਂ, (ਬਾਹਰ ਮੁਸਲਮਾਨਾਂ ਨੂੰ ਵਿਖਾਲਣ ਵਾਸਤੇ) ਕੁਰਾਨ ਆਦਿ ਪੜ੍ਹਦਾ ਹੈਂ, ਤੇ ਮੁਸਲਮਾਨਾਂ ਵਾਲੀ ਹੀ ਤੂੰ ਰਹਿਤ ਰੱਖੀ ਹੋਈ ਹੈ।

(ਇਹ) ਪਖੰਡ ਛੱਡ ਦੇਹ। ਜੇ ਪ੍ਰਭੂ ਦਾ ਨਾਮ ਸਿਮਰੇਂਗਾ, ਤਾਂ ਹੀ (ਸੰਸਾਰ-ਸਮੁੰਦਰ ਤੋਂ) ਤਰੇਂਗਾ ।੧।

ਮ: ੧ ॥

ਮਾਣਸ ਖਾਣੇ ਕਰਹਿ ਨਿਵਾਜ ॥ ਛੁਰੀ ਵਗਾਇਨਿ ਤਿਨ ਗਲਿ ਤਾਗ ॥ ਤਿਨ ਘਰਿ ਬ੍ਰਾਹਮਣ ਪੂਰਹਿ ਨਾਦ ॥ ਉਨ੍ਹਾ ਭਿ ਆਵਹਿ ਓਈ ਸਾਦ ॥ ਕੂੜੀ ਰਾਸਿ ਕੂੜਾ ਵਾਪਾਰੁ ॥ ਕੂੜੁ ਬੋਲਿ ਕਰਹਿ ਆਹਾਰੁ ॥ ਸਰਮ ਧਰਮ ਕਾ ਡੇਰਾ ਦੂਰਿ ॥ ਨਾਨਕ ਕੂੜੁ ਰਹਿਆ ਭਰਪੂਰਿ ॥ ਮਥੈ ਟਿਕਾ ਤੇੜਿ ਧੋਤੀ ਕਖਾਈ ॥ ਹਥਿ ਛੁਰੀ ਜਗਤ ਕਾਸਾਈ ॥ ਨੀਲ ਵਸਤ੍ਰ ਪਹਿਰਿ ਹੋਵਹਿ ਪਰਵਾਣੁ ॥ ਮਲੇਛ ਧਾਨੁ ਲੇ ਪੂਜਹਿ ਪੁਰਾਣੁ ॥ ਅਭਾਖਿਆ ਕਾ ਕੁਠਾ ਬਕਰਾ ਖਾਣਾ ॥ ਚਉਕੇ ਉਪਰਿ ਕਿਸੈ ਨ ਜਾਣਾ ॥ ਦੇ ਕੈ ਚਉਕਾ ਕਢੀ ਕਾਰ ॥ ਉਪਰਿ ਆਇ ਬੈਠੇ ਕੂੜਿਆਰ ॥ ਮਤੁ ਭਿਟੈ ਵੇ ਮਤੁ ਭਿਟੈ ॥ ਇਹੁ ਅੰਨੁ ਅਸਾਡਾ ਫਿਟੈ ॥ ਤਨਿ ਫਿਟੈ ਫੇੜ ਕਰੇਨਿ ॥ ਮਨਿ ਜੂਠੈ ਚੁਲੀ ਭਰੇਨਿ ॥ ਕਹੁ ਨਾਨਕ ਸਚੁ ਧਿਆਈਐ ॥ ਸੁਚਿ ਹੋਵੈ ਤਾ ਸਚੁ ਪਾਈਐ ॥੨॥

ਪਦ ਅਰਥ :–ਮਾਣਸ ਖਾਣੇ–ਮਨੁੱਖਾਂ ਨੂੰ ਖਾਣ ਵਾਲੇ, ਵੱਢੀ-ਖੋਰ। ਕਰਹਿ ਨਿਵਾਜ–ਨਮਾਜ਼ ਪੜ੍ਹਦੇ ਹਨ। ਛੁਰੀ ਵਗਾਇਨਿ–(ਜੋ ਲੋਕ) ਛੁਰੀ ਚਲਾਂਦੇ ਹਨ, ਭਾਵ, ਜ਼ੁਲਮ ਕਰਦੇ ਹਨ। ਤਾਗ–ਜੰਞੂ, ਜਨੇਊ। ਤਿਨ ਘਰਿ–ਉਹਨਾਂ (ਖਤ੍ਰੀਆਂ) ਦੇ ਘਰਾਂ ਵਿਚ। ਪੂਰਹਿ ਨਾਦ–ਨਾਦ ਪੂਰਦੇ ਹਨ, ਸੰਖ ਵਜਾਂਦੇ ਹਨ। ਉਨ੍ਹਾ ਭਿ–ਉਹਨਾਂ ਬ੍ਰਾਹਮਣਾ ਨੂੰ ਭੀ। ਆਵਹਿ ਓਈ ਸਾਦ–ਉਹੀ ਸੁਆਦ ਆਉਂਦੇ ਹਨ, (ਭਾਵ, ਜੋ ਕੁਝ ਉਹ ਖੱਤ੍ਰੀ ਮੁਨਸ਼ੀ ਖਾਂਦੇ ਹਨ, ਉਹਨਾਂ ਪਦਾਰਥਾਂ ਦਾ ਹੀ ਸੁਆਦ ਉਹਨਾਂ ਬ੍ਰਾਹਮਣਾਂ ਨੂੰ ਆਉਂਦਾ ਹੈ)। ਕਰਹਿ ਆਹਾਰੁ–ਅਹਾਰ ਕਰਦੇ ਹਨ, ਖਾਣੇ ਖਾਂਦੇ ਹਨ, ਰੋਜ਼ੀ ਕਮਾਂਦੇ ਹਨ। ਸਰਮ–ਲੱਜਾ,

ਹਯਾ । ਕਖਾਈ–ਗੇਰੀ ਰੰਗ ਵਾਲੀ । ਜਗਤ ਕਸਾਈ–ਜਗਤ ਦਾ ਕਸਾਈ, ਜਗਤ ਦੇ ਹਰੇਕ ਜੀਵ ਉੱਤੇ ਵੱਸ ਲਗਿਆਂ ਜ਼ੁਲਮ ਕਰਨ ਵਾਲਾ। ਹੋਵਹਿ ਪਰਵਾਣੁ–ਕਬੂਲ ਹੁੰਦੇ ਹਨ, ਭਾਵ, ਮੁਲਾਜ਼ਮਤ ਵੇਲੇ ਨੀਲੇ ਕਪੜੇ ਪਾ ਕੇ ਜਾਂਦੇ ਹਨ, (ਤਾਂ ਹੀ ਹਾਕਮਾਂ ਦੇ ਸਾਹਮਣੇ ਜਾਣ ਦੀ ਆਗਿਆ ਮਿਲਦੀ ਹੈ)। ਲੇ–ਲੈ ਕੇ (ਭਾਵ, ਰੋਜ਼ੀ ਉਹਨਾਂ ਪਾਸੋਂ ਲੈਂਦੇ ਹਨ ਜਿਨ੍ਹਾਂ ਨੂੰ ਮਲੇਛ ਆਖਦੇ ਹਨ)। ਪੂਜਹਿ ਪੁਰਾਣੁ–ਪੁਰਾਣ ਨੂੰ ਪੂਜਦੇ ਹਨ, ਪੜ੍ਹਦੇ ਹਨ। ਅਭਾਖਿਆ- ਕਿਸੇ ਦੂਜੀ ਬੋਲੀ ਦਾ, ਕਿਸੇ ਓਪਰੀ ਬੋਲੀ ਦਾ, ਭਾਵ, ਕਲਮਾ ਪੜ੍ਹ ਕੇ। ਕੁਠਾ–ਹਲਾਲ ਕੀਤਾ ਹੋਇਆ। ਖਾਣਾ–ਖ਼ੁਰਾਕ । ਮਤੁ ਭਿਟੈ–ਮਤਾਂ ਭਿੱਟਿਆ ਜਾਏ। ਫਿਟੈ-ਖ਼ਰਾਬ ਹੋ ਜਾਏ। ਤਨਿ ਫਿਟੈ–ਫਿੱਟੇ ਹੋਏ ਸਰੀਰ ਨਾਲ, ਗੰਦੇ ਸਰੀਰ ਨਾਲ। ਫੇੜ–ਮੰਦੇ ਕੰਮ। ਮਨਿ ਜੂਠੈ–ਜੂਠੇ ਮਨ ਨਾਲ, ਅਸ਼ੁੱਧ ਮਨ ਨਾਲ। ਸੁਚਿ–ਪਵਿੱਤਰਤਾ। ਹੋਵੈ ਤਾਂ–ਤਦੋਂ ਹੁੰਦੀ ਹੈ ।੨।

ਅਰਥ :–(ਕਾਜ਼ੀ ਤੇ ਮੁਸਲਮਾਨ ਹਾਕਮ) ਹਨ ਤਾਂ ਵੱਢੀ-ਖੋਰੇ, ਪਰ ਪੜ੍ਹਦੇ ਹਨ ਨਮਾਜ਼ਾਂ। (ਇਹਨਾਂ ਹਾਕਮਾਂ ਦੇ ਅੱਗੇ ਮੁਨਸ਼ੀ ਉਹ ਖਤ੍ਰੀ ਹਨ ਜੋ) ਛੁਰੀ ਚਲਾਂਦੇ ਹਨ (ਭਾਵ, ਗ਼ਰੀਬਾਂ ਉੱਤੇ ਜ਼ੁਲਮ ਕਰਦੇ ਹਨ), ਪਰ ਉਹਨਾਂ ਦੇ ਗਲ ਵਿਚ ਜਨੇਊ ਹਨ। ਇਹਨਾਂ (ਜ਼ਾਲਮ ਖਤ੍ਰੀਆਂ) ਦੇ ਘਰ ਬ੍ਰਾਹਮਣ ਜਾ ਕੇ ਸੰਖ ਵਜਾਂਦੇ ਹਨ, ਤਾਂ ਤੇ ਉਨ੍ਹਾਂ ਬ੍ਰਾਹਮਣਾਂ ਨੂੰ ਭੀ ਉਹਨਾਂ ਹੀ ਪਦਾਰਥਾਂ ਦੇ ਸੁਆਦ ਆਉਂਦੇ ਹਨ (ਭਾਵ, ਉਹ ਬ੍ਰਾਹਮਣ ਭੀ ਜ਼ੁਲਮ ਦੇ ਕਮਾਏ ਹੋਏ ਪਦਾਰਥ ਖਾਂਦੇ ਹਨ)। (ਇਹਨਾਂ ਲੋਕਾਂ ਦੀ) ਇਹ ਝੂਠੀ ਪੂੰਜੀ ਹੈ ਤੇ ਝੂਠਾ ਹੀ ਇਹਨਾਂ ਦਾ (ਇਹ) ਵਪਾਰ ਹੈ। ਝੂਠ ਬੋਲ ਬੋਲ ਕੇ (ਹੀ) ਇਹ ਰੋਜ਼ੀ ਕਮਾਂਦੇ ਹਨ। ਹੁਣ ਸ਼ਰਮ ਤੇ ਧਰਮ ਦੀ ਸਭਾ ਉਠ ਗਈ ਹੈ (ਭਾਵ, ਇਹ ਲੋਕ ਨਾ ਆਪਣੀ ਸ਼ਰਮ ਹਯਾ ਦਾ ਖ਼ਿਆਲ ਕਰਦੇ ਹਨ ਅਤੇ ਨਾ ਹੀ ਧਰਮ ਦੇ ਕੰਮ ਕਰਦੇ ਹਨ)। ਹੇ ਨਾਨਕ ! ਸਭ ਥਾਈਂ ਝੂਠ ਹੀ ਪਰਧਾਨ ਹੋ ਰਿਹਾ ਹੈ।

(ਇਹ ਖੱਤ੍ਰੀ) ਮੱਥੇ ਉੱਤੇ ਟਿੱਕਾ ਲਾਂਦੇ ਹਨ, ਲੱਕ ਦੁਆਲੇ ਗੇਰੂਏ ਰੰਗ ਦੀ ਧੋਤੀ (ਬੰਨ੍ਹਦੇ ਹਨ), ਪਰ ਹੱਥ ਵਿਚ (ਮਾਨੋ) ਛੁਰੀ ਫੜੀ ਹੋਈ ਹੈ ਤੇ (ਵੱਸ ਲਗਦਿਆਂ) ਹਰੇਕ ਜੀਵ ਉੱਤੇ ਜ਼ੁਲਮ ਕਰਦੇ ਹਨ। ਨੀਲੇ ਰੰਗ ਦੇ ਕਪੜੇ ਪਾ ਕੇ (ਤੁਰਕ ਹਾਕਮਾਂ ਦੇ ਪਾਸ ਜਾਂਦੇ ਹਨ, ਤਾਂ ਹੀ) ਉਹਨਾਂ ਪਾਸ ਜਾਣ ਦੀ ਆਗਿਆ ਮਿਲਦੀ ਹੈ (ਜਿਨ੍ਹਾਂ ਨੂੰ) ਮਲੇਛ (ਆਖਦੇ ਹਨ, ਉਹਨਾਂ ਹੀ) ਪਾਸੋਂ ਰੋਜ਼ੀ ਲੈਂਦੇ ਹਨ, ਤੇ (ਫੇਰ ਭੀ) ਪੁਰਾਣ ਨੂੰ ਪੂਜਦੇ ਹਨ (ਭਾਵ, ਫੇਹ ਵੀ ਇਹੀ ਸਮਝਦੇ ਹਨ ਕਿ ਅਸੀਂ ਪੁਰਾਣ ਦੇ ਅਨੁਸਾਰ ਤੁਰ ਰਹੇ ਹਾਂ)। (ਇਥੇ ਹੀ ਬੱਸ ਨਹੀਂ) ਖ਼ੁਰਾਕ ਇਹਨਾਂ ਦੀ ਉਹ ਬੱਕਰਾ ਹੈ ਜੋ ਕਲਮਾ ਪੜ੍ਹ ਕੇ ਹਲਾਲ ਕੀਤਾ ਹੋਇਆ ਹੈ, ਪਰ ਆਖਦੇ ਹਨ ਕਿ) ਸਾਡੇ ਚੌਕੇ ਉੱਤੇ ਕੋਈ ਹੋਰ ਮਨੁਖ ਨਾ ਆ ਚੜ੍ਹੇ। ਚੌਕਾ ਬਣਾ ਕੇ (ਦੁਆਲੇ) ਲਕੀਰਾਂ ਕੱਢਦੇ ਹਨ, (ਪਰ ਇਸ) ਚੌਕੇ ਵਿਚ ਉਹ ਮਨੁਖ ਆ ਬੈਠਦੇ ਹਨ ਜੋ ਆਪ ਝੂਠੇ ਹਨ। (ਹੋਰਨਾਂ ਨੂੰ ਆਖਦੇ ਹਨ–ਸਾਡੇ ਚੌਕੇ ਦੇ ਨੇੜੇ ਨਾ ਆਉਣਾ) ਕਿਤੇ ਚੌਕਾ ਭ੍ਰਿਟਿਆ ਨਾ ਜਾਏ ਅਤੇ ਸਾਡਾ ਅੰਨ ਖ਼ਰਾਬ ਨਾ ਹੋ ਜਾਏ, (ਪਰ ਆਪ ਇਹ ਲੋਕ) ਅਪਵਿੱਤਰ ਸਰੀਰ ਨਾਲ ਮੰਦੇ ਕੰਮ ਕਰਦੇ ਹਨ ਅਤੇ ਜੂਠੇ ਮਨ ਨਾਲ ਹੀ (ਭਾਵ, ਮਨ ਤਾਂ ਅੰਦਰੋਂ ਮਲੀਨ ਹੈ) ਚੂਲੀਆਂ ਕਰਦੇ ਹਨ।

ਹੇ ਨਾਨਕ! ਆਖ, ਪ੍ਰਭੂ ਨੂੰ ਧਿਆਉਣਾ ਚਾਹੀਦਾ ਹੈ। ਤਾਂ ਹੀ ਸੁੱਚ-ਪਵਿੱਤਰਤਾ ਹੋ ਸਕਦੀ ਹੈ ਜੇ ਸੱਚਾ ਪ੍ਰਭੂ ਮਿਲ ਪਏ।੨।

ਪਉੜੀ ॥

ਚਿਤੈ ਅੰਦਰਿ ਸਭੁ ਕੋ ਵੇਖਿ ਨਦਰੀ ਹੇਠਿ ਚਲਾਇਦਾ ॥
ਆਪੇ ਦੇ ਵਡਿਆਈਆ ਆਪੇ ਹੀ ਕਰਮ ਕਰਾਇਦਾ ॥
ਵਡਹੁ ਵਡਾ ਵਡ ਮੇਦਨੀ ਸਿਰੇ ਸਿਰਿ ਧੰਧੈ ਲਾਇਦਾ ॥

ਨਦਰਿ ਉਪਠੀ ਜੇ ਕਰੇ ਸੁਲਤਾਨਾ ਘਾਹੁ ਕਰਾਇਦਾ ॥
ਦਰਿ ਮੰਗਨਿ ਭਿਖ ਨ ਪਾਇਦਾ ॥੧੬॥

ਪਦ ਅਰਥ :–ਚਿਤੈ ਅੰਦਰਿ–(ਪ੍ਰਭੂ ਦੇ) ਚਿਤ ਵਿਚ, ਧਿਆਨ ਵਿਚ। ਸਭੁ ਕੋ–ਹਰੇਕ ਜੀਵ। ਵੇਖਿ–ਵੇਖ ਕੇ, ਭਾਵ, ਗਹੁ ਨਾਲ। ਚਲਾਇਦਾ–ਤੋਰਦਾ ਹੈ, ਕਾਰੇ ਲਾਈ ਰੱਖਦਾ ਹੈ। ਵਡਹੁ ਵਡਾ–ਵੱਡਿਆਂ ਤੋਂ ਵੱਡਾ। ਮੇਦਨੀ–ਸ੍ਰਿਸ਼ਟੀ, ਧਰਤੀ। ਵਡ ਮੇਦਨੀ–ਵੱਡੀ ਹੈ ਸ੍ਰਿਸ਼ਟੀ ਉਸ ਦੀ। ਸਿਰੇ ਸਿਰਿ–ਹਰੇਕ ਜੀਵ ਦੇ ਸਿਰ ਉੱਤੇ, ਥਾਉਂ ਥਾਈਂ। ਉਪਠੀ–ਉਲਟੀ। ਘਾਹੁ ਕਰਾਇਦਾ–ਕੱਖੋਂ ਹੌਲੇ ਕਰ ਦੇਂਦਾ ਹੈ, ਭਾਵ। ਕੋਈ ਉਹਨਾਂ ਵਲ ਤੱਕਦਾ ਭੀ ਨਹੀਂ। ਦਰਿ–(ਲੋਕਾਂ ਦੇ) ਦਰ ਉੱਤੇ, ਮੰਗਨਿ–(ਉਹ ਸੁਲਤਾਨ) ਮੰਗਦੇ ਹਨ। ਭਿਖ–ਭਿੱਖਿਆ, ਖ਼ੈਰ।੧੬।

ਅਰਥ :–ਪ੍ਰਭੂ ਹਰੇਕ ਜੀਵ ਨੂੰ ਆਪਣੇ ਧਿਆਨ ਵਿਚ ਰਖਦਾ ਹੈ, ਤੇ ਹਰੇਕ ਜੀਵ ਨੂੰ ਆਪਣੀ ਨਜ਼ਰ ਵਿਚ ਰਖ ਕੇ ਕਾਰੇ ਲਾਈ ਰੱਖਦਾ ਹੈ। ਆਪ ਹੀ (ਜੀਆਂ ਨੂੰ) ਵਡਿਆਈਆਂ ਬਖ਼ਸ਼ਦਾ ਹੈ ਤੇ ਆਪ ਹੀ ਉਹਨਾਂ ਨੂੰ ਕੰਮਾਂ ਵਿਚ ਲਾਂਦਾ ਹੈ। ਪ੍ਰਭੂ ਵੱਡਿਆਂ ਤੋਂ ਵੱਡਾ ਹੈ (ਭਾਵ, ਸਭ ਤੋਂ ਵੱਡਾ ਹੈ), (ਉਸ ਦੀ ਰਚੀ ਹੋਈ) ਸ੍ਰਿਸ਼ਟੀ ਭੀ ਬੇਅੰਤ ਹੈ।) ਇਤਨੀ ਬੇਅੰਤ ਸ੍ਰਿਸ਼ਟੀ ਹੁੰਦਿਆਂ ਭੀ) ਹਰੇਕ ਜੀਵ ਨੂੰ ਪ੍ਰਭੂ ਥਾਉਂ ਥਾਈਂ ਧੰਦਿਆਂ ਵਿਚ ਜੋੜੀ ਰਖਦਾ ਹੈ। ਜੇ ਕਦੇ ਦੁਨੀਆ ਦੇ ਪਾਤਸ਼ਾਹਾਂ ਉੱਤੇ ਭੀ ਗੁੱਸੇ ਦੀ ਨਜ਼ਰ ਕਰੇ, ਤਾਂ ਉਹਨਾਂ ਨੂੰ ਕੱਖੋਂ ਹੌਲੇ ਕਰ ਦੇਂਦਾ ਹੈ, (ਜੇ ਉਹ) ਲੋਕਾਂ ਦੇ ਦਰ ਤੇ ਜਾ ਕੇ ਸੁਆਲ ਪਾਂਦੇ ਹਨ, ਤਾਂ ਅਗੋਂ ਕੋਈ ਖ਼ੈਰ ਨਹੀਂ ਪਾਂਦਾ।੧੬।

ਸਲੋਕੁ ਮਃ ੧ ॥

ਜੇ ਮੋਹਾਕਾ ਘਰੁ ਮੁਹੈ ਘਰੁ ਮੁਹਿ ਪਿਤਰੀ ਦੇਇ ॥
ਅਗੈ ਵਸਤੁ ਸਿਞਾਣੀਐ ਪਿਤਰੀ ਚੋਰ ਕਰੇਇ ॥

ਵਢੀਅਹਿ ਹਥ ਦਲਾਲ ਕੇ ਮੁਸਫੀ ਏਹ ਕਰੇਇ ॥
ਨਾਨਕ ਅਗੈ ਸੋ ਮਿਲੈ ਜਿ ਖਟੇ ਘਾਲੇ ਦੇਇ ॥੧॥

ਪਦ ਅਰਥ :–ਮੋਹਾਕਾ–ਠੱਗ, ਚੋਰ। ਜਿਵੇਂ ਸੰਸਕ੍ਰਿਤ ਸ਼ਬਦ 'ਕਟਕ' ਦਾ ਅਖ਼ੀਰਲਾ 'ਕ' ਪ੍ਰਾਕ੍ਰਿਤ ਵਿਚ 'ਅ' ਬਣ ਕੇ ਪੰਜਾਬੀ ਰੂਪ ਵਿਚ 'ਕੜਾ' ਬਣ ਗਿਆ ਹੈ, ਤਿਵੇਂ 'ਮੋਸ਼ਕ' (मोषक) ਤੋਂ (ष) ਦਾ 'ਹ' ਹੋ ਕੇ 'ਮੋਹਾ' ਬਣ ਗਿਆ। ਸਬਦ 'ਮੋਹਾਕਾ' ਦਾ ਅਰਥ ਹੈ "ਭੈੜਾ ਜਿਹਾ ਚੋਰ, ਚੰਦਰਾ ਚੋਰ"। ਘਰੁ ਮੁਹੈ–(ਕਿਸੇ ਦਾ) ਘਰ ਠੱਗੇ। ਘਰੁ ਮੁਹਿ–(ਪਰਾਇਆ) ਘਰ ਠੱਗ ਕੇ। ਪਿਤਰ–ਪਿਉ ਦਾਦਾ ਆਦਿ ਵੱਡੇ ਜੋ ਮਰ ਚੁਕੇ ਹੋਣ। ਵਸਤੁ–ਚੀਜ਼। ਪਿਤਰੀ ਚੋਰ ਕਰੇਇ–(ਇਸ ਤਰ੍ਹਾਂ ਉਹ ਮਨੁੱਖ ਆਪਣੇ) ਪਿਤਰਾਂ ਨੂੰ ਚੋਰ ਬਣਾਂਦਾ ਹੈ। ਵਢੀਅਹਿ–ਵੱਢੇ ਜਾਂਦੇ ਹਨ। ਹਥ ਦਲਾਲ ਕੇ–ਉਸ ਬ੍ਰਾਹਮਣ ਦੇ ਹੱਥ ਜੋ ਲੋਕਾਂ ਦੇ ਪਿਤਰਾਂ ਨੂੰ ਪਦਾਰਥ ਅਪੜਾਣ ਲਈ ਦਲਾਲ (ਵਿਚੋਲਾ) ਬਣਦਾ ਹੈ। ਮੁਸਫੀ ਏਹ ਕਰੇਇ–(ਪ੍ਰਭੂ) ਇਹ ਨਿਆਉਂ ਕਰਦਾ ਹੈ। ਖਟੇ ਘਾਲੇ ਦੇਇ–(ਮਨੁੱਖ) ਖੱਟਦਾ ਹੈ, ਕਮਾਂਦਾ ਹੈ ਤੇ ਹੱਥੋਂ ਦੇਂਦਾ ਹੈ।੧।

ਅਰਥ :–ਜੇ ਕੋਈ ਠੱਗ ਪਰਾਇਆ ਘਰ ਠੱਗੇ, ਪਰਾਏ ਘਰ ਨੂੰ ਠੱਗ ਕੇ (ਉਹ ਪਦਾਰਥ) ਆਪਣੇ ਪਿਤਰਾਂ ਦੇ ਨਮਿਤ ਦੇਵੇ, ਤਾਂ (ਜੇ ਸੱਚ-ਮੁੱਚ ਪਿਛਲਿਆਂ ਦਾ ਦਿਤਾ ਅਪੜਦਾ ਹੀ ਹੈ ਤਾਂ) ਪਰਲੋਕ ਵਿਚ ਉਹ ਪਦਾਰਥ ਸਿਞਾਣਿਆ ਜਾਂਦਾ ਹੈ। ਇਸ ਤਰ੍ਹਾਂ ਉਹ ਮਨੁਖ ਆਪਣੇ ਪਿਤਰਾਂ ਨੂੰ (ਭੀ) ਚੋਰ ਬਣਾਂਦਾ ਹੈ (ਕਿਉਂਕਿ ਉਹਨਾਂ ਪਾਸੋਂ ਚੋਰੀ ਦਾ ਮਾਲ ਨਿਕਲ ਆਉਂਦਾ ਹੈ)। (ਅਗੋਂ) ਪ੍ਰਭੂ ਇਹ ਨਿਆਂ ਕਰਦਾ ਹੈ ਕਿ (ਇਹ ਚੋਰੀ ਦਾ ਮਾਲ ਅਪੜਾਣ ਵਾਲੇ ਬ੍ਰਾਹਮਣ) ਦਲਾਲ ਦੇ ਹੱਥ ਵੱਢੇ ਜਾਂਦੇ ਹਨ। ਹੇ ਨਾਨਕ! (ਕਿਸੇ ਦਾ ਅਪੜਾਇਆ ਹੋਇਆ ਅੱਗੇ ਕੀ ਮਿਲਣਾ ਹੈ?) ਅਗਾਂਹ ਤਾਂ ਮਨੁੱਖ ਨੂੰ ਉਹੀ ਕੁਝ ਮਿਲਦਾ ਹੈ, ਜੋ ਖੱਟਦਾ ਹੈ, ਕਮਾਂਦਾ ਹੈ ਤੇ (ਹੱਥੀਂ) ਦੇਂਦਾ ਹੈ।੧।

ਮ: ੧ ॥

ਜਿਉ ਜੋਰੂ ਸਿਰਨਾਵਣੀ ਆਵੈ ਵਾਰੋ ਵਾਰ ॥
ਜੂਠੇ ਜੂਠਾ ਮੁਖਿ ਵਸੈ ਨਿਤ ਨਿਤ ਹੋਇ ਖੁਆਰੁ ॥
ਸੂਚੇ ਏਹਿ ਨ ਆਖੀਅਹਿ ਬਹਨਿ ਜਿ ਪਿੰਡਾ ਧੋਇ ॥
ਸੂਚੇ ਸੇਈ ਨਾਨਕਾ ਜਿਨ ਮਨਿ ਵਸਿਆ ਸੋਇ ॥੨॥

ਪਦ ਅਰਥ :—ਜੋਰੂ—ਇਸਤ੍ਰੀ । ਸਿਰ-ਨਾਵਣੀ—ਨ੍ਹਾਉਣੀ, ਮਾਹਵਾਰੀ ਖ਼ੂਨ । ਵਾਰੋ ਵਾਰ—ਹਰ ਮਹੀਨੇ, ਸਦਾ । ਜੂਠੇ—ਜੂਠੇ ਮਨੁੱਖ ਦੇ । ਜੂਠਾ—ਝੂਠਾ । ਏਹਿ—ਅਜਿਹੇ ਮਨੁੱਖ । ਸੂਚੇ—ਸੁੱਚੇ, ਪਵਿੱਤਰ । ਆਖੀਅਹਿ—ਆਖੇ ਜਾਂਦੇ ਹਨ । ਜਿ—ਜੋ ਮਨੁੱਖ । ਸੇਈ—ਉਹੀ ਮਨੁੱਖ । ਜਿਨ ਮਨਿ—ਜਿਨ੍ਹਾਂ ਦੇ ਮਨ ਵਿਚ । ਸੋਇ—ਉਹ ਪ੍ਰਭੂ ।੨।

ਅਰਥ :—ਜਿਵੇਂ ਇਸਤ੍ਰੀ ਨੂੰ ਸਦਾ ਹਰ ਮਹੀਨੇ ਨ੍ਹਾਉਣੀ ਆਉਂਦੀ ਹੈ (ਤੇ ਇਹ ਅਪਵਿੱਤਰਤਾ ਸਦਾ ਉਸ ਦੇ ਅੰਦਰੋਂ ਹੀ ਪੈਦਾ ਹੋ ਜਾਂਦੀ ਹੈ), ਤਿਵੇਂ ਝੂਠੇ ਮਨੁੱਖ ਦੇ ਮੂੰਹ ਵਿਚ ਸਦਾ ਝੂਠ ਹੀ ਵੱਸਦਾ ਹੈ ਤੇ ਇਸ ਕਰਕੇ ਉਹ ਸਦਾ ਦੁਖੀ ਹੀ ਰਹਿੰਦਾ ਹੈ । ਅਜਿਹੇ ਮਨੁੱਖ ਸੁੱਚੇ ਨਹੀਂ ਆਖੇ ਜਾਂਦੇ ਜੋ ਨਿਰਾ ਸਰੀਰ ਨੂੰ ਹੀ ਧੋ ਕੇ (ਆਪਣੇ ਵਲੋਂ ਪਵਿੱਤਰ ਬਣ ਕੇ) ਬੈਠ ਜਾਂਦੇ ਹਨ । ਹੇ ਨਾਨਕ ! ਕੇਵਲ ਉਹੀ ਮਨੁੱਖ ਸੁੱਚੇ ਹਨ ਜਿਨ੍ਹਾਂ ਦੇ ਮਨ ਵਿਚ ਪ੍ਰਭੂ ਵੱਸਦਾ ਹੈ ।੨।

ਪਉੜੀ ॥

ਤੁਰੇ ਪਲਾਣੇ ਪਉਣ ਵੇਗ ਹਰ ਰੰਗੀ ਹਰਮ ਸਵਾਰਿਆ ॥
ਕੋਠੇ ਮੰਡਪ ਮਾੜੀਆ ਲਾਇ ਬੈਠੇ ਕਰਿ ਪਾਸਾਰਿਆ ॥
ਚੀਜ ਕਰਨਿ ਮਨਿ ਭਾਵਦੇ ਹਰਿ ਬੁਝਨਿ ਨਾਹੀ ਹਾਰਿਆ ॥ ਕਰਿ ਫੁਰਮਾਇਸਿ ਖਾਇਆ ਵੇਖਿ

ਮਹਲਤਿ ਮਰਣੁ ਵਿਸਾਰਿਆ ॥ ਜਰੁ ਆਈ ਜੋਬਨਿ ਹਾਰਿਆ ॥੧੭॥

ਪਦ ਅਰਥ :–ਤੁਰੇ–ਘੋੜੇ । ਪਲਾਣੇ–ਕਾਠੀਆਂ (ਸਮੇਤ) । ਵੇਗ–ਤ੍ਰਿਖੀ ਚਾਲ । ਹਰ ਰੰਗੀ–ਹਰੇਕ ਰੰਗ ਦੇ । ਹਰਮ–ਮਹਲ । ਸਵਾਰਿਆ–ਸਜਾਏ ਹੋਏ ਹੋਣ । ਮੰਡਪ–ਮਹਲ, ਸ਼ਾਮਿਆਨੇ । ਲਾਇ... ...ਪਾਸਾਰਿਆ–ਲਾਇ ਕਰਿ ਪਾਸਾਰਿਆ ਬੈਠੇ, ਪਸਾਰੇ ਲਾ ਕੇ ਬੈਠੇ ਹੋਣ, ਸਜਾਵਟਾਂ ਸਜਾ ਕੇ ਬੈਠੇ ਹੋਏ ਹੋਣ । ਚੀਜ–ਚੋਜ, ਕੌਤਕ, ਤਮਾਸ਼ੇ । ਮਨਿ ਭਾਵਦੇ ਚੀਜ–ਮਨ-ਭਾਉਂਦੇ ਕੌਤਕ, ਮਨ-ਮੰਨੀਆਂ ਰੰਗ-ਰਲੀਆਂ । ਹਾਰਿਆ–(ਉਹ ਮਨੁਖ ਆਪਣਾ ਜਨਮ) ਹਾਰ ਜਾਂਦੇ ਹਨ । ਫੁਰਮਾਇਸਿ-ਹੁਕਮ । ਜਰੁ–ਬੁਢੇਪਾ । ਜੋਬਨ ਹਾਰਿਆ–ਜੋਬਨ ਦੇ ਠੱਗੇ ਹੋਇਆਂ ਨੂੰ ।੧੭।

ਅਰਥ :–ਜਿਨ੍ਹਾਂ ਪਾਸ ਕਾਠੀਆਂ ਸਮੇਤ, (ਭਾਵ, ਸਦਾ ਤਿਆਰ-ਬਰ-ਤਿਆਰ) ਘੋੜੇ ਹਵਾ ਵਰਗੀ ਤਿੱਖੀ ਚਾਲ ਵਾਲੇ ਹੁੰਦੇ ਹਨ, ਜੋ ਆਪਣੇ ਹਰਮਾਂ ਨੂੰ ਕਈ ਰੰਗਾਂ ਨਾਲ ਸਜਾਂਦੇ ਹਨ, ਜੋ ਮਨੁਖ ਕੋਠੇ ਮਹਲ ਮਾੜੀਆਂ ਆਦਿਕ ਪਸਾਰੇ ਪਸਾਰ ਕੇ (ਅਹੰਕਾਰੀ ਹੋਇ) ਬੈਠੇ ਹਨ, ਜੋ ਮਨੁਖ ਮਨ-ਮੰਨੀਆਂ ਰੰਗ-ਰਲੀਆਂ ਮਾਣਦੇ ਹਨ, ਪਰ ਪ੍ਰਭੂ ਨੂੰ ਨਹੀਂ ਪਛਾਣਦੇ, ਉਹ ਆਪਣਾ ਮਨੁਖਾ-ਜਨਮ ਹਾਰ ਬੈਠਦੇ ਹਨ । ਜੋ ਮਨੁਖ (ਗ਼ਰੀਬਾਂ ਉੱਤੇ) ਹੁਕਮ ਕਰ ਕਰ ਕੇ (ਪਦਾਰਥ) ਖਾਂਦੇ ਹਨ (ਭਾਵ, ਮੌਜਾਂ ਮਾਣਦੇ ਹਨ) ਅਤੇ ਆਪਣੇ ਮਹਲਾਂ ਨੂੰ ਤਕ ਕੇ ਆਪਣੀ ਮੌਤ ਨੂੰ ਭੁਲਾ ਦੇਂਦੇ ਹਨ, ਉਹਨਾਂ ਜੁਆਨੀ ਦੇ ਠੱਗਿਆਂ ਨੂੰ (ਭਾਵ, ਜੁਆਨੀ ਦੇ ਨਸ਼ੇ ਵਿਚ ਮਸਤ ਪਏ ਹੋਏ ਮਨੁਖਾਂ ਨੂੰ) ਗ਼ਫ਼ਲਤ ਵਿਚ ਹੀ ਬੁਢੇਪਾ ਆ ਦਬਾਂਦਾ ਹੈ ।੧੭।

ਸਲੋਕੁ ਮ: ੧ ॥

ਜੇਕਰਿ ਸੂਤਕੁ ਮੰਨੀਐ ਸਭ ਤੈ ਸੂਤਕੁ ਹੋਇ ॥ ਗੋਹੇ ਅਤੈ ਲਕੜੀ ਅੰਦਰਿ ਕੀੜਾ ਹੋਇ ॥ ਜੇਤੇ ਦਾਣੇ ਅੰਨ ਕੇ ਜੀਆ ਬਾਝੁ ਨ ਕੋਇ ॥ ਪਹਿਲਾ ਪਾਣੀ ਜੀਉ ਹੈ ਜਿਤੁ ਹਰਿਆ ਸਭੁ ਕੋਇ ॥ ਸੂਤਕੁ ਕਿਉਕਰਿ ਰਖੀਐ ਸੂਤਕੁ ਪਵੈ ਰਸੋਇ ॥ ਨਾਨਕ ਸੂਤਕੁ ਏਵ ਨ ਉਤਰੈ ਗਿਆਨੁ ਉਤਾਰੇ ਧੋਇ ॥੧॥

ਪਦ ਅਰਥ :—ਸਭ ਤੈ—ਸਭ ਥਾਈਂ। ਜੀਆ ਬਾਝੁ—ਜੀਆਂ ਤੋਂ ਬਿਨਾ। ਪਹਿਲਾ ਪਾਣੀ—ਸਭ ਤੋਂ ਪਹਿਲਾਂ ਪਾਣੀ, ਪਾਣੀ ਆਪ ਭੀ। ਜਿਤੁ—ਜਿਸ ਨਾਲ। ਸਭੁ ਕੋਇ—ਹਰੇਕ ਜੀਵ। ਹਰਿਆ—ਹਰਾ, ਜਿੰਦ ਵਾਲਾ। ਏਵ—ਇਸ ਤਰ੍ਹਾਂ। ਉਤਾਰੇ ਧੋਇ—ਧੋ ਕੇ ਲਹ ਦੇਂਦਾ ਹੈ।੧।

ਅਰਥ :—ਜੇ ਸੂਤਕ ਨੂੰ ਮੰਨ ਲਈਏ (ਭਾਵ, ਜੇ ਇਹ ਮੰਨ ਲਈਏ ਕਿ ਸੂਤਕ ਦਾ ਭਰਮ ਰੱਖਣਾ ਚਾਹੀਦਾ ਹੈ, ਤਾਂ ਇਹ ਭੀ ਚੇਤਾ ਰਖੋ ਕਿ ਇਸ ਤਰ੍ਹਾਂ) ਸੂਤਕ ਸਭ ਥਾਈਂ ਹੁੰਦਾ ਹੈ; ਗੋਹੇ ਅਤੇ ਲਕੜੀ ਦੇ ਅੰਦਰ ਭੀ ਕੀੜੇ ਹੁੰਦੇ ਹਨ (ਭਾਵ, ਜੰਮਦੇ ਰਹਿੰਦੇ ਹਨ); ਅੰਨ ਦੇ ਜਿਤਨੇ ਭੀ ਦਾਣੇ ਹਨ, ਇਹਨਾਂ ਵਿਚੋਂ ਕੋਈ ਦਾਣਾ ਭੀ ਜੀਵ ਤੋਂ ਬਿਨਾ ਨਹੀਂ ਹੈ। ਪਾਣੀ ਆਪ ਭੀ ਜੀਵ ਹੀ ਹੈ, ਕਿਉਂਕਿ ਇਸ ਨਾਲ ਹਰੇਕ ਜੀਵ ਹਰਾ (ਭਾਵ, ਜਿੰਦ ਵਾਲਾ) ਹੁੰਦਾ ਹੈ। ਸੂਤਕ ਕਿਵੇਂ ਰੱਖਿਆ ਜਾ ਸਕਦਾ ਹੈ ? (ਭਾਵ, ਸੂਤਕ ਦਾ ਭਰਮ ਪੂਰੇ ਤੌਰ ਤੇ ਮੰਨਣਾ ਬੜਾ ਹੀ ਕਠਨ ਹੈ, ਕਿਉਂਕਿ ਇਸ ਤਰ੍ਹਾਂ ਤਾਂ ਹਰ ਵੇਲੇ ਹੀ) ਰਸੋਈ ਵਿਚ ਸੂਤਕ ਪਿਆ ਰਹਿੰਦਾ ਹੈ। ਹੇ ਨਾਨਕ ! ਇਸ ਤਰ੍ਹਾਂ (ਭਾਵ, ਭਰਮਾਂ ਵਿਚ ਪਿਆਂ) ਸੂਤਕ (ਮਨ ਤੋਂ) ਨਹੀਂ ਉਤਰਦਾ, ਇਸ ਨੂੰ (ਪ੍ਰਭੂ ਦਾ) ਗਿਆਨ ਹੀ ਧੋ ਕੇ ਲਾਹ ਸਕਦਾ ਹੈ।੧।

ਮਨ ਕਾ ਸੂਤਕੁ ਲੋਭੁ ਹੈ ਜਿਹਵਾ ਸੂਤਕੁ ਕੂੜੁ ॥
ਅਖੀ ਸੂਤਕੁ ਵੇਖਣਾ ਪਰ ਤ੍ਰਿਅ ਪਰ ਧਨ ਰੂਪੁ ॥
ਕੰਨੀ ਸੂਤਕੁ ਕੰਨਿ ਪੈ ਲਾਇਤਬਾਰੀ ਖਾਹਿ ॥
ਨਾਨਕ ਹੰਸਾ ਆਦਮੀ ਬਧੇ ਜਮਪੁਰਿ ਜਾਹਿ ॥੨॥

ਪਦ ਅਰਥ :–ਕੂੜੁ–ਝੂਠ (ਬੋਲਣਾ) । ਪਰ ਤ੍ਰਿਆ ਰੂਪ–ਪਰਾਈ ਇਸਤ੍ਰੀ ਦਾ ਰੂਪ । ਕੰਨਿ–ਕੰਨ ਨਾਲ । ਲਾਇਤਬਾਰੀ–ਚੁਗਲੀ । ਪੈ ਖਾਹਿ–ਪਏ ਖਾਹਿ, ਪਏ ਖਾਂਦੇ ਹਨ, ਬੇਪਰਵਾਹ ਹੋ ਕੇ (ਚੁਗਲੀ) ਸੁਣਦੇ ਹਨ । ਹੰਸਾ ਆਦਮੀ–(ਵੇਖਣ ਨੂੰ) ਹੰਸਾਂ ਵਰਗੇ ਮਨੁਖ, ਬਾਹਰੋਂ ਸਾਫ਼ ਸੁਥਰੇ ਮਨੁਖ । ਜਮ ਪੁਰਿ–ਜਮਰਾਜ ਦੀ ਪੁਰੀ ਵਿਚ, ਨਰਕ ਵਿਚ ।੨।

ਅਰਥ :–ਮਨ ਦਾ ਸੂਤਕ ਲੋਭ ਹੈ (ਭਾਵ, ਜਿਨ੍ਹਾਂ ਮਨੁੱਖਾਂ ਦੇ ਮਨ ਨੂੰ ਲੋਭ-ਰੂਪੀ ਸੂਤਕ ਚੰਬੜਿਆ ਹੈ); ਜੀਭ ਦਾ ਸੂਤਕ ਝੂਠ ਬੋਲਣਾ ਹੈ, (ਭਾਵ, ਜਿਨ੍ਹਾਂ ਮਨੁੱਖਾਂ ਦੀ ਜੀਭ ਨੂੰ ਝੂਠ ਰੂਪ ਸੂਤਕ ਹੈ); ਜਿਨ੍ਹਾਂ ਮਨੁੱਖਾਂ ਦੀਆਂ) ਅੱਖਾਂ ਨੂੰ ਪਰਾਇਆ ਧਨ ਅਤੇ ਪਰਾਈਆਂ ਇਸਤ੍ਰੀਆਂ ਦਾ ਰੂਪ ਤੱਕਣ ਦਾ ਸੂਤਕ (ਚੰਬੜਿਆ ਹੋਇਆ ਹੈ); ਜਿਨ੍ਹਾਂ ਮਨੁੱਖਾਂ ਦੇ) ਕੰਨਾਂ ਵਿਚ ਭੀ ਸੂਤਕ ਹੈ ਕਿ ਕੰਨ ਨਾਲ ਬੇਫ਼ਿਕਰ ਹੋ ਕੇ ਚੁਗਲੀ ਸੁਣਦੇ ਹਨ, ਹੇ ਨਾਨਕ ! (ਇਹੋ ਜਿਹੇ) ਮਨੁੱਖ (ਵੇਖਣ ਨੂੰ ਭਾਵੇਂ) ਹੰਸਾਂ ਵਰਗੇ (ਸੋਹਣੇ) ਹੋਣ, (ਤਾਂ ਭੀ ਉਹ) ਬੱਧੇ ਹੋਏ, ਨਰਕ ਵਿਚ ਜਾਂਦੇ ਹਨ ।੨।

ਮ: ੧ ॥

ਸਭੋ ਸੂਤਕੁ ਭਰਮੁ ਹੈ ਦੂਜੈ ਲਗੈ ਜਾਇ ॥ ਜੰਮਣੁ ਮਰਣਾ ਹੁਕਮੁ ਹੈ ਭਾਣੈ ਆਵੈ ਜਾਇ ॥ ਖਾਣਾ

ਪੀਣਾ ਪਵਿਤ੍ਰੁ ਹੈ ਦਿਤੋਨੁ ਰਿਜਕੁ ਸੰਬਾਹਿ ॥ ਨਾਨਕ ਜਿਨੀ੍ ਗੁਰਮੁਖਿ ਬੁਝਿਆ ਤਿਨਾ੍ ਸੂਤਕੁ ਨਾਹਿ ॥੩॥

ਪਦ ਅਰਥ :–ਸਭੋ–ਉੱਕਾ ਹੀ, ਨਿਰਾ ਪੂਰਾ। ਦੂਜੈ–ਮਾਇਆ ਵਿਚ। ਦੂਜੈ ਜਾਇ–ਮਾਇਆ ਵਿਚ ਫਸਿਆਂ। ਦਿਤੋਨੁ–ਪ੍ਰਭੂ ਨੇ ਜੀਵਾਂ ਨੂੰ ਦਿਤਾ ਹੈ। ਸੰਬਾਹਿ–ਇਕੱਠਾ ਕਰ ਕੇ।੩।

ਅਰਥ :–ਸੂਤਕ ਨਿਰਾ ਭਰਮ ਹੀ ਹੈ, ਇਹ (ਸੂਤਕ ਰੂਪ ਭਰਮ) ਮਾਇਆ ਵਿਚ ਫਸਿਆਂ (ਮਨੁੱਖਾਂ ਨੂੰ) ਆ ਲਗਦਾ ਹੈ। (ਉਂਞ ਤਾਂ) ਜੀਵਾਂ ਦਾ ਜੰਮਣਾ ਤੇ ਮਰਨਾ ਪ੍ਰਭੂ ਦਾ ਹੁਕਮ ਹੈ, ਪ੍ਰਭੂ ਦੀ ਰਜ਼ਾ ਵਿਚ ਹੀ ਜੀਵ ਜੰਮਦਾ ਤੇ ਮਰਦਾ ਹੈ। (ਪਦਾਰਥਾਂ ਦਾ) ਖਾਣਾ ਪੀਣਾ ਵੀ ਪਵਿੱਤਰ ਹੈ (ਭਾਵ, ਮਾੜਾ ਨਹੀਂ, ਕਿਉਂਕਿ) ਪ੍ਰਭੂ ਨੇ ਆਪ ਇਕੱਠਾ ਕਰ ਕੇ ਰਿਜਕ ਜੀਵਾਂ ਨੂੰ ਦਿਤਾ ਹੈ। ਹੇ ਨਾਨਕ! ਜਿਨ੍ਹਾਂ ਗੁਰਮੁਖਾਂ ਨੇ ਇਹ ਗੱਲ ਸਮਝ ਲਈ ਹੈ, ਉਹਨਾਂ ਨੂੰ ਸੂਤਕ ਨਹੀਂ ਲਗਦਾ।੩।

ਪਉੜੀ ॥

ਸਤਿਗੁਰੁ ਵਡਾ ਕਰਿ ਸਾਲਾਹੀਐ ਜਿਸੁ ਵਿਚਿ ਵਡੀਆ ਵਡਿਆਈਆ ॥ ਸਹਿ ਮੇਲੇ ਤਾ ਨਦਰੀ ਆਈਆ ॥ ਜਾ ਤਿਸੁ ਭਾਣਾ ਤਾ ਮਨਿ ਵਸਾਈਆ ॥ ਕਰਿ ਹੁਕਮੁ ਮਸਤਕਿ ਹਥੁ ਧਰਿ, ਵਿਚਹੁ ਮਾਰਿ ਕਢੀਆ ਬੁਰਿਆਈਆ ॥ ਸਹਿ ਤੁਠੈ ਨਉਨਿਧਿ ਪਾਈਆ ॥੧੯॥

ਪਦ ਅਰਥ :–ਵਡਾ ਕਰਿ ਸਾਲਾਹੀਐ–ਗੁਣ ਗਾਵੀਏ ਤੇ ਆਖੀਏ ਕਿ ਗੁਰੂ ਵੱਡਾ ਹੈ। ਜਿਸ ਵਿਚਿ–ਜਿਸ ਗੁਰੂ ਵਿਚ। ਵਡੀਆਂ ਵਡਿਆਈਆਂ–ਬੜੇ ਉੱਚੇ ਗੁਣ। ਸਹਿ–ਪਤੀ ਪ੍ਰਭੂ ਨੇ, ਸਹੁ ਨੇ। ਮੇਲੇ–ਮਿਲਾਏ ਹਨ (ਗੁਰੂ ਨਾਲ ਜੋ ਮਨੁੱਖ)। ਨਦਰੀ ਆਈਆ–(ਉਹਨਾਂ ਮਨੁੱਖਾਂ ਨੂੰ ਗੁਰੂ ਦੀਆਂ ਵਡਿਆਈਆਂ) ਦਿਸਦੀਆਂ ਹਨ। ਮਸਤਕਿ–

(ਜੀਵ ਦੇ) ਮੱਥੇ ਉੱਤੇ। ਵਿਚਹੁ–(ਜੀਵ ਦੇ ਮਨ) ਵਿਚੋਂ। ਸਹਿ ਤੁਠੈ–ਜੇ ਸ਼ਹੁ (ਪਤੀ ਪ੍ਰਭੂ) ਤ੍ਰੁੱਠ ਪਏ। ਨਉ ਨਿਧਿ–ਨੌ-ਖ਼ਜ਼ਾਨੇ; ਭਾਵ, ਸੰਸਾਰ ਦੇ ਸਾਰੇ ਪਦਾਰਥ। –ਪੁਰਾਤਨ ਸੰਸਕ੍ਰਿਤ ਪੁਸਤਕਾਂ ਵਿਚ 'ਕੁਬੇਰ' ਦੇ ਨੌਂ ਖ਼ਜ਼ਾਨੇ ਮੰਨੇ ਗਏ ਹਨ, ਜੋ ਇਹ ਹਨ :–

महापद्मश्च पद्मश्च, शखो मकर कच्छपौ ॥
मुकुन्द कुन्दनीलाश्च खर्वश्चनिधयो नव ॥

ਇਹ 'ਕੁਬੇਰ' ਧਨ ਦਾ ਦੇਵਤਾ ਅਤੇ ਉਤਰ ਦਿਸ਼ਾ ਦਾ ਮਾਲਕ ਗਿਣਿਆ ਗਿਆ ਹੈ। ਜੱਖ ਅਤੇ ਕਿੰਨਰਾ ਦਾ ਰਾਜਾ ਭੀ ਇਹੀ ਹੈ। ਇਸ ਦਾ ਟਿਕਾਣਾ ਕੈਲਾਸ਼ ਪਰਬਤ ਉੱਤੇ ਹੈ। ਇਸ ਦਾ ਸਰੀਰ ਕੋਝਾ ਦਸਿਆ ਗਿਆ ਹੈ : ਤਿੰਨ ਲੱਤਾਂ, ਅੱਠ ਦੰਦ ਅਤੇ ਇਕ ਅੱਖ ਦੇ ਥਾਂ ਇਕ ਪੀਲਾ ਜਿਹਾ ਨਿਸ਼ਾਨ। ਸ਼ਬਦ 'ਕੁਬੇਰ' ਦੇ ਅੱਖਰੀ ਅਰਥ ਭੀ ਇਹੀ ਹਨ–'ਉਹ ਜਿਸ ਦਾ ਸਰੀਰ ਕੋਝਾ ਹੈ।' कुत्सितं बेरं शरीरं यस्य ॥

ਪਾਈਆ–(ਖ਼ਜ਼ਾਨੇ) ਮਿਲ ਪੈਂਦੇ ਹਨ।੧੯।

ਅਰਥ :–ਸਤਿਗੁਰੂ ਦੇ ਗੁਣ ਗਾਉਣੇ ਚਾਹੀਦੇ ਹਨ ਤੇ ਆਖਣਾ ਚਾਹੀਦਾ ਹੈ ਕਿ ਗੁਰੂ ਬਹੁਤ ਵੱਡਾ ਹੈ, ਕਿਉਂਕਿ ਗੁਰੂ ਵਿਚ ਵਡੇ ਗੁਣ ਹਨ। ਜਿਨ੍ਹਾਂ ਮਨੁਖਾਂ ਨੂੰ ਪ੍ਰਭੂ-ਪਤੀ ਨੇ (ਗੁਰੂ ਨਾਲ) ਮਿਲਾਇਆ ਹੈ, ਉਹਨਾਂ ਨੂੰ ਉਹ ਗੁਣ ਅੱਖੀਂ ਦਿਸਦੇ ਹਨ, ਅਤੇ ਜੇ ਪ੍ਰਭੂ ਨੂੰ ਭਾਵੇ ਤਾਂ ਉਹਨਾਂ ਦੇ ਮਨ ਵਿਚ ਭੀ ਉਹ ਗੁਣ ਵੱਸ ਪੈਂਦੇ ਹਨ। ਪ੍ਰਭੂ ਆਪਣੇ ਹੁਕਮ ਅਨੁਸਾਰ ਉਹਨਾਂ ਮਨੁੱਖਾਂ ਦੇ ਮੱਥੇ ਤੇ ਹੱਥ ਰੱਖ ਕੇ ਉਹਨਾਂ ਦੇ ਮਨ ਵਿਚੋਂ ਬੁਰਿਆਈਆਂ ਮਾਰ ਕੇ ਕੱਢ ਦੇਂਦਾ ਹੈ। ਜੇ ਪਤੀ-ਪ੍ਰਭੂ ਪ੍ਰਸੰਨ ਹੋ ਪਏ, ਤਾਂ ਮਾਨੋ ਸਾਰੇ ਪਦਾਰਥ ਮਿਲ ਪੈਂਦੇ ਹਨ।੧੯।

ਸਲੋਕੁ ਮ: ੧ ॥

ਪਹਿਲਾ ਸੁਚਾ ਆਪਿ ਹੋਇ ਸੁਚੈ ਬੈਠਾ ਆਇ ॥
ਸੁਚੇ ਅਗੈ ਰਖਿਓਨੁ ਕੋਇ ਨ ਭਿਟਿਓ ਜਾਇ ॥

ਸੁਚਾ ਹੋਇ ਕੈ ਜੇਵਿਆ ਲਗਾ ਪੜਣਿ ਸਲੋਕੁ ॥
ਕੁਹਥੀ ਜਾਈ ਸਟਿਆ ਕਿਸੁ ਏਹੁ ਲਗਾ ਦੋਖੁ ॥ ਅੰਨੁ
ਦੇਵਤਾ ਪਾਣੀ ਦੇਵਤਾ ਬੈਸੰਤਰੁ ਦੇਵਤਾ ਲੂਣੁ ॥ ਪੰਜਵਾ
ਪਾਇਆ ਘਿਰਤੁ ॥ ਤਾ ਹੋਆ ਪਾਕੁ ਪਵਿਤੁ ॥ ਪਾਪੀ
ਸਿਉ ਤਨੁ ਗਡਿਆ ਥੁਕਾ ਪਈਆ ਤਿਤੁ ॥ ਜਿਤੁ
ਮੁਖਿ ਨਾਮੁ ਨ ਊਚਰਹਿ ਬਿਨੁ ਨਾਵੈ ਰਸ ਖਾਹਿ ॥
ਨਾਨਕ ਏਵੈ ਜਾਣੀਐ ਤਿਤੁ ਮੁਖਿ ਥੁਕਾ ਪਾਹਿ ॥੧॥

ਪਦ ਅਰਥ :-ਸੁਚੈ-ਸੁੱਚੇ ਚੌਕੇ ਵਿਚ। ਕੋਇ...ਜਾਇ-(ਜਿਸ ਭੋਜਨ ਨੂੰ) ਕਿਸੇ ਮਨੁੱਖ ਨੇ ਜਾ ਕੇ ਅਜੇ ਭਿੱਟਿਆ ਨਹੀਂ। ਸੁਚੇ ਅਗੇ ਰਖਿਓਨੁ-(ਉਹ ਭੋਜਨ) ਇਸ (ਨ੍ਹਾ-ਧੋ ਕੇ ਆਏ ਹੋਏ ਮਨੁੱਖ) ਦੇ ਅਗੇ (ਕਿਸੇ ਨੇ) ਰੱਖ ਦਿਤਾ। ਜੇਵਿਆ-ਖਾਧਾ। ਲਗਾ ਪੜਣਿ-ਪੜ੍ਹਨ ਲੱਗ ਪੈਂਦਾ ਹੈ। ਕੁਹਥੀ ਜਾਈ-ਕੁ-ਥਾਂ, ਗੰਦੇ ਥਾਂ ਵਿਚ। ਪਾਕੁ-ਪਵਿੱਤਰ। ਤਨੁ-(ਉਹਨਾਂ ਦੇਵਤਿਆਂ ਦਾ) ਸਰੀਰ। ਗਡਿਆ-ਰਲਾਇਆ। ਤਿਤੁ-ਉਸ ਉੱਤੇ। ਜਿਤੁ ਮੁਖਿ-ਜਿਸ ਮੂੰਹ ਨਾਲ। ਰਸ ਖਾਹਿ-ਸੁਆਦਲੇ ਪਦਾਰਥ ਖਾਂਦੇ ਹਨ। ਏਵੈ-ਏਸੇ ਤਰ੍ਹਾਂ (ਜਿਵੇਂ ਉਪਰ-ਲਿਖੇ ਪਵਿੱਤਰ ਪਦਾਰਥਾਂ ਉੱਥੇ ਥੁੱਕਾਂ ਪੈਂਦੀਆਂ ਹਨ)।੧।

(ਨੋਟ-ਭੂਤ-ਕਾਲ ਦਾ ਅਰਥ ਵਰਤਮਾਨ ਕਾਲ ਵਿਚ ਕਰਨਾ ਹੈ।)

ਅਰਥ :-ਸਭ ਤੋਂ ਪਹਿਲਾਂ (ਬ੍ਰਾਹਮਣ ਨ੍ਹਾ-ਧੋ ਕੇ ਤੇ) ਸੁੱਚਾ ਹੋ, ਸੁੱਚੇ ਚੌਕੇ ਉੱਤੇ ਆ ਬੈਠਦਾ ਹੈ, ਉਸ ਦੇ ਅੱਗੇ (ਜਜਮਾਨ) ਉਹ ਭੋਜਨ ਲਿਆ ਰਖਦਾ ਹੈ ਜਿਸ ਨੂੰ ਅਜੇ ਕਿਸੇ ਹੋਰ ਨੇ ਭਿੱਟਿਆ ਨਹੀਂ ਸੀ। (ਬ੍ਰਾਹਮਣ) ਸੁੱਚਾ ਹੋ ਕੇ ਉਸ (ਸੁੱਚੇ) ਭੋਜਨ ਨੂੰ ਖਾਂਦਾ ਹੈ, ਤੇ (ਖਾ ਕੇ) ਸਲੋਕ ਪੜ੍ਹਨ ਲਗ ਪੈਂਦਾ ਹੈ, (ਪਰ ਇਸ ਪਵਿੱਤਰ ਭੋਜਨ ਨੂੰ) ਗੰਦੇ ਥਾਂ (ਭਾਵ, ਢਿੱਡ ਵਿਚ) ਪਾ ਲੈਂਦਾ ਹੈ। (ਉਸ ਪਵਿਤਰ ਭੋਜਨ ਨੂੰ) (ਗੰਦੇ ਥਾਂ ਸੁਟਣ ਦਾ) ਦੋਸ਼ ਕਿਸ ਤੇ ਆਇਆ ? ਅੰਨ ਪਾਣੀ ਅੱਗ ਤੇ

ਲੂਣ–ਚਾਰੇ ਹੀ ਦੇਵਤਾ ਹਨ। (ਭਾਵ, ਪਵਿੱਤਰ ਪਦਾਰਥ ਹਨ), ਪੰਜਵਾਂ ਘਿਉ ਭੀ ਪਵਿੱਤਰ ਹੈ, ਜੋ ਇਹਨਾਂ ਚੌਹਾਂ ਵਿਚ ਪਾਈਦਾ ਹੈ। ਤਾਂ (ਭਾਵ, ਇਹਨਾਂ ਪੰਜਾਂ ਨੂੰ ਰਲਾਇਆਂ) ਬੜਾ ਪਵਿੱਤਰ ਭੋਜਨ ਤਿਆਰ ਹੁੰਦਾ ਹੈ। ਪਰ ਦੇਵਤਿਆਂ ਦੇ ਇਸ ਸਰੀਰ ਨੂੰ (ਭਾਵ, ਇਸ ਪਵਿੱਤਰ ਭੋਜਨ ਨੂੰ) ਪਾਪੀ (ਮਨੁੱਖ ਦੀ ਸੰਗਤ ਹੁੰਦੀ ਹੈ, ਜਿਸ ਕਰਕੇ ਉਸ ਉੱਤੇ ਥੁੱਕਾਂ ਪੈਂਦੀਆਂ ਹਨ। ਹੇ ਨਾਨਕ! ਇਸੇ ਤਰ੍ਹਾਂ ਸਮਝ ਲੈਣਾ ਚਾਹੀਦਾ ਹੈ ਕਿ ਜਿਸ ਮੂੰਹ ਨਾਲ ਮਨੁੱਖ ਨਾਮ ਨਹੀਂ ਸਿਮਰਦੇ, ਤੇ ਨਾਮ ਸਿਮਰਨ ਤੋਂ ਬਿਨਾ ਸੁਆਦਲੇ ਪਦਾਰਥ ਖਾਂਦੇ ਹਨ, ਉਸ ਮੂੰਹ ਉੱਤੇ (ਭੀ) ਫਿਟਕਾਰਾਂ ਪੈਂਦੀਆਂ ਹਨ।੧।

ਮ: ੧ ॥

ਭੰਡਿ ਜੰਮੀਐ ਭੰਡਿ ਨਿੰਮੀਐ ਭੰਡਿ ਮੰਗਣੁ ਵੀਆਹੁ ॥ ਭੰਡਹੁ ਹੋਵੈ ਦੋਸਤੀ ਭੰਡਹੁ ਚਲੈ ਰਾਹੁ ॥ ਭੰਡੁ ਮੁਆ ਭੰਡੁ ਭਾਲੀਐ ਭੰਡਿ ਹੋਵੈ ਬੰਧਾਨੁ ॥ ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ ॥ ਭੰਡਹੁ ਹੀ ਭੰਡੁ ਊਪਜੈ ਭੰਡੈ ਬਾਝੁ ਨ ਕੋਇ ॥ ਨਾਨਕ ਭੰਡੈ ਬਾਹਰਾ ਏਕੋ ਸਚਾ ਸੋਇ ॥ ਜਿਤੁ ਮੁਖਿ ਸਦਾ ਸਾਲਾਹੀਐ ਭਾਗਾ ਰਤੀ ਚਾਰਿ ॥ ਨਾਨਕ ਤੇ ਮੁਖ ਊਜਲੇ ਤਿਤੁ ਸਚੈ ਦਰਬਾਰਿ ॥੨॥

ਪਦ ਅਰਥ:–ਭੰਡੁ–ਇਸਤ੍ਰੀ। ਭੰਡਿ–ਇਸਤ੍ਰੀ ਤੋਂ। ਜੰਮੀਐ–ਜੰਮੀਦਾ ਹੈ, ਪੈਦਾ ਹੋਈਦਾ ਹੈ। ਨਿੰਮੀਐ–ਨਿੰਮੀਦਾ ਹੈ,ਪ੍ਰਾਣੀ ਦਾ ਸਰੀਰ ਬਣਦਾ ਹੈ। ਮੰਗਣੁ–ਕੁੜਮਾਈ। ਭੰਡਹੁ–ਇਸਤ੍ਰੀ ਦੀ ਰਾਹੀਂ। ਰਾਹੁ–ਸੰਸਾਰ ਦੀ ਉਤਪਤੀ ਦਾ ਰਸਤਾ। ਭਾਲੀਐ–ਲੱਭੀਦਾ ਹੈ, ਹੋਰ ਇਸਤ੍ਰੀ ਦੀ ਭਾਲ ਕਰੀਦੀ ਹੈ। ਬੰਧਾਨੁ–ਰਿਸ਼ਤੇਦਾਰੀ। ਜਿਤੁ–ਜਿਸ ਇਸਤ੍ਰੀ ਤੋਂ। ਭੰਡਹੁ ਹੀ ਭੰਡੁ–ਇਸਤ੍ਰੀ ਤੋਂ ਇਸਤ੍ਰੀ। ਸਾਲਾਹੀਐ–ਪ੍ਰਭੂ ਦੀ ਸਿਫਤ-ਸਾਲਾਹ ਕਰੀਏ। ਭਾਗਾ ਰਤੀ ਚਾਰਿ–ਭਾਗਾਂ ਦੀਆਂ ਚਾਰ

ਰੱਤੀਆਂ, ਭਾਗਾਂ ਦੀ ਮਣੀ, ਭਾਵ, ਚੰਗੇ ਭਾਗਾਂ ਦੇ ਕਾਰਨ ਉਹ ਮੁਖ ਸੋਹਣਾ ਲਗਦਾ ਹੈ ।੨।

ਅਰਥ :—ਇਸਤ੍ਰੀ ਤੋਂ ਜਨਮ ਲਈਦਾ ਹੈ, ਇਸਤ੍ਰੀ (ਦੇ ਪੇਟ) ਵਿਚ ਹੀ ਪ੍ਰਾਣੀ ਦਾ ਸਰੀਰ ਬਣਦਾ ਹੈ। ਇਸਤ੍ਰੀ ਦੀ (ਹੀ) ਰਾਹੀਂ ਕੁੜਮਾਈ ਤੇ ਵਿਆਹ ਹੁੰਦਾ ਹੈ। ਇਸਤ੍ਰੀ ਦੀ ਰਾਹੀਂ (ਹੋਰ ਲੋਕਾਂ ਨਾਲ) ਸੰਬੰਧ ਬਣਦਾ ਹੈ, ਤੇ ਇਸਤ੍ਰੀ ਤੋਂ ਹੀ (ਜਗਤ ਦੀਉਤਪੱਤੀ ਦਾ) ਰਸਤਾ ਚਲਦਾ ਹੈ। ਜੇ ਇਸਤ੍ਰੀ ਮਰ ਜਾਏ ਤਾਂ ਹੋਰ ਇਸਤ੍ਰੀ ਦੀ ਭਾਲ ਕਰੀਦੀ ਹੈ। ਇਸਤ੍ਰੀ ਤੋਂ ਹੀ (ਹੋਰਨਾਂ ਨਾਲ) ਰਿਸ਼ਤੇਦਾਰੀ ਬਣਦੀ ਹੈ। ਇਸ ਇਸਤ੍ਰੀ (ਜਾਤੀ) ਤੋਂ ਰਾਜੇ (ਭੀ) ਜੰਮਦੇ ਹਨ, ਉਸ ਨੂੰ ਮੰਦਾ ਆਖਣਾ ਠੀਕ ਨਹੀਂ। ਇਸਤ੍ਰੀ ਤੋਂ ਹੀ ਇਸਤ੍ਰੀ ਪੈਦਾ ਹੁੰਦੀ ਹੈ, (ਜਗਤ ਵਿਚ) ਕੋਈ ਜੀਵ, ਇਸਤ੍ਰੀ ਤੋਂ ਬਿਨਾ ਪੈਦਾ ਨਹੀਂ ਹੋ ਸਕਦਾ। ਹੇ ਨਾਨਕ! ਕੇਵਲ ਇਕ ਸੱਚਾ ਪ੍ਰਭੂ ਹੀ ਹੈ, ਜੋ ਇਸਤ੍ਰੀ ਤੋਂ ਨਹੀਂ ਜੰਮਿਆ। (ਭਾਵੇਂ ਮਨੁੱਖ ਹੋਵੇ ਭਾਵੇਂ ਇਸਤ੍ਰੀ, ਜੋ ਭੀ) ਆਪਣੇ ਮੂੰਹ ਨਾਲ, ਸਦਾ ਪ੍ਰਭੂ ਦੇ ਗੁਣ ਗਾਉਂਦਾ ਹੈ ਉਸ ਦੇ ਮੱਥੇ ਉਤੇ ਭਾਗਾਂ ਦੀ ਮਣੀ ਹੈ, ਭਾਵ, ਉਹ ਮੱਥਾ ਭਾਗਾਂ ਵਾਲਾ ਹੈ! ਹੇ ਨਾਨਕ! ਉਹੀ ਮੁਖ ਉਸ ਸੱਚੇ ਪ੍ਰਭੂ ਦੇ ਦਰਬਾਰ ਵਿਚ ਸੋਹਣੇ ਲਗਦੇ ਹਨ ।੨।

ਨੋਟ—ਲਫ਼ਜ਼ 'ਭੰਡ' ਵਿਆਕਰਣ ਅਨੁਸਾਰ ਪੁਲਿੰਗ ਹੈ। ਵੇਖੋ 'ਗੁਰਬਾਣੀ ਵਿਆਕਰਣ'।

ਪਉੜੀ ॥

ਸਭੁ ਕੋ ਆਖੈ ਆਪਣਾ ਜਿਸੁ ਨਾਹੀ ਸੋ ਚੁਣਿ ਕਢੀਐ ॥
ਕੀਤਾ ਆਪੋ ਆਪਣਾ ਆਪੇ ਹੀ ਲੇਖਾ ਸੰਢੀਐ ॥
ਜਾ ਰਹਣਾ ਨਾਹੀ ਐਤੁ ਜਗਿ ਤਾ ਕਾਇਤੁ ਗਾਰਬਿ ਹੰਢੀਐ॥
ਮੰਦਾ ਕਿਸੈ ਨ ਆਖੀਐ ਪੜਿ ਅਖਰੁ ਏਹੋ ਬੁਝੀਐ ॥
ਮੂਰਖੈ ਨਾਲਿ ਨ ਲੁਝੀਐ ॥੧੯॥

ਪਦ ਅਰਥ :—ਆਖੈ ਆਪਣਾ—(ਹਰੇਕ ਜੀਵ) ਆਖਦਾ ਹੈ, 'ਇਹ ਮੇਰੀ ਆਪਣੀ ਚੀਜ਼ ਹੈ', ਭਾਵ ਹਰੇਕ ਜੀਵ ਨੂੰ ਮਮਤਾ ਹੈ। ਜਿਸੁ ਨਾਹੀ—ਜਿਸ ਨੂੰ ਮਮਤਾ ਨਹੀਂ ਹੈ। ਸੰਢੀਐ—ਭਰੀਦਾ ਹੈ। ਐਤੁ ਜਗਿ—ਇਸ ਜਗਤ ਵਿਚ। ਕਾਇਤੁ—ਕਿਉਂ ? ਗਾਰਬਿ—ਹੰਕਾਰ ਵਿਚ। ਹੰਢੀਐ—ਖਪੀਏ। ਲੁਝੀਐ—ਝਗੜੀਏ।੧੯।

ਅਰਥ :—ਜਗਤ ਵਿਚ ਹਰੇਕ ਜੀਵ ਨੂੰ ਮਮਤਾ ਲੱਗੀ ਹੋਈ ਹੈ, ਜਿਸ ਨੂੰ ਮਮਤਾ ਨਹੀਂ ਉਹ ਚੁਣ ਕੇ ਵੱਖਰਾ ਕਰ ਵਿਖਾਓ; ਭਾਵ, ਕੋਈ ਵਿਰਲਾ ਹੈ ਜਿਸ ਨੂੰ ਮਮਤਾ ਨਹੀਂ ਹੈ। ਆਪੋ ਆਪਣੇ ਕਰਮਾਂ ਦਾ ਲੇਖਾ ਆਪ ਹੀ ਭਰਨਾ ਪੈਂਦਾ ਹੈ। ਜਦੋਂ ਇਸ ਜਗਤ ਵਿਚ ਸਦਾ ਰਹਿਣਾ ਹੀ ਨਹੀਂ ਹੈ, ਤਾਂ ਕਿਉਂ ਅਹੰਕਾਰ ਵਿਚ (ਪੈ ਕੇ) ਖਪੀਏ ? ਕੇਵਲ ਇਹ ਅੱਖਰ (ਭਾਵ, ਉਪਦੇਸ਼) ਪੜ੍ਹ ਕੇ ਸਮਝ ਲਈਏ ਕਿ ਕਿਸੇ ਨੂੰ ਮੰਦਾ ਨਹੀਂ ਆਖਣਾ ਚਾਹੀਦਾ ਅਤੇ ਮੂਰਖ ਨਾਲ ਨਹੀਂ ਝਗੜਨਾ ਚਾਹੀਦਾ।੧੯।

ਸਲੋਕੁ ਮ: ੧ ॥

ਨਾਨਕ ਫਿਕੈ ਬੋਲਿਐ ਤਨੁ ਮਨੁ ਫਿਕਾ ਹੋਇ ॥
ਫਿਕੋ ਫਿਕਾ ਸਦੀਐ ਫਿਕੇ ਫਿਕੀ ਸੋਇ ॥
ਫਿਕਾ ਦਰਗਹ ਸਟੀਐ ਮੁਹਿ ਥੁਕਾ ਫਿਕੇ ਪਾਇ ॥
ਫਿਕਾ ਮੂਰਖੁ ਆਖੀਐ ਪਾਣਾ ਲਹੈ ਸਜਾਇ ॥੧॥

ਪਦ ਅਰਥ :—ਫਿਕੈ ਬੋਲਿਐ—ਜੇ ਫਿੱਕੇ ਬਚਨ ਬੋਲੀਏ। ਫਿਕੋ—ਫਿਕਾ ਹੀ। ਫਿਕੋ ਫਿਕਾ ਸਦੀਐ—ਰੁੱਖੇ ਬਚਨ ਬੋਲਣ ਵਾਲੇ ਮਨੁੱਖ ਨੂੰ ਰੁੱਖਾ ਹੀ ਆਖਿਆ ਜਾਂਦਾ ਹੈ, ਭਾਵ, ਜੋ ਮਨੁੱਖ ਰੁੱਖੇ ਬਚਨ ਬੋਲੇ, ਉਸ ਦੀ ਬਾਬਤ ਇਹ ਆਖੀਦਾ ਹੈ ਕਿ ਉਹ ਰੁੱਖਾ ਹੈ। ਫਿਕੇ—ਰੁੱਖਾ ਬੋਲਣ ਵਾਲੇ ਮਨੁੱਖ ਦੀ। ਸੋਇ—ਸੋਭਾ, ਲੋਕਾਂ ਦੀ ਰਾਇ। ਪਾਣਾ—ਜੁੱਤੀਆਂ।੧।

ਅਰਥ :—ਹੇ ਨਾਨਕ ! ਜੇ ਮਨੁੱਖ ਰੁੱਖੇ ਬਚਨ ਬੋਲਦਾ ਰਹੇ, ਤਾਂ ਉਸ ਦਾ ਤਨ ਅਤੇ ਮਨ ਦੋਵੇਂ ਰੁੱਖੇ ਹੋ ਜਾਂਦੇ ਹਨ (ਭਾਵ, ਮਨੁੱਖ ਦੇ ਅੰਦਰੋਂ ਪ੍ਰੇਮ ਉੱਡ ਜਾਂਦਾ ਹੈ)। ਰੁੱਖਾ ਬੋਲਣ ਵਾਲਾ ਲੋਕਾਂ ਵਿਚ ਰੁੱਖਾ ਹੀ ਮਸ਼ਹੂਰ ਹੋ ਜਾਂਦਾ ਹੈ ਅਤੇ ਲੋਕ ਭੀ ਉਸ ਨੂੰ ਰੁੱਖੇ ਬਚਨਾ ਨਾਲ ਹੀ ਯਾਦ ਕਰਦੇ ਹਨ। ਰੁੱਖਾ (ਭਾਵ, ਪ੍ਰੇਮ ਤੋਂ ਸੱਖਣਾ) ਮਨੁੱਖ (ਪ੍ਰਭੂ ਦੀ) ਦਰਗਾਹ ਤੋਂ ਰੱਦਿਆ ਜਾਂਦਾ ਹੈ ਅਤੇ ਉਸ ਦੇ ਮੂੰਹ ਉੱਤੇ ਥੁੱਕਾਂ ਪੈਂਦੀਆਂ ਹਨ (ਭਾਵ, ਫਿਟਕਾਰਾਂ ਪੈਂਦੀਆਂ ਹਨ)। (ਪ੍ਰੇਮ-ਹੀਣ) ਰੁੱਖੇ ਮਨੁੱਖ ਨੂੰ ਮੂਰਖ ਆਖਣਾ ਚਾਹੀਦਾ ਹੈ, ਪ੍ਰੇਮ ਤੋਂ ਸਖਣੇ ਨੂੰ ਜੁੱਤੀਆਂ ਦੀ ਮਾਰ ਪੈਂਦੀ ਹੈ, (ਭਾਵ, ਹਰ ਥਾਂ ਉਸ ਦੀ ਸਦਾ ਬੜੀ ਬੇਇੱਜ਼ਤੀ ਹੁੰਦੀ ਹੈ)।੧।

ਮਹਲਾ ੧ ॥

ਅੰਦਰਹੁ ਝੂਠੇ ਪੈਜ ਬਾਹਰਿ ਦੁਨੀਆ ਅੰਦਰਿ ਫੈਲੁ ॥
ਅਠਸਠਿ ਤੀਰਥ ਜੇ ਨਾਵਹਿ ਉਤਰੈ ਨਾਹੀ ਮੈਲੁ ॥
ਜਿਨ੍ ਪਟੁ ਅੰਦਰਿ ਬਾਹਰਿ ਗੁਦੜੁ ਤੇ ਭਲੇ ਸੰਸਾਰਿ ॥
ਤਿਨ੍ ਨੇਹੁ ਲਗਾ ਰਬ ਸੇਤੀ ਦੇਖਨੇ ਵੀਚਾਰਿ ॥
ਰੰਗਿ ਹਸਹਿ ਰੰਗਿ ਰੋਵਹਿ ਚੁਪ ਭੀ ਕਰਿ ਜਾਹਿ ॥
ਪਰਵਾਹ ਨਾਹੀ ਕਿਸੈ ਕੇਰੀ ਬਾਝੁ ਸਚੇ ਨਾਹ ॥
ਦਰਿ ਵਾਟ ਉਪਰਿ ਖਰਚੁ ਮੰਗਾ ਜਬੈ ਦੇਹਿ ਤ ਖਾਹਿ ॥
ਦੀਬਾਨੁ ਏਕੋ ਕਲਮ ਏਕਾ ਹਮਾ ਤੁਮ੍ਾ ਮੇਲੁ ॥
ਦਰਿ ਲਏ ਲੇਖਾ ਪੀੜਿ ਛੁਟੈ ਨਾਮਕਾ ਜਿਉ ਤੇਲੁ ॥੨॥

ਪਦ ਅਰਥ :—ਪੈਜ—ਪਾਜ, ਵਿਖਾਵੇ ਦੀ ਇੱਜ਼ਤ । ਫੈਲੁ—ਫੈਲਸੂਫੀ, ਵਿਖਾਵਾ। ਤੇ—ਉਹ ਮਨੁੱਖ। ਸੇਤੀ—ਨਾਲ । ਦੇਖਨੇ ਵੀਚਾਰਿ—ਰੱਬ ਨੂੰ ਵੇਖਣ ਦੇ ਧਿਆਨ ਵਿਚ (ਜੁੜੇ ਰਹਿੰਦੇ ਹਨ)। ਕਿਸੈ ਕੇਰੀ—

ਕਿਸੇ ਦੀ। ਨਾਹ–ਖਸਮ (ਵੇਖੋ ਸਲੋਕ ੩, ਪਉੜੀ ੧)। ਵਾਟ ਉਪਰਿ–ਰਾਹ ਵਿਚ, ਜ਼ਿੰਦਗੀ ਰੂਪ ਰਾਹੇ ਪਏ ਹੋਏ। ਖਰਚੁ ਮੰਗਾ–(ਨਾਮ ਰੂਪ) ਖਾਣਾ ਹੀ ਮੰਗਦੇ ਹਨ। ਦੇਇ–(ਪ੍ਰਭੂ) ਦੇਂਦਾ ਹੈ। ਦੀਬਾਨੁ–ਅਦਾਲਤ। ਕਲਮ–ਭਾਵ, ਲੇਖਾ ਲਿਖਣ ਵਾਲਾ (ਹੀ ਆਪ ਹਰੀ ਫ਼ੈਸਲਾ ਕਰਨ ਵਾਲਾ ਤੇ ਆਪ ਹੀ ਲੇਖਾ ਲਿਖਣ ਵਾਲਾ ਹੈ)। ਹਮਾ ਤੁਮਾ ਮੇਲੁ–ਸਾਰੇ ਚੰਗੇ ਮੰਦੇ ਜੀਵਾਂ ਦਾ ਮੇਲਾ (ਪ੍ਰਭੂ ਦੇ ਦਰ ਤੇ ਹੋਵੇਗਾ)। ਜਿਉ ਤੇਲੁ–ਜਿਵੇਂ ਤੇਲ ਪੀੜੀਦਾ ਹੈ, ਜਿਵੇਂ ਪੀੜ ਕੇ ਤੇਲ ਕੱਢੀਦਾ ਹੈ।੨।

ਅਰਥ :–ਜੋ ਮਨੁੱਖ ਮਨੋਂ ਤਾਂ ਝੂਠੇ ਹਨ, ਪਰ ਬਾਹਰ ਕੂੜੀ ਇੱਜ਼ਤ ਬਣਾਈ ਬੈਠੇ ਹਨ, ਅਤੇ ਜਗਤ ਵਿਚ ਵਿਖਾਵਾ ਬਣਾਈ ਰਖਦੇ ਹਨ, ਉਹ ਭਾਵੇਂ ਅਠਾਹਠ ਤੀਰਥਾਂ ਉੱਤੇ (ਜਾ ਕੇ) ਇਸ਼ਨਾਨ ਕਰਨ, ਉਹਨਾਂ ਦੇ ਮਨ ਦੀ ਕਪਟ ਦੀ ਮੈਲ ਨਹੀਂ ਉਤਰਦੀ।

ਜਿਨ੍ਹਾਂ ਮਨੁਖਾਂ ਦੇ ਅੰਦਰ (ਕੋਮਲਤਾ ਤੇ ਪ੍ਰੇਮ ਰੂਪ) ਪੱਟ ਹੈ, ਪਰ ਬਾਹਰ (ਰੁੱਖਾ-ਪਨ ਰੂਪ) ਗੁਦੜ ਹੈ, ਜਗਤ ਵਿਚ ਉਹ ਬੰਦੇ ਨੇਕ ਹਨ, ਉਹਨਾਂ ਦਾ ਰੱਬ ਨਾਲ ਨੇਹੁ ਲੱਗਾ ਹੋਇਆ ਹੈ ਤੇ ਉਹ ਰੱਬ ਦਾ ਦੀਦਾਰ ਕਰਨ ਦੇ ਵਿਚਾਰ ਵਿਚ ਹੀ (ਸਦਾ ਜੁੜੇ ਰਹਿੰਦੇ ਹਨ)। ਉਹ ਮਨੁਖ ਪ੍ਰਭੂ ਦੇ ਪਿਆਰ ਵਿਚ (ਰੱਤੇ ਹੋਏ ਕਦੇ) ਹੱਸਦੇ ਹਨ, ਪ੍ਰੇਮ ਵਿਚ ਹੀ (ਕਦੇ) ਰੋਂਦੇ ਹਨ, ਅਤੇ ਪ੍ਰੇਮ ਵਿਚ ਹੀ (ਕਦੇ) ਚੁਪ ਭੀ ਕਰ ਜਾਂਦੇ ਹਨ (ਭਾਵ, ਪ੍ਰੇਮ ਵਿਚ ਹੀ ਮਸਤ ਰਹਿੰਦੇ ਹਨ); ਉਹਨਾਂ ਨੂੰ ਸੱਚੇ ਖਸਮ (ਪ੍ਰਭੂ) ਤੋਂ ਬਿਨਾ ਕਿਸੇ ਹੋਰ ਦੀ ਮੁਥਾਜੀ ਨਹੀਂ ਹੁੰਦੀ। ਜ਼ਿੰਦਗੀ ਰੂਪ ਰਾਹੇ ਪਏ ਹੋਏ ਉਹ ਮਨੁਖ ਰੱਬ ਦੇ ਦਰ ਤੋਂ ਹੀ ਨਾਮ ਰੂਪ ਖ਼ੁਰਾਕ ਮੰਗਦੇ ਹਨ, ਜਦੋਂ ਰੱਬ ਦੇਂਦਾ ਹੈ ਤਦੋਂ ਖਾਂਦੇ ਹਨ। ਹੇ ਨਾਨਕ ! (ਉਹਨਾਂ ਨੂੰ ਇਹ ਨਿਸਚਾ ਹੈ ਕਿ) ਪ੍ਰਭੂ ਆਪ ਹੀ ਫ਼ੈਸਲਾ ਕਰਨ ਵਾਲਾ ਹੈ ਤੇ ਆਪ ਹੀ ਲੇਖਾ ਲਿਖਣ ਵਾਲਾ ਹੈ, ਸਾਰੇ ਚੰਗੇ ਮੰਦੇ ਜੀਵਾਂ ਦਾ ਮੇਲਾ ਉਸੇ ਦੇ ਦਰ ਤੇ ਹੁੰਦਾ ਹੈ, ਪ੍ਰਭੂ ਸਭ ਤੋਂ (ਕੀਤੇ ਕਰਮਾਂ ਦਾ) ਲੇਖਾ ਮੰਗਦਾ ਹੈ ਤੇ ਮੰਦੇ ਮਨੁੱਖਾਂ ਨੂੰ ਇਉਂ ਪੀੜ ਸੁਟਦਾ ਹੈ ਜਿਵੇਂ ਤੇਲ

(ਭਾਵ, ਉਹਨਾਂ ਦੇ ਮੰਦੇ ਸੰਸਕਾਰ ਅੰਦਰੋਂ ਕੱਢਣ ਲਈ ਉਹਨਾਂ ਨੂੰ ਦੁੱਖਾਂ ਰੂਪ ਕੋਹਲੂ ਵਿਚ ਪਾ ਕੇ ਪੀੜਦਾ ਹੈ) ।੨।

ਪਉੜੀ ॥

ਆਪੇ ਹੀ ਕਰਣਾ ਕੀਓ ਕਲ ਆਪੇ ਹੀ ਤੈ ਧਾਰੀਐ ॥
ਦੇਖਹਿ ਕੀਤਾ ਆਪਣਾ ਧਰਿ ਕਚੀ ਪਕੀ ਸਾਰੀਐ ॥ ਜੋ
ਆਇਆ ਸੋ ਚਲਸੀ ਸਭੁ ਕੋਈ ਆਈ ਵਾਰੀਐ ॥ ਜਿਸ ਕੇ
ਜੀਅ ਪਰਾਣ ਹਹਿ ਕਿਉ ਸਾਹਿਬੁ ਮਨਹੁ ਵਿਸਾਰੀਐ ॥
ਆਪਣ ਹਥੀ ਆਪਣਾ ਆਪੇ ਹੀ ਕਾਜੁ ਸਵਾਰੀਐ ॥੨੦॥

ਪਦ ਅਰਥ :–ਕਰਣਾ–ਸਰੀਰ, ਕੀਤਾ ਹੋਇਆ ਅਕਾਰ, ਸ੍ਰਿਸ਼ਟੀ। ਤੈ–(ਹੇ ਪ੍ਰਭੂ !) ਤੂੰ। ਧਰਿ–ਧਰ ਕੇ, ਰੱਖ ਕੇ (ਜਗਤ ਵਿਚ) ਰਚ ਕੇ। ਸਾਰੀ–ਨਰਦ. ਜੀਵ ਰੂਪ ਨਰਦਾਂ। ਕਚੀ ਪਕੀ ਸਾਰੀਐ–ਕੱਚੀਆਂ ਪੱਕੀਆਂ ਨਰਦਾਂ ਨੂੰ, ਚੰਗੇ ਮੰਦੇ ਜੀਵਾਂ ਨੂੰ। ਜਿਸ ਕੇ–ਜਿਸ ਪ੍ਰਭੂ ਦੇ ।੨੦।

ਅਰਥ :–(ਹੇ ਪ੍ਰਭੂ !) ਤੂੰ ਆਪ ਹੀ ਇਹ ਸ੍ਰਿਸ਼ਟੀ ਰਚੀ ਹੈ ਅਤੇ ਤੂੰ ਆਪ ਹੀ ਇਸ ਵਿਚ (ਜਿੰਦ ਰੂਪ) ਸੱਤਿਆ ਪਾਈ ਹੈ। ਚੰਗੇ ਮੰਦੇ ਜੀਵਾਂ ਨੂੰ ਪੈਦਾ ਕਰ ਕੇ, ਆਪਣੇ ਪੈਦਾ ਕੀਤੇ ਹੋਇਆਂ ਦੀ ਤੂੰ ਆਪ ਹੀ ਸੰਭਾਲ ਕਰ ਰਿਹਾ ਹੈਂ।

(ਹੇ ਭਾਈ !) ਜਿਸ ਪ੍ਰਭੂ ਦੇ ਦਿੱਤੇ ਹੋਏ ਇਹ ਜਿੰਦ ਤੇ ਪ੍ਰਾਣ ਹਨ, ਉਸ ਮਾਲਕ ਨੂੰ ਮਨ ਤੋਂ ਕਦੇ ਭੁਲਣਾ ਨਹੀਂ ਚਾਹੀਦਾ (ਜਿਤਨਾ ਚਿਰ ਇਹ ਜਿੰਦ ਤੇ ਪ੍ਰਾਣ ਮਿਲੇ ਹੋਏ ਹਨ, ਉੱਦਮ ਕਰ ਕੇ) ਆਪਣੇ ਹੱਥਾਂ ਨਾਲ ਆਪਣਾ ਕੰਮ ਆਪ ਹੀ ਸੁਆਰਨਾ ਚਾਹੀਦਾ ਹੈ (ਭਾਵ, ਇਹ ਮਨੁੱਖਾ ਜਨਮ ਹਰੀ ਦੇ ਸਿਮਰਨ ਨਾਲ ਸਫਲ ਕਰਨਾ ਚਾਹੀਦਾ ਹੈ) ।੨੦।

ਸਲੋਕੁ ਮ: ੨ ॥

ਏਹ ਕਿਨੇਹੀ ਆਸਕੀ ਦੂਜੈ ਲਗੈ ਜਾਇ ॥
ਨਾਨਕ ਆਸਕੁ ਕਾਂਢੀਐ ਸਦ ਹੀ ਰਹੈ ਸਮਾਇ ॥
ਚੰਗੈ ਚੰਗਾ ਕਰਿ ਮੰਨੇ ਮੰਦੈ ਮੰਦਾ ਹੋਇ ॥
ਆਸਕੁ ਏਹੁ ਨ ਆਖੀਐ ਜਿ ਲੇਖੈ ਵਰਤੈ ਸੋਇ ॥੧॥

ਪਦ ਅਰਥ :–ਦੂਜੈ–(ਆਪਣੇ ਪ੍ਰੀਤਮ ਨੂੰ ਛੱਡ ਕੇ) ਕਿਸੇ ਹੋਰ ਵਿਚ। ਕਾਂਢੀਐ–ਕਿਹਾ ਜਾਂਦਾ ਹੈ, ਕਹੀਦਾ ਹੈ। ਰਹੈ ਸਮਾਇ–ਸਮਾਇ ਰਹੇ, ਮਸਤ ਰਹੇ, (ਆਪਣੇ ਹੀ ਪ੍ਰੀਤਮ ਦੀ ਯਾਦ ਵਿਚ) ਡੁਬਾ ਰਹੇ। ਚੰਗੈ–ਚੰਗੇ (ਕੰਮ) ਨੂੰ, (ਆਪਣੇ ਪਿਆਰੇ ਵਲੋਂ ਹੋਏ ਕਿਸੇ) ਚੰਗੇ ਕੰਮ ਨੂੰ। ਮੰਦੈ ਮੰਦਾ ਹੋਇ–(ਆਪਣੇ ਸੱਜਣ ਵਲੋਂ ਹੋਏ ਕਿਸੇ) ਮਾੜੇ (ਕੰਮ) ਨੂੰ (ਵੇਖ ਕੇ, ਆਖੇ ਕਿ ਇਹ (ਮਾੜਾ ਕੰਮ) ਹੋਇਆ ਹੈ। ਜਿ ਸੋਇ–ਜੇ ਉਹ ਮਨੁੱਖ, ਜਿਹੜਾ ਮਨੁੱਖ।੧।

ਅਰਥ :–(ਜੇ ਕੋਈ ਪ੍ਰੇਮੀ ਜੀਊੜਾ ਆਪਣੇ ਪਿਆਰੇ ਤੋਂ ਬਿਨਾ) ਕਿਸੇ ਹੋਰ ਵਿਚ (ਭੀ) ਚਿੱਤ ਜੋੜ ਲਏ, ਤਾਂ ਉਸ ਦੇ ਇਸ਼ਕ ਨੂੰ ਸੱਚਾ ਇਸ਼ਕ ਨਹੀਂ ਆਖਿਆ ਜਾ ਸਕਦਾ। ਹੇ ਨਾਨਕ! ਉਹੀ ਮਨੁੱਖ ਸੱਚਾ ਆਸ਼ਕ ਕਿਹਾ ਜਾ ਸਕਦਾ ਹੈ ਜੋ ਹਰ ਵੇਲੇ (ਆਪਣੇ ਹੀ ਪ੍ਰੀਤਮ ਦੀ ਯਾਦ ਵਿਚ) ਡੁੱਬਾ ਰਹੇ।

(ਆਪਣੇ ਪਿਆਰੇ ਵਲੋਂ ਹੋਏ ਕਿਸੇ) ਚੰਗੇ (ਕੰਮ) ਨੂੰ ਤੱਕ ਕੇ ਆਖੇ ਕਿ ਇਹ ਚੰਗਾ ਕੰਮ ਹੈ, ਪਰ ਮਾੜੇ ਕੰਮ ਨੂੰ ਵੇਖ ਕੇ ਆਖੇ ਕਿ ਇਹ ਮਾੜਾ ਕੰਮ ਹੈ (ਭਾਵ, ਆਪਣੇ ਪਿਆਰੇ ਵਲੋਂ ਆਏ ਕਿਸੇ ਸੁਖ ਨੂੰ ਤਾਂ ਹੱਸ ਕੇ ਕਬੂਲ ਕਰੇ, ਪਰ ਦੁੱਖ ਨੂੰ ਵੇਖ ਕੇ ਘਾਬਰ ਜਾਏ) ਉਹ ਮਨੁੱਖ ਭੀ, ਹੇ ਨਾਨਕ! ਸੱਚਾ ਆਸ਼ਕ ਨਹੀਂ ਕਿਹਾ ਜਾ ਸਕਦਾ ਕਿਉਂਕਿ ਉਹ ਲੇਖੇ ਗਿਣ ਗਿਣ ਕੇ ਪਿਆਰ ਦੀ ਸਾਂਝ ਬਣਾਂਦਾ ਹੈ।੧।

ਮਹਲਾ ੨ ॥

ਸਲਾਮੁ ਜਬਾਬੁ ਦੋਵੈ ਕਰੇ ਮੁੰਢਹੁ ਘੁਥਾ ਜਾਇ ॥
ਨਾਨਕ ਦੋਵੈ ਕੂੜੀਆ ਥਾਇ ਨ ਕਾਈ ਪਾਇ ॥੨॥

ਪਦ ਅਰਥ :–ਸਲਾਮੁ–ਨਿਮ੍ਰਤਾ, ਸਿਰ ਨਿਵਾਣਾ । ਜਬਾਬੁ–ਇਤਰਾਜ਼, ਨਾਂਹ ਨੁਕਰ । ਮੁਢਹੁ–ਉੱਕਾ ਹੀ । ਦੋਵੈ–ਦੋਵੇਂ ਗੱਲਾਂ, ਭਾਵ, ਕਦੇ ਸਿਰ ਨਿਵਾਣਾ ਅਤੇ ਕਦੇ ਅਗੇ ਬੋਲ ਪੈਣਾ ।੨।

ਅਰਥ :–(ਜੋ ਮਨੁੱਖ ਆਪਣੇ ਮਾਲਕ ਪ੍ਰਭੂ ਦੇ ਹੁਕਮ ਅੱਗੇ ਕਦੇ ਤਾਂ) ਸਿਰ ਨਿਵਾਂਦਾ ਹੈ, ਅਤੇ ਕਦੇ (ਉਸ ਦੇ ਕੀਤੇ ਉੱਤੇ) ਇਤਰਾਜ਼ ਕਰਦਾ ਹੈ, ਉਹ (ਮਾਲਕ ਦੀ ਰਜ਼ਾ ਦੇ ਰਾਹ ਉੱਤੇ ਤੁਰਨ ਤੋਂ) ਉੱਕਾ ਹੀ ਖੁੰਝਿਆ ਜਾ ਰਿਹਾ ਹੈ । ਹੇ ਨਾਨਕ ! ਸਿਰ ਨਿਵਾਣਾ ਅਤੇ ਇਤਰਾਜ਼ ਕਰਨਾ–ਦੋਵੇਂ ਹੀ ਝੂਠੇ ਹਨ, ਇਹਨਾਂ ਦੋਹਾਂ ਵਿਚੋਂ ਕੋਈ ਗੱਲ ਵੀ (ਮਾਲਕ ਦੇ ਦਰ ਤੇ) ਕਬੂਲ ਨਹੀਂ ਹੁੰਦੀ ।੨।

ਪਉੜੀ ॥

ਜਿਤੁ ਸੇਵਿਐ ਸੁਖੁ ਪਾਈਐ ਸੋ ਸਾਹਿਬੁ ਸਦਾ ਸਮ੍ਹਾਲੀਐ ॥ ਜਿਤੁ ਕੀਤਾ ਪਾਈਐ ਆਪਣਾ ਸਾ ਘਾਲ ਬੁਰੀ ਕਿਉ ਘਾਲੀਐ ॥ ਮੰਦਾ ਮੂਲਿ ਨ ਕੀਚਈ ਦੇ ਲੰਮੀ ਨਦਰਿ ਨਿਹਾਲੀਐ ॥ ਜਿਉ ਸਾਹਿਬ ਨਾਲਿ ਨ ਹਾਰੀਐ ਤੇਵੇਹਾ ਪਾਸਾ ਢਾਲੀਐ ॥ ਕਿਛੁ ਲਾਹੇ ਉਪਰਿ ਘਾਲੀਐ ॥੨੧॥

ਪਦ ਅਰਥ :–ਸਮ੍ਹਾਲੀਐ–ਸੰਭਾਲਣਾ ਚਾਹੀਦਾ ਹੈ, ਚੇਤੇ ਰੱਖਣ ਚਾਹੀਦਾ ਹੈ । ਜਿਤੁ–ਜਿਸ (ਕੰਮ ਦੇ ਕਰਨ) ਨਾਲ । ਸਾ ਘਾਲ–ਉਹ ਮਿਹਨਤ । ਮੂਲਿ ਨ ਕੀਚਈ–ਉੱਕਾ ਹੀ ਨਹੀਂ ਕਰਨਾ ਚਾਹੀਦਾ । ਨਿਹਾਲੀਐ–ਵੇਖਣਾ ਚਾਹੀਦਾ ਹੈ । ਜਿਉਂ–ਜਿਸ ਤਰ੍ਹਾਂ, ਜਿਸ ਤਰੀਕੇ

ਨਾਲ। ਨ ਹਾਰੀਐ–ਨਾ ਟੁੱਟੇ। ਤੇਵੇਹਾ–ਉਹੋ ਜਿਹਾ। ਪਾਸਾ ਢਾਲੀਐ–ਚਾਲ ਚਲਣੀ ਚਾਹੀਦੀ ਹੈ, ਉੱਦਮ ਕਰਨਾ ਚਾਹੀਦਾ ਹੈ। ਘਾਲੀਐ–ਘਾਲ ਘਾਲਣੀ ਚਾਹੀਦੀ ਹੈ, ਕਮਾਈ ਕਰਨੀ ਚਾਹੀਦੀ ਹੈ।੨੧।

ਅਰਥ :–ਜਿਸ ਮਾਲਕ ਦਾ ਸਿਮਰਨ ਕੀਤਿਆਂ ਸੁਖ ਮਿਲਦਾ ਹੈ ਉਸ ਮਾਲਕ ਨੂੰ ਸਦਾ ਯਾਦ ਰੱਖਣਾ ਚਾਹੀਦਾ ਹੈ। ਜਦੋਂ ਮਨੁੱਖ ਨੇ ਆਪਣੇ ਕੀਤੇ ਦਾ ਫਲ ਆਪ ਭੋਗਣਾ ਹੈ ਤਾਂ ਫੇਰ ਕੋਈ ਮਾੜੀ ਕਮਾਈ ਨਹੀਂ ਕਰਨੀ ਚਾਹੀਦੀ (ਜਿਸ ਦਾ ਮਾੜਾ ਫਲ ਭੋਗਣਾ ਪਏ)। ਮਾੜਾ ਕੰਮ ਭੁਲ ਕੇ ਭੀ ਨਾ ਕਰੀਏ, ਡੂੰਘੀ (ਵਿਚਾਰ ਵਾਲੀ) ਨਜ਼ਰ ਮਾਰ ਕੇ ਤੱਕ ਲਈਏ (ਕਿ ਇਸ ਮਾੜੇ ਕੰਮ ਦਾ ਸਿੱਟਾ ਕੀ ਨਿਕਲੇਗਾ)। ਕੋਈ ਇਹੋ ਜਿਹਾ ਉੱਦਮ ਕਰਨਾ ਚਾਹੀਦਾ ਹੈ, ਜਿਸ ਕਰਕੇ (ਪ੍ਰਭੂ) ਖਸਮ ਨਾਲੋਂ (ਪ੍ਰੀਤ) ਨਾ ਟੁੱਟ ਜਾਏ। (ਮਨੁੱਖਾ-ਜਨਮ ਪਾ ਕੇ) ਕੋਈ ਨਫ਼ੇ ਵਾਲੀ ਘਾਲ ਕਮਾਈ ਕਰਨੀ ਚਾਹੀਦੀ ਹੈ।੨੧।

ਸਲੋਕੁ ਮਹਲਾ ੨ ॥

ਚਾਕਰੁ ਲਗੈ ਚਾਕਰੀ ਨਾਲੇ ਗਾਰਬੁ ਵਾਦੁ ॥ ਗਲਾ ਕਰੇ ਘਣੇਰੀਆ ਖਸਮ ਨ ਪਾਏ ਸਾਦੁ ॥ ਆਪੁ ਗਵਾਇ ਸੇਵਾ ਕਰੇ ਤਾ ਕਿਛੁ ਪਾਏ ਮਾਨੁ ॥ ਨਾਨਕ ਜਿਸ ਨੋ ਲਗਾ ਤਿਸੁ ਮਿਲੈ ਲਗਾ ਸੋ ਪਰਵਾਨੁ ॥੧॥

ਪਦ ਅਰਥ :–ਨਾਲੇ–ਚਾਕਰੀ ਦੇ ਨਾਲ, ਭਾਵ, ਚਾਕਰੀ ਭੀ ਕਰੇ ਤੇ ਨਾਲੇ। ਗਾਰਬੁ–(ਸ਼ਬਦ 'ਗਰਬੁ' ਤੋਂ ਵਿਸ਼ੇਸ਼ਣ ਹੈ) ਗਰਬ ਵਾਲਾ, ਅਹੰਕਾਰ ਵਾਲਾ, ਅਹੰਕਾਰ ਭਰਿਆ। ਵਾਦੁ–ਝਗੜਾ। ਸਾਦੁ–ਪ੍ਰਸੰਨਤਾ, ਖ਼ੁਸ਼ੀ। ਆਪੁ–ਆਪਣੇ ਆਪ ਨੂੰ, ਅਪਣੱਤ, ਹਉਮੈ, ਅਹੰਕਾਰ। ਤਾ–ਤਦੋਂ। ਜਿਸ ਨੋ ਲਗਾ–ਜਿਸ ਮਾਲਕ ਦੀ ਸੇਵਾ ਕਰਦਾ ਹੈ। ਤਿਸੁ–ਉਸ ਮਾਲਕ ਨੂੰ। ਲਗਾ ਸੋ–ਸੋ (ਮਨੁੱਖ) ਲੱਗਾ ਹੋਇਆ ਸੋ ਲੱਗਾ ਹੋਇਆ ਮਨੁੱਖ, ਮਾਲਕ ਦੀ ਸੇਵਾ ਕਰਦਾ ਉਹ ਮਨੁੱਖ।੧।

ਅਰਥ :—ਜੇ ਕੋਈ ਨੌਕਰ ਆਪਣੇ ਮਾਲਕ ਦੀ ਨੌਕਰੀ ਭੀ ਕਰੇ, ਤੇ ਨਾਲ ਨਾਲ ਆਪਣੇ ਮਾਲਕ ਅੱਗੇ ਆਕੜ ਦੀਆਂ ਗੱਲਾਂ ਭੀ ਕਰੀ ਜਾਏ ਅਤੇ ਇਹੋ ਜਿਹੀਆਂ ਬਾਹਲੀਆਂ ਗੱਲਾਂ ਮਾਲਕ ਦੇ ਸਾਹਮਣੇ ਕਰੇ, ਤਾਂ ਉਹ ਨੌਕਰ ਮਾਲਕ ਦੀ ਖ਼ੁਸ਼ੀ ਹਾਸਲ ਨਹੀਂ ਕਰ ਸਕਦਾ।

ਮਨੁੱਖ ਆਪਣਾ ਆਪ ਮਿਟਾ ਕੇ (ਮਾਲਕ ਦੀ) ਸੇਵਾ ਕਰੇ ਤਾਂ ਹੀ ਉਸ ਨੂੰ (ਮਾਲਕ ਦੇ ਦਰ ਤੋਂ) ਕੁਝ ਆਦਰ ਮਿਲਦਾ ਹੈ। ਤਾਂ ਹੀ, ਹੇ ਨਾਨਕ! ਉਹ ਮਨੁੱਖ ਆਪਣੇ ਉਸ ਮਾਲਕ ਨੂੰ ਮਿਲ ਪੈਂਦਾ ਹੈ, ਜਿਸ ਦੀ ਸੇਵਾ ਵਿਚ ਲੱਗਾ ਹੋਇਆ ਹੈ। (ਆਪਣਾ ਆਪ ਗੁਆ ਕੇ ਸੇਵਾ ਵਿਚ) ਲੱਗਾ ਹੋਇਆ ਮਨੁੱਖ ਹੀ (ਮਾਲਕ ਦੇ ਦਰ ਤੇ) ਕਬੂਲ ਹੁੰਦਾ ਹੈ।੧।

ਮਹਲਾ ੧ ॥

ਜੋ ਜੀਇ ਹੋਇ ਸੁ ਉਗਵੈ ਮੁਹ ਕਾ ਕਹਿਆ ਵਾਉ ॥
ਬੀਜੇ ਬਿਖੁ ਮੰਗੈ ਅੰਮ੍ਰਿਤੁ ਵੇਖਹੁ ਏਹੁ ਨਿਆਉ ॥੨॥

ਪਦ ਅਰਥ :—ਜੀਇ—ਜੀਉ ਵਿਚ, ਜੀ ਵਿਚ, ਮਨ ਵਿਚ। ਮੁਹ ਕਾ ਕਹਿਆ—ਮੂੰਹ ਦਾ ਆਖਿਆ ਹੋਇਆ, ਜ਼ਬਾਨੀ ਆਖਿਆ ਹੋਇਆ ਬਚਨ। ਵਾਉ—ਹਵਾ, ਪੌਣ, ਭਾਵ, ਪੌਣ ਵਾਂਗ ਓਪਰਾ ਓਪਰਾ। ਵੇਖਹੁ ਏਹੁ ਨਿਆਉ—ਇਸ ਇਨਸਾਫ਼ ਨੂੰ ਵੇਖੋ, ਇਹ ਕਿਹੜੀ ਇਨਸਾਫ਼ ਦੀ ਗੱਲ ਹੈ? ਇਹ ਅਚਰਜ ਨਿਆਂ ਦੀ ਗੱਲ ਹੈ।੨।

ਅਰਥ :—ਜੋ ਕੁਝ ਮਨੁੱਖ ਦੇ ਦਿਲ ਵਿਚ ਹੁੰਦਾ ਹੈ, ਉਹੀ ਪ੍ਰਗਟ ਹੁੰਦਾ ਹੈ, (ਭਾਵ, ਜਿਹੋ ਜਿਹੀ ਮਨੁੱਖ ਦੀ ਨੀਯਤ ਹੁੰਦੀ ਹੈ, ਤਿਹੋ ਜਿਹਾ ਉਸ ਨੂੰ ਫਲ ਲਗਦਾ ਹੈ), (ਜੇ ਅੰਦਰ ਨੀਯਤ ਕੁਝ ਹੋਰ ਹੋਵੇ, ਤਾਂ ਉਸ ਦੇ ਉਲਟ) ਮੂੰਹੋਂ ਆਖ ਦੇਣਾ ਵਿਅਰਥ ਹੈ। ਇਹ ਕੇਡੀ ਅਚਰਜ ਗੱਲ ਹੈ ਕਿ ਮਨੁੱਖ ਬੀਜਦਾ ਤਾਂ ਜ਼ਹਿਰ ਹੈ (ਭਾਵ, ਨੀਯਤ ਤਾਂ ਵਿਕਾਰਾਂ ਵਲ ਹੈ) (ਪਰ ਉਸ ਦੇ ਫਲ ਵਜੋਂ) ਮੰਗਦਾ ਅੰਮ੍ਰਿਤ ਹੈ।੨।

ਮਹਲਾ ੨ ॥

ਨਾਲਿ ਇਆਣੇ ਦੋਸਤੀ ਕਦੇ ਨ ਆਵੈ ਰਾਸਿ ॥ ਜੇਹਾ ਜਾਣੈ ਤੇਹੋ ਵਰਤੈ ਵੇਖਹੁ ਕੋ ਨਿਰਜਾਸਿ ॥ ਵਸਤੂ ਅੰਦਰਿ ਵਸਤੁ ਸਮਾਵੈ ਦੂਜੀ ਹੋਵੈ ਪਾਸਿ ॥ ਸਾਹਿਬ ਸੇਤੀ ਹੁਕਮੁ ਨ ਚਲੈ ਕਹੀ ਬਣੈ ਅਰਦਾਸਿ ॥ ਕੂੜਿ ਕਮਾਣੈ ਕੂੜੋ ਹੋਵੈ ਨਾਨਕ ਸਿਫਤਿ ਵਿਗਾਸਿ ॥੩॥

ਪਦ ਅਰਥ :—ਜੇਹਾ ਜਾਣੈ—ਜਿਹੋ ਜਿਹੀ ਉਸ ਅੰਞਾਣ ਦੀ ਸਮਝ ਹੁੰਦੀ ਹੈ। ਤੇਹੋ ਵਰਤੈ—ਉਹੋ ਜਿਹਾ ਉਹ ਕੰਮ ਕਰਦਾ ਹੈ। ਕੋ—ਕੋਈ ਮਨੁੱਖ। ਨਿਰਜਾਸਿ—ਨਿਰਣਾ ਕਰ ਕੇ, ਪਰਖ ਕਰ ਕੇ। ਸਮਾਵੈ—ਪੈ ਸਕਦੀ ਹੈ, ਸਮਾ ਸਕਦੀ ਹੈ। ਪਾਸਿ—ਲਾਂਭੇ, ਪਾਸੇ, ਵੱਖਰੀ। ਸਾਹਿਬ ਸੇਤੀ—ਮਾਲਕ ਦੇ ਨਾਲ। ਬਣੈ—ਫਬਦੀ ਹੈ। ਕੂੜਿ ਕਮਾਣੈ—ਛਲ ਕੀਤਿਆਂ, ਠੱਗੀ ਦੀ ਕਮਾਈ ਕੀਤਿਆਂ, ਧੋਖੇ ਦਾ ਕੰਮ ਕੀਤਿਆਂ। ਵਿਗਾਸਿ—ਵਿਗਸੀਦਾ ਹੈ, ਅੰਦਰ ਉਮਾਹ ਪੈਦਾ ਹੁੰਦਾ ਹੈ, ਅੰਦਰ ਖਿੜ ਆਉਂਦਾ ਹੈ।੩।

ਅਰਥ :—ਕੋਈ ਭੀ ਮਨੁੱਖ ਪਰਖ ਕੇ ਵੇਖ ਲਏ, ਕਿਸੇ ਅੰਞਾਣ ਨਾਲ ਲਾਈ ਹੋਈ ਮਿੱਤਰਤਾ ਕਦੇ ਸਿਰੇ ਨਹੀਂ ਚੜ੍ਹਦੀ, ਕਿਉਂਕਿ ਉਸ ਅੰਞਾਣ ਦਾ ਰਵੱਈਆ ਉਹੋ ਜਿਹਾ ਹੀ ਰਹਿੰਦਾ ਹੈ ਜਿਹੋ ਜਿਹੀ ਉਸ ਦੀ ਸਮਝ ਹੁੰਦੀ ਹੈ, (ਇਸੇ ਤਰ੍ਹਾਂ ਇਸ ਮੂਰਖ ਮਨ ਦੇ ਆਖੇ ਲੱਗਿਆਂ ਕਦੇ ਲਾਭ ਨਹੀਂ ਹੁੰਦਾ, ਇਹ ਮਨ ਆਪਣੀ ਸਮਝ ਅਨੁਸਾਰ ਵਿਕਾਰਾਂ ਵਲ ਹੀ ਲਈ ਫਿਰਦਾ ਹੈ)।

ਕਿਸੇ ਇਕ ਚੀਜ਼ ਵਿਚ ਕੋਈ ਹੋਰ ਚੀਜ਼ ਤਾਂ ਹੀ ਪੈ ਸਕਦੀ ਹੈ, ਜੇ ਉਸ ਵਿਚੋਂ ਪਹਿਲੀ ਪਈ ਹੋਈ ਚੀਜ਼ ਕੱਢ ਲਈ ਜਾਏ, (ਇਸੇ ਤਰ੍ਹਾਂ ਇਸ ਮਨ ਨੂੰ ਪ੍ਰਭੂ ਵਲ ਜੋੜਨ ਲਈ ਇਹ ਜ਼ਰੂਰੀ ਹੈ ਕਿ ਇਸ ਦਾ

ਪਹਿਲਾ ਸੁਭਾਉ ਤਬਦੀਲ ਕੀਤਾ ਜਾਏ)।

ਖਸਮ ਨਾਲ ਹੁਕਮ ਕੀਤਾ ਹੋਇਆ ਕਾਮਯਾਬ ਨਹੀਂ ਹੋ ਸਕਦਾ, ਉਸ ਦੇ ਅੱਗੇ ਤਾਂ ਨਿਮ੍ਰਤਾ ਹੀ ਫਬਦੀ ਹੈ।

ਹੇ ਨਾਨਕ! **ਧੰਧੇ** ਦਾ ਕੰਮ ਕੀਤਿਆਂ ਧੋਖਾ ਹੀ ਹੁੰਦਾ ਹੈ, (ਭਾਵ, ਜਿਤਨਾ ਚਿਰ ਮਨੁਖ ਦੁਨੀਆ ਦੇ ਧੰਧਿਆਂ ਵਿਚ ਲੱਗਾ ਰਹਿੰਦਾ ਹੈ, ਉਤਨਾ ਚਿਰ ਚਿੰਤਾ ਵਿਚ ਹੀ ਫਸਿਆ ਰਹਿੰਦਾ ਹੈ, ਮਨ) ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤਿਆਂ ਹੀ ਖਿੜਾਉ ਵਿਚ ਆਉਂਦਾ ਹੈ।੩।

ਮਹਲਾ ੨ ॥

ਨਾਲਿ ਇਆਣੇ ਦੋਸਤੀ ਵਡਾਰੂ ਸਿਉ ਨੇਹੁ ॥ ਪਾਣੀ ਅੰਦਰਿ ਲੀਕ ਜਿਉ ਤਿਸ ਦਾ ਥਾਉ ਨ ਥੇਹੁ ॥੪॥

ਪਦ ਅਰਥ :—ਵਡਾਰੂ-ਵੱਡਾ ਮਨੁਖ, ਆਪਣੇ ਨਾਲੋਂ ਵੱਡਾ ਮਨੁਖ।੪।

ਅਰਥ :—ਅੰਞਾਣ ਨਾਲ ਮਿੱਤਰਤਾ, ਜਾਂ ਆਪਣੇ ਨਾਲੋਂ ਵੱਡੇ ਨਾਲ ਪਿਆਰ—ਇਹ ਇਉਂ ਹਨ ਜਿਵੇਂ ਪਾਣੀ ਵਿਚ ਲੀਕ ਹੈ, ਉਸ ਲੀਕ ਦਾ ਕੋਈ ਨਿਸ਼ਾਨ ਨਹੀਂ ਰਹਿੰਦਾ।੪।

ਮਹਲ ੨ ॥

**ਹੋਇ ਇਆਣਾ ਕਰੇ ਕੰਮੁ ਆਣਿ ਨ ਸਕੈ ਰਾਸਿ ॥
ਜੇ ਇਕ ਅਧ ਚੰਗੀ ਕਰੇ ਦੂਜੀ ਭੀ ਵੇਰਾਸਿ ॥੫॥**

ਪਦ ਅਰਥ :—ਇਕ ਅਧ—ਥੋੜਾ ਬਹੁਤਾ, ਕੋਈ ਇਕ ਕੰਮ। ਵੇਰਾਸਿ—ਉਲਟ-ਪੁਲਟ, ਖ਼ਰਾਬ।੫।

ਅਰਥ :—ਜੇ ਕੋਈ ਅੰਞਾਣ ਹੋਵੇ ਤੇ ਉਹ ਕੋਈ ਕੰਮ ਕਰੇ, ਉਹੋ ਕੰਮ ਨੂੰ ਸਿਰੇ ਨਹੀਂ ਚਾੜ੍ਹ ਸਕਦਾ; ਜੇ ਭਲਾ ਉਹ ਕਦੇ ਕੋਈ ਮਾੜਾ-ਮੋਟਾ

ਇਕ ਕੰਮ ਕਰ ਭੀ ਲਵੇ, ਤਾਂ ਭੀ ਦੂਜੇ ਕੰਮ ਨੂੰ ਵਿਗਾੜ ਦਏਗਾ ।੫।

ਪਉੜੀ ॥

ਚਾਕਰੁ ਲਗੈ ਚਾਕਰੀ ਜੇ ਚਲੈ ਖਸਮੈ ਭਾਇ ॥ ਹੁਰਮਤਿ ਤਿਸ ਨੋ ਅਗਲੀ ਓਹੁ ਵਜਹੁ ਭਿ ਦੂਣਾ ਖਾਇ ॥ ਖਸਮੈ ਕਰੇ ਬਰਾਬਰੀ ਫਿਰਿ ਗੈਰਤਿ ਅੰਦਰਿ ਪਾਇ ॥ ਵਜਹੁ ਗਵਾਏ ਅਗਲਾ ਮੁਹੇ ਮੁਹਿ ਪਾਣਾ ਖਾਇ ॥ ਜਿਸ ਦਾ ਦਿਤਾ ਖਾਵਣਾ ਤਿਸੁ ਕਹੀਐ ਸਾਬਾਸਿ ॥ ਨਾਨਕ ਹੁਕਮੁ ਨ ਚਲਈ ਨਾਲਿ ਖਸਮ ਚਲੈ ਅਰਦਾਸਿ ॥੨੨॥

ਪਦ ਅਰਥ :–ਖਸਮੈ ਭਾਇ–ਖਸਮ ਦੀ ਮਰਜ਼ੀ ਅਨੁਸਾਰ, ਆਪਣੇ ਮਾਲਕ ਦੀ ਮਰਜ਼ੀ ਦੇ ਪਿੱਛੇ । ਹੁਰਮਤਿ–ਇੱਜ਼ਤ । ਅਗਲੀ–ਬਹੁਤੀ । ਵਜਹੁ–ਤਨਖ਼ਾਹ, ਰੋਜ਼ੀਨਾ, ਵਜ਼ੀਫ਼ਾ । ਗੈਰਤਿ–ਸ਼ਰਮਿੰਦਗੀ । ਅਗਲਾ–ਪਹਿਲਾ, ਜੋ ਪਹਿਲਾਂ ਮਿਲਦਾ ਸੀ । ਮੁਹੇ ਮੁਹਿ–ਮੂੰਹ ਉੱਤੇ, ਭਾਵ, ਸਦਾ ਆਪਣੇ ਮੂੰਹ ਉੱਤੇ । ਪਾਣਾ–ਜੁੱਤੀਆਂ ।੨੨।

ਅਰਥ :–ਜੇ ਨੌਕਰ ਆਪਣੇ ਮਾਲਕ ਦੀ ਮਰਜ਼ੀ ਅਨੁਸਾਰ ਤੁਰੇ (ਤਾਂ ਹੀ ਸਮਝੋ ਕਿ) ਉਹ ਮਾਲਕ ਦੀ ਨੌਕਰੀ ਕਰ ਰਿਹਾ ਹੈ । ਉਸ ਨੂੰ ਇਕ ਤਾਂ ਬੜੀ ਇੱਜ਼ਤ ਮਿਲਦੀ ਹੈ, ਦੂਜੇ ਤਨਖ਼ਾਹ ਭੀ ਮਾਲਕ ਪਾਸੋਂ ਦੂਣੀ ਲੈਂਦਾ ਹੈ ।

ਪਰ ਜੇ ਸੇਵਕ ਆਪਣੇ ਮਾਲਕ ਦੀ ਬਰਾਬਰੀ ਕਰਦਾ ਹੈ (ਭਾਵ ਮਾਲਕ ਨਾਲ ਸਾਵਾਂ ਹੋਣ ਦਾ ਜਤਨ ਕਰਦਾ ਹੈ), ਉਹ ਮਨ ਵਿਚ ਸ਼ਰਮਿੰਦਗੀ ਹੀ ਉਠਾਂਦਾ ਹੈ, ਆਪਣੀ ਪਹਿਲੀ ਤਨਖ਼ਾਹ ਭੀ ਗਵਾ ਬੈਠਦਾ ਹੈ ਤੇ ਸਦਾ ਮੂੰਹ ਤੇ ਜੁੱਤੀਆਂ ਖਾਂਦਾ ਹੈ ।

ਹੇ ਨਾਨਕ ! ਜਿਸ ਮਾਲਕ ਦਾ ਦਿੱਤਾ ਖਾਈਏ, ਉਸ ਦੀ ਸਦਾ ਵਡਿਆਈ ਕਰਨੀ ਚਾਹੀਦੀ ਹੈ, ਮਾਲਕ ਉੱਤੇ ਹੁਕਮ ਨਹੀਂ ਕੀਤਾ ਜ ਸਕਦਾ, ਉਸ ਦੇ ਅੱਗੇ ਅਰਜ਼ ਕਰਨੀ ਹੀ ਫਬਦੀ ਹੈ ।੨੨।

ਸਲੋਕੁ ਮਹਲਾ ੨ ॥

ਏਹ ਕਿਨੇਹੀ ਦਾਤਿ ਆਪਸ ਤੇ ਜੋ ਪਾਈਐ ॥
ਨਾਨਕ ਸਾ ਕਰਮਾਤਿ ਸਾਹਿਬ ਤੁਠੈ ਜੋ ਮਿਲੈ ॥੧॥

ਪਦ ਅਰਥ :–ਦਾਤਿ–ਬਖ਼ਸ਼ਸ਼। ਆਪਸ ਤੇ–ਆਪਣੇ ਆਪ ਤੋਂ, ਆਪਣੇ ਉੱਦਮ ਨਾਲ। ਕਰਮਾਤਿ–(ਫ਼ਾ: ਕਰਾਮਤ) ਬਖ਼ਸ਼ਸ਼, ਦਾਤਿ।

[ਨੋਟ–ਇਹ ਸ਼ਬਦ 'ਕਰਾਮਾਤਿ' ਤੋਂ ਨਹੀਂ ਹੈ, ਸ਼ਬਦ 'ਦਾਤਿ' ਦੇ ਨਾਲ ਬਖ਼ਸ਼ਸ਼ ਅਰਥ ਵਾਲਾ ਸ਼ਬਦ ਹੀ ਢੁਕਦਾ ਹੈ।]

ਅਰਥ :–ਜੇ ਆਖੀਏ ਕਿ ਮੈਂ ਆਪਣੇ ਉੱਦਮ ਨਾਲ ਇਹ ਚੀਜ਼ ਲਈ ਹੈ, ਤਾਂ ਇਹ (ਮਾਲਕ ਵਲੋਂ) ਬਖ਼ਸ਼ਸ਼ ਨਹੀਂ ਅਖਵਾ ਸਕਦੀ। ਹੇ ਨਾਨਕ! ਬਖ਼ਸ਼ਸ਼ ਉਹੀ ਹੈ ਜੋ ਮਾਲਕ ਦੇ ਤਰੁੱਠਿਆਂ ਮਿਲੇ।੧।

ਮਹਲਾ ੨ ॥

ਏਹ ਕਿਨੇਹੀ ਚਾਕਰੀ ਜਿਤੁ ਭਉ ਖਸਮ ਨ ਜਾਇ ॥
ਨਾਨਕ ਸੇਵਕੁ ਕਾਢੀਐ ਜਿ ਸੇਤੀ ਖਸਮ ਸਮਾਇ ॥੨॥

ਪਦ ਅਰਥ :–ਜਿਤੁ–ਜਿਸ ਦੀ ਰਾਹੀਂ, ਜਿਸ ਦੀ ਚਾਕਰੀ ਦੇ ਕਰਨ ਨਾਲ। ਕਾਢੀਐ–ਆਖੀਦਾ ਹੈ, ਕਿਹਾ ਜਾਂਦਾ ਹੈ। ਜਿ-ਜੋ ਸੇਵਕ। ਸਮਾਇ–ਲੀਨ ਹੋ ਜਾਏ, ਸਮਾ ਜਾਏ, ਇਕ ਰੂਪ ਹੋ ਜਾਏ।੨।

ਅਰਥ :–ਜਿਸ ਸੇਵਾ ਦੇ ਕਰਨ ਨਾਲ (ਸੇਵਕ ਦੇ ਦਿਲ ਵਿਚੋਂ) ਆਪਣੇ ਮਾਲਕ ਦਾ ਡਰ ਦੂਰ ਨਾ ਹੋਵੇ, ਉਹ ਸੇਵਾ ਅਸਲੀ ਸੇਵਾ ਨਹੀਂ। ਹੇ ਨਾਨਕ! (ਸੱਚਾ) ਸੇਵਕ ਉਹੀ ਅਖਵਾਂਦਾ ਹੈ ਜੋ ਆਪਣੇ ਮਾਲਕ ਦੇ ਨਾਲ ਇਕ-ਰੂਪ ਹੋ ਜਾਂਦਾ ਹੈ।੨।

ਪਉੜੀ ॥

ਨਾਨਕ ਅੰਤ ਨ ਜਾਪਨ੍ਹੀ ਹਰਿ ਤਾ ਕੇ ਪਾਰਾਵਾਰ ॥ ਆਪਿ ਕਰਾਏ ਸਾਖਤੀ ਫਿਰਿ ਆਪਿ ਕਰਾਏ ਮਾਰ ॥ ਇਕਨ੍ਹਾ ਗਲੀ ਜੰਜੀਰੀਆ ਇਕਿ ਤੁਰੀ ਚੜਹਿ ਬਿਸੀਆਰ ॥ ਆਪਿ ਕਰਾਏ ਕਰੇ ਆਪਿ ਹਉ ਕੈ ਸਿਉ ਕਰੀ ਪੁਕਾਰ ॥ ਨਾਨਕ ਕਰਣਾ ਜਿਨਿ ਕੀਆ ਫਿਰਿ ਤਿਸ ਹੀ ਕਰਣੀ ਸਾਰ ॥੨੩॥

ਪਦ ਅਰਥ:—ਹਰਿ ਤਾ ਕੇ—ਉਸ ਹਰੀ ਦੇ। ਸਾਖਤੀ—ਬਨਾਵਟ, ਪੈਦਾਇਸ਼। ਇਕਿ—ਕਈ ਜੀਵ। ਤੁਰੀ—ਘੋੜਿਆਂ ਉੱਤੇ। ਬਿਸੀਆਰ—ਬਹੁਤ ਸਾਰੇ। ਹਉ—ਮੈਂ। ਕੈ ਸਿਉ—ਕਿਸ ਦੇ ਅਗੇ। ਕਰਣਾ—ਸ੍ਰਿਸ਼ਟੀ। ਜਿਨਿ—ਜਿਸ (ਪ੍ਰਭੂ) ਨੇ।੨੩।

ਅਰਥ :—ਹੇ ਨਾਨਕ ! ਉਸ ਪ੍ਰਭੂ ਦੇ ਪਾਰਲੇ ਉਰਾਰਲੇ ਬੰਨਿਆਂ ਦੇ ਅੰਤ ਨਹੀਂ ਪੈ ਸਕਦੇ। ਉਹ ਆਪ ਹੀ ਜੀਵਾਂ ਦੀ ਪੈਦਾਇਸ਼ ਕਰਦਾ ਹੈ ਤੇ ਆਪ ਹੀ ਉਹਨਾਂ ਨੂੰ ਮਾਰ ਦੇਂਦਾ ਹੈ। ਕਈ ਜੀਵਾਂ ਦੇ ਗਲ ਵਿਚ ਜ਼ੰਜੀਰ ਪਏ ਹੋਏ ਹਨ (ਭਾਵ, ਕਈ ਕੈਦ ਗ਼ੁਲਾਮੀ ਆਦਿਕ ਦੇ ਕਸ਼ਟ ਸਹਿ ਰਹੇ ਹਨ, ਅਤੇ) ਬੇਸ਼ੁਮਾਰ ਜੀਵ ਘੋੜਿਆਂ ਤੇ ਚੜ੍ਹ ਰਹੇ ਹਨ (ਭਾਵ, ਮਾਇਆ ਦੀਆਂ ਮੌਜਾਂ ਲੈ ਰਹੇ ਹਨ)। (ਇਹ ਸਾਰੇ ਖੇਡ-ਤਮਾਸ਼ੇ) ਉਹ ਪ੍ਰਭੂ ਆਪ ਹੀ ਕਰ-ਕਰਾ ਰਿਹਾ ਹੈ, (ਉਸ ਤੋਂ ਬਿਨਾ ਹੋਰ ਕੋਈ ਦੂਜਾ ਨਹੀਂ ਹੈ) ਮੈਂ ਕਿਸ ਦੇ ਅੱਗੇ (ਇਸ ਦੀ) ਫ਼ਰਿਆਦ ਕਰ ਸਕਦਾ ਹਾਂ ? ਹੇ ਨਾਨਕ ! ਜਿਸ ਕਰਤਾ ਨੇ ਸ੍ਰਿਸ਼ਟੀ ਰਚੀ ਹੈ, ਫਿਰ ਉਹੀ ਉਸ ਦੀ ਸੰਭਾਲਣਾ ਕਰ ਰਿਹਾ ਹੈ।੨੩।

ਸਲੋਕੁ ਮ: ੧ ॥

ਆਪੇ ਭਾਂਡੇ ਸਾਜਿਅਨੁ ਆਪੇ ਪੂਰਣੁ ਦੇਇ ॥ ਇਕਨ੍ਹੀ

ਦੁਧੁ ਸਮਾਈਐ ਇਕਿ ਚੁਲ੍ਹੈ ਰਹਨਿ ਚੜੇ ॥ ਇਕਿ ਨਿਹਾਲੀ ਪੈ ਸਵਨਿ੍ ਇਕਿ ਉਪਰਿ ਰਹਨਿ ਖੜੇ ॥ ਤਿਨ੍ਹਾ ਸਵਾਰੇ ਨਾਨਕਾ ਜਿਨ੍ਹ ਕਉ ਨਦਰਿ ਕਰੇ ॥੧॥

ਪਦ ਅਰਥ :—ਪੂਰਣੁ ਦੇਇ—ਭਰਦਾ ਹੈ, ਪੂਰਨਤਾ (ਉਹਨਾਂ ਭਾਂਡਿਆਂ ਵਿਚ) ਦੇਂਦਾ ਹੈ। ਇਕਨ੍ਹੀ—ਕਈ ਭਾਂਡਿਆਂ ਵਿਚ। ਸਮਾਈਐ—ਸਮਾਉਂਦਾ ਹੈ, ਪੈਂਦਾ ਹੈ। ਨਿਹਾਲੀ—ਤੁਲਾਈ। ਪੈ ਸਵਨਿ੍—ਲੰਮੀਆਂ ਤਾਣ ਕੇ ਸੌਂਦੇ ਹਨ, ਬੇਫ਼ਿਕਰ ਹੋ ਕੇ ਸੌਂਦੇ ਹਨ। ਉਪਰਿ—(ਉਹਨਾਂ ਦੀ) ਸੇਵਾ ਵਾਸਤੇ, ਰਾਖੀ ਵਾਸਤੇ। ਨਦਰਿ—ਮਿਹਰ ਦੀ ਨਜ਼ਰ।੧।

ਅਰਥ :—ਪ੍ਰਭੂ ਨੇ (ਜੀਵਾਂ ਦੇ ਸਰੀਰ ਰੂਪ) ਭਾਂਡੇ ਆਪ ਹੀ ਬਣਾਏ ਹਨ, ਤੇ ਉਹ ਜੋ ਕੁਝ ਇਹਨਾਂ ਵਿਚ ਪਾਂਦਾ ਹੈ, (ਭਾਵ, ਜੋ ਦੁਖ ਸੁਖ ਇਹਨਾਂ ਦੀ ਕਿਸਮਤ ਵਿਚ ਦੇਂਦਾ ਹੈ, ਆਪ ਹੀ ਦੇਂਦਾ ਹੈ)। ਕਈ ਭਾਂਡਿਆਂ ਵਿਚ ਦੁੱਧ ਪਿਆ ਰਹਿੰਦਾ ਹੈ ਤੇ ਕਈ ਵਿਚਾਰੇ ਚੁਲ੍ਹੇ ਉਤੇ ਹੀ ਤਪਦੇ ਰਹਿੰਦੇ ਹਨ (ਭਾਵ; ਕਈ ਜੀਵਾਂ ਦੇ ਭਾਗਾਂ ਵਿਚ ਸੁਖ ਤੇ ਸੋਹਣੇ ਸੋਹਣੇ ਪਦਾਰਥ ਹਨ, ਅਤੇ ਕਈ ਜੀਵ ਸਦਾ ਕਸ਼ਟ ਹੀ ਸਹਾਰਦੇ ਹਨ)। ਕਈ (ਭਾਗਾਂ ਵਾਲੇ) ਤੁਲਾਈਆਂ ਉੱਤੇ ਬੇਫ਼ਿਕਰ ਹੋ ਕੇ ਸੌਂਦੇ ਹਨ, ਕਈ ਵਿਚਾਰੇ (ਉਹਨਾਂ ਦੀ ਰਾਖੀ ਆਦਿਕ ਸੇਵਾ ਵਾਸਤੇ) ਉਹਨਾਂ ਦੀ ਹਜ਼ੂਰੀ ਵਿਚ ਖਲੋਤੇ ਰਹਿੰਦੇ ਹਨ। ਪਰ, ਹੇ ਨਾਨਕ ! ਜਿਨ੍ਹਾਂ ਉੱਤੇ ਮਿਹਰ ਦੀ ਨਜ਼ਰ ਕਰਦਾ ਹੈ, ਉਨ੍ਹਾਂ ਨੂੰ ਸੰਵਾਰਦਾ ਹੈ (ਭਾਵ, ਉਨ੍ਹਾਂ ਦਾ ਜੀਵਨ ਸੁਧਾਰਦਾ ਹੈ) ।੧।

ਮਹਲਾ ੨ ॥

ਆਪੇ ਸਾਜੇ ਕਰੇ ਆਪਿ ਜਾਈ ਭਿ ਰਖੈ ਆਪਿ ॥
ਤਿਸੁ ਵਿਚਿ ਜੰਤ ਉਪਾਇ ਕੈ ਦੇਖੈ ਥਾਪਿ ਉਥਾਪਿ ॥
ਕਿਸ ਨੋ ਕਹੀਐ ਨਾਨਕਾ ਸਭੁ ਕਿਛੁ ਆਪੇ ਆਪਿ ॥੨॥

ਪਦ ਅਰਥ :–ਜਾਈ–ਪੈਦਾ ਕੀਤੀ ਹੋਈ ਨੂੰ, ਸ੍ਰਿਸ਼ਟੀ ਨੂੰ। ਥਾਪਿ–ਥਾਪ ਕੇ, ਟਿਕਾ ਕੇ। ਉਥਾਪਿ–ਨਾਸ ਕਰ ਕੇ। ਸਭੁ ਕਿਛੁ–ਭਾਵ, ਸਭ ਕੁਝ ਕਰਨ ਦੇ ਸਮਰੱਥ ।੨।

ਅਰਥ :–ਪ੍ਰਭੂ ਆਪ ਹੀ ਸ੍ਰਿਸ਼ਟੀ ਨੂੰ ਪੈਦਾ ਕਰਦਾ ਹੈ, ਆਪ ਹੀ ਇਸ ਨੂੰ ਸਜਾਂਦਾ ਹੈ, ਸ੍ਰਿਸ਼ਟੀ ਦੀ ਸੰਭਾਲ ਭੀ ਆਪ ਹੀ ਕਰਦਾ ਹੈ, ਇਸ ਸ੍ਰਿਸ਼ਟੀ ਵਿਚ ਜੀਵਾਂ ਨੂੰ ਪੈਦਾ ਕਰ ਕੇ ਵੇਖਦਾ ਹੈ, ਆਪ ਹੀ ਟਿਕਾਂਦਾ ਹੈ ਤੇ ਆਪ ਹੀ ਢਾਂਹਦਾ ਹੈ।

ਹੇ ਨਾਨਕ! ਉਸ ਤੋਂ ਬਿਨਾ ਕਿਸੇ ਹੋਰ ਦੇ ਅੱਗੇ ਫ਼ਰਿਆਦ ਨਹੀਂ ਹੋ ਸਕਦੀ, ਉਹ ਆਪ ਹੀ ਸਭ ਕੁਝ ਕਰਨ ਦੇ ਸਮਰੱਥ ਹੈ ।੨।

ਪਉੜੀ ॥

ਵਡੇ ਕੀਆ ਵਡਿਆਈਆ ਕਿਛੁ ਕਹਣਾ ਕਹਣੁ ਨ ਜਾਇ ॥ ਸੋ ਕਰਤਾ ਕਾਦਰ ਕਰੀਮੁ ਦੇ ਜੀਆ ਰਿਜਕੁ ਸੰਬਾਹਿ ॥ਸਾਈ ਕਾਰ ਕਮਾਵਣੀ ਧੁਰਿ ਛੋਡੀ ਤਿੰਨੈ ਪਾਇ ॥ ਨਾਨਕ ਏਕੀ ਬਾਹਰੀ ਹੋਰ ਦੂਜੀ ਨਾਹੀ ਜਾਇ ॥ ਸੋ ਕਰੇ ਜਿ ਤਿਸੈ ਰਜਾਇ ॥੨੪॥੧॥

ਪਦ ਅਰਥ :–ਵਡਿਆਈਆ–ਗੁਣ, ਸਿਫ਼ਤ। ਕਰੀਮੁ–ਕਰਮ ਕਰਨ ਵਾਲਾ, ਬਖਸ਼ਸ਼ ਕਰਨ ਵਾਲਾ। ਦੇ--ਦੇਂਦ ਹੈ। ਸੰਬਾਹਿ–(ਸੰਵਹ–To carry or bear along cause, to collect, to essemble. ਇਕੱਤਰ ਕਰਨਾ) ਇਕੱਠਾ ਕਰ ਕੇ। ਦੇ ਸੰਬਾਹਿ--ਸੰਬਾਹਿ ਦੇਂਦਾ ਹੈ, ਅਪੜਾਂਦਾ ਹੈ। ਤਿੰਨੈ--ਤਿਨ ਹੀ, ਉਸੇ ਨੇ ਆਪ ਹੀ, ਪ੍ਰਭੂ ਨੇ ਆਪ ਹੀ। ਏਕੀ ਬਾਹਰੀ--ਇਕ ਥਾਂ ਤੋਂ ਬਿਨਾ, ਪ੍ਰਭੂ ਦੀ ਇਕ ਥਾਂ ਤੋਂ ਬਿਨਾ। ਜਾਇ--ਥਾਂ। ਰਜਾਇ--ਮਰਜ਼ੀ ।੨੪।

ਅਰਥ :--ਪ੍ਰਭੂ ਦੇ ਗੁਣਾਂ ਸੰਬੰਧੀ ਕੋਈ ਗੱਲ ਕਹੀ ਨਹੀਂ ਜਾ ਸਕਦੀ, (ਭਾਵ, ਗੁਣਾਂ ਦਾ ਅੰਤ ਨਹੀਂ ਪੈ ਸਕਦਾ)। ਉਹ ਆਪ ਹੀ ਸਿਰਜਨਹਾਰ ਹੈ, ਆਪ ਹੀ ਕੁਦਰਤ ਦਾ ਮਾਲਕ ਹੈ, ਆਪ ਹੀ ਬਖਸ਼ਸ਼

ਰਨ ਵਾਲਾ ਹੈ ਤੇ ਆਪ ਹੀ ਜੀਵਾਂ ਨੂੰ ਰਿਜ਼ਕ ਅਪੜਾਂਦਾ ਹੈ। ਸਾਰੇ
ੀਵ ਉਹੀ ਕਾਰ ਕਰਦੇ ਹਨ ਜੋ ਉਸ ਪ੍ਰਭੂ ਨੇ ਆਪ ਹੀ (ਉਹਨਾਂ ਦੇ
ਾਗਾਂ ਵਿਚ) ਪਾ ਛੱਡੀ ਹੈ।

ਹੇ ਨਾਨਕ! ਇਕ ਪ੍ਰਭੂ ਦੀ ਟੇਕ ਤੋਂ ਬਿਨਾ ਹੋਰ ਕੋਈ ਥ
ਹੀਂ। ਜੋ ਕੁਝ ਉਸ ਦੀ ਮਰਜ਼ੀ ਹੈ, ਉਹੀ ਕਰਦਾ ਹੈ।੨੪।

*

੧ ੴ ਸਤਿਗੁਰਪ੍ਰਸਾਦਿ ॥

ਆਸਾ ਮਹਲਾ ੪ ਛੰਤ ਘਰੁ ੪ ॥

ਹਰਿ ਅੰਮ੍ਰਿਤ ਭਿੰਨੇ ਲੋਇਣਾ ਮਨੁ ਪ੍ਰੇਮਿ ਰਤੰਨਾ ਰਾਮ ਰਾਜੇ ॥
ਮਨੁ ਰਾਮਿ ਕਸਵਟੀ ਲਾਇਆ ਕੰਚਨੁ ਸੋਵਿੰਨਾ ॥
ਗੁਰਮੁਖਿ ਰੰਗਿ ਚਲੂਲਿਆ ਮੇਰਾ ਮਨੁ ਤਨੋ ਭਿੰਨਾ ॥
ਜਨੁ ਨਾਨਕੁ ਮੁਸਕਿ ਝਕੋਲਿਆ ਸਭੁ ਜਨਮੁ ਧਨੁ ਧੰਨਾ ॥੧॥

ਪਦ ਅਰਥ :—ਭਿੰਨੇ—ਭਿੱਜੇ ਹੋਏ ਹਨ, ਤਰ ਹੋ ਗਏ ਹਨ, ਸਰੂਰ ਵਿਚ ਆ ਗਏ ਹਨ। ਲੋਇਣ—ਅੱਖਾਂ। ਪ੍ਰੇਮਿ—ਪ੍ਰੇਮ-ਰੰਗ ਵਿਚ। ਰਤੰਨਾ—ਰੱਤਾ ਹੋਇਆ, ਰੰਗਿਆ ਗਿਆ ਹੈ। ਰਾਮਿ—ਰਾਮ ਨੇ। ਕੰਚਨੁ—ਸੋਨਾ। ਸੋਵਿੰਨਾ—ਸੁਵੰਨ, ਸੋਹਣੇ ਰੰਗ ਵਾਲਾ। ਗੁਰਮੁਖਿ—ਗੁਰੂ ਦੀ ਸਰਨ ਪਿਆਂ। ਚਲੂਲਿਆ—ਗੂੜ੍ਹੇ ਲਾਲ ਰੰਗ ਨਾਲ ਰੰਗਿਆ ਗਿਆ ਹੈ। ਤਨੋ—ਤਨੁ, ਸਰੀਰ, ਹਿਰਦਾ। ਮੁਸਕਿ—ਕਸਤੂਰੀ ਨਾਲ ਝਕੋਲਿਆ—ਚੰਗੀ ਤਰ੍ਹਾਂ ਸੁਗੰਧਤ ਹੋ ਗਿਆ ਹੈ। ਧਨੁ ਧੰਨਾ—ਭਾਗਾਂ ਵਾਲਾ, ਸਫਲ।੧।

ਅਰਥ :—ਹੇ ਭਾਈ! ਮੇਰੀਆਂ ਅੱਖਾਂ ਆਤਮਕ ਜੀਵਨ ਦੇਣ ਵਾਲੇ ਹਰਿ-ਨਾਮ-ਜਲ ਨਾਲ ਸਰੂਰ ਵਿਚ ਆ ਗਈਆਂ ਹਨ, ਮੇਰਾ ਮਨ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਗਿਆ ਹੈ। ਪਰਮਾਤਮਾ ਨੇ ਮੇਰੇ ਮਨ ਨੂੰ (ਆਪਣੇ ਨਾਮ ਦੀ) ਕਸਵੱਟੀ ਉਤੇ ਘਸਾਇਆ ਹੈ, ਤੇ ਇਹ ਸੁੱਧ ਸੋਨਾ ਬਣ ਗਿਆ ਹੈ। ਗੁਰੂ ਦੀ ਸਰਨ ਪਿਆਂ ਮੇਰਾ ਮਨ ਪ੍ਰਭੂ ਦੇ ਪ੍ਰੇਮ-ਰੰਗ ਵਿਚ ਗੂੜ੍ਹਾ ਲਾਲ ਹੋ ਗਿਆ ਹੈ, ਮੇਰਾ ਮਨ ਤਰੋ-ਤਰ ਹੋ

ਗਿਆ ਹੈ, ਮੇਰਾ ਹਿਰਦਾ ਤਰੋ-ਤਰ ਹੋ ਗਿਆ ਹੈ। (ਗੁਰੂ ਦੀ ਕਿਰਪਾ ਨਾਲ) ਦਾਸ ਨਾਨਕ (ਪ੍ਰਭੂ ਦੇ ਨਾਮ ਦੀ) ਕਸਤੂਰੀ ਨਾਲ ਚੰਗੀ ਤਰ੍ਹਾਂ ਸੁਗੰਧਿਤ ਹੋ ਗਿਆ ਹੈ, (ਦਾਸ ਨਾਨਕ ਦਾ) ਸਾਰਾ ਜੀਵਨ ਹੀ ਭਾਗਾਂ ਵਾਲਾ ਬਣ ਗਿਆ ਹੈ ।੧।

ਹਰਿ ਪ੍ਰੇਮ ਬਾਣੀ ਮਨੁ ਮਾਰਿਆ ਅਣੀਆਲੇ ਅਣੀਆ ਰਾਮ ਰਾਜੇ॥
ਜਿਸੁ ਲਾਗੀ ਪੀਰ ਪਿਰੰਮ ਕੀ ਸੋ ਜਾਣੈ ਜਰੀਆ॥
ਜੀਵਨ ਮੁਕਤਿ ਸੋ ਆਖੀਐ ਮਰਿ ਜੀਵੈ ਮਰੀਆ॥
ਜਨ ਨਾਨਕ ਸਤਿਗੁਰੁ ਮੇਲਿ ਹਰਿ ਜਗੁ ਦੁਤਰੁ ਤਰੀਆ॥੨॥

ਪਦ ਅਰਥ :—ਅਣੀਆਲੇ—ਅਣੀ ਵਾਲੇ, ਤ੍ਰਿੱਖੀ ਨੋਕ ਵਾਲੇ (ਤੀਰ)। ਪੀਰ—ਪੀੜ, ਦਰਦ। ਪਿਰੰਮ—ਪ੍ਰੇਮ। ਜਰੀਆ—ਜਰੀ ਜਾਂਦੀ ਹੈ। ਜੀਵਨ ਮੁਕਤਿ—ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਮਾਇਆ ਦੇ ਬੰਧਨਾਂ ਤੋਂ ਆਜ਼ਾਦ। ਮਰਿ—ਮਰ ਕੇ, ਮਾਇਆ ਵਲੋਂ ਅਛੋਹ ਹੋ ਕੇ। ਦੁਤਰੁ—ਜਿਸ ਤੋਂ ਪਾਰ ਲੰਘਣਾ ਔਖਾ ਹੈ ।੨।

ਅਰਥ :—ਪ੍ਰਭੂ-ਚਰਨਾਂ ਵਿਚ ਪ੍ਰੇਮ ਪੈਦਾ ਕਰਨ ਵਾਲੀ ਗੁਰਬਾਣੀ ਨੇ ਮੇਰਾ ਮਨ ਵਿੰਨ੍ਹ ਲਿਆ ਹੈ, ਜਿਵੇਂ ਤ੍ਰਿੱਖੀ ਨੋਕ ਵਾਲੇ ਤੀਰ (ਕਿਸੇ ਚੀਜ਼ ਨੂੰ) ਵਿੰਨ੍ਹ ਲੈਂਦੇ ਹਨ। (ਹੇ ਭਾਈ!) ਜਿਸ ਮਨੁੱਖ ਦੇ ਅੰਦਰ ਪ੍ਰਭੂ-ਪ੍ਰੇਮ ਦੀ ਪੀੜ ਉੱਠਦੀ ਹੈ, ਉਹੀ ਜਾਣਦਾ ਹੈ ਕਿ ਉਸ ਨੂੰ ਕਿਵੇਂ ਸਹਾਰਿਆ ਜਾ ਸਕਦਾ ਹੈ। ਜਿਹੜਾ ਮਨੁੱਖ ਮਾਇਆ ਦੇ ਮੋਹ ਵਲੋਂ ਅਛੋਹ ਹੋ ਕੇ ਆਤਮਕ ਜੀਵਨ ਜੀਊਂਦਾ ਹੈ, ਉਹ ਦੁਨੀਆ ਦੀ ਕਿਰਤ ਕਾਰ ਕਰਦਾ ਹੋਇਆ ਹੀ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਰਹਿੰਦਾ ਹੈ। ਹੇ ਦਾਸ ਨਾਨਕ! (ਆਖ—) ਹੇ ਹਰੀ! ਮੈਨੂੰ ਗੁਰੂ ਮਿਲਾ, ਤਾਂ ਕਿ ਮੈਂ ਇਸ ਸੰਸਾਰ (-ਸਮੁੰਦਰ) ਤੋਂ ਪਾਰ ਲੰਘ ਸਕਾਂ, ਜਿਸ ਨੂੰ ਤਰਨਾ ਔਖਾ ਹੈ ।੨।

ਹਮ ਮੂਰਖ ਮੁਗਧ ਸਰਣਾਗਤੀ ਮਿਲੁ ਗੋਵਿੰਦ ਰੰਗਾ ਰਾਮ ਰਾਜੇ॥
ਗੁਰਿ ਪੂਰੈ ਹਰਿ ਪਾਇਆ ਹਰਿ ਭਗਤਿ ਇਕ ਮੰਗਾ॥

ਮੇਰਾ ਮਨੁ ਤਨੁ ਸਬਦਿ ਵਿਗਾਸਿਆ ਜਪਿ ਅਨਤ ਤਰੰਗਾ ॥
ਮਿਲਿ ਸੰਤ ਜਨਾ ਹਰਿ ਪਾਇਆ ਨਾਨਕ ਸਤਸੰਗਾ ॥੩॥

ਪਦ ਅਰਥ :–ਮੁਗਧ–ਮੂਰਖ, ਬੇ-ਸਮਝ । ਗੋਵਿੰਦ–ਹੇ ਗੋਵਿੰਦ ! ਰੰਗਾ–ਕਈ ਚੋਜ-ਤਮਾਸ਼ੇ ਕਰਨ ਵਾਲਾ । ਗੁਰਿ–ਗੁਰੂ ਦੀ ਰਾਹੀਂ । ਮੰਗਾ–ਮੰਗਾਂ, ਮੈਂ ਮੰਗਦਾ ਹਾਂ । ਸਬਦਿ–ਗੁਰ-ਸ਼ਬਦ ਦੀ ਰਾਹੀਂ । ਵਿਗਾਸਿਆ–ਖਿੜ ਪਿਆ ਹੈ । ਜਪਿ–ਜਪ ਕੇ । ਅਨਤ ਤਰੰਗਾ–ਅਨੰਤ ਤਰੰਗਾਂ ਵਾਲਾ, ਜਿਸ ਵਿਚ ਬੇਅੰਤ ਲਹਰਾਂ ਉਠ ਰਹੀਆਂ ਹਨ । ਮਿਲਿ–ਮਿਲ ਕੇ [ਲਫ਼ਜ਼ 'ਮਿਲੁ' ਅਤੇ 'ਮਿਲਿ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ] ।੩।

ਅਰਥ :–ਹੇ ਬੇਅੰਤ ਕੌਤਕਾਂ ਦੇ ਮਾਲਕ ਗੋਵਿੰਦ ! (ਸਾਨੂੰ) ਮਿਲ, ਅਸੀਂ ਮੂਰਖ ਬੇ-ਸਮਝ ਤੇਰੀ ਸਰਨ ਆਏ ਹਾਂ । (ਹੇ ਭਾਈ !) ਮੈਂ (ਗੁਰੂ ਪਾਸੋਂ) ਪਰਮਾਤਮਾ ਦੀ ਭਗਤੀ (ਦੀ ਦਾਤਿ) ਮੰਗਦਾ ਹਾਂ, (ਕਿਉਂਕਿ) ਪੂਰੇ ਗੁਰੂ ਦੀ ਰਾਹੀਂ ਹੀ ਪਰਮਾਤਮਾ ਮਿਲ ਸਕਦਾ ਹੈ । (ਹੇ ਭਾਈ !) ਗੁਰੂ ਦੇ ਸ਼ਬਦ ਦੀ ਰਾਹੀਂ ਬੇਅੰਤ ਲਹਰਾਂ ਵਾਲੇ (ਸਮੁੰਦਰ-ਪ੍ਰਭੂ) ਨੂੰ ਸਿਮਰ ਕੇ ਮੇਰਾ ਮਨ ਖਿੜ ਪਿਆ ਹੈ, ਮੇਰਾ ਹਿਰਦਾ ਪ੍ਰਫੁਲਤ ਹੋ ਗਿਆ ਹੈ । ਹੇ ਨਾਨਕ ! (ਆਖ–) ਸੰਤ ਜਨਾਂ ਨੂੰ ਮਿਲ ਕੇ ਸੰਤਾਂ ਦੀ ਸੰਗਤਿ ਵਿਚ ਮੈਂ ਪਰਮਾਤਮਾ ਨੂੰ ਲੱਭ ਲਿਆ ਹੈ ।੩।

ਦੀਨ ਦਇਆਲ ਸੁਣਿ ਬੇਨਤੀ
ਹਰਿ ਪ੍ਰਭ ਹਰਿ ਰਾਇਆ ਰਾਮ ਰਾਜੇ ॥
ਹਉ ਮਾਗਉ ਸਰਣਿ ਹਰਿ ਨਾਮ ਕੀ ਹਰਿ ਹਰਿ ਮੁਖਿ ਪਾਇਆ ॥
ਭਗਤਿ ਵਛਲੁ ਹਰਿ ਬਿਰਦੁ ਹੈ ਹਰਿ ਲਾਜ ਰਖਾਇਆ ॥
ਜਨੁ ਨਾਨਕੁ ਸਰਣਾਗਤੀ ਹਰਿ ਨਾਮਿ ਤਰਾਇਆ ॥੪॥੮॥੧੫॥

ਪਦ ਅਰਥ :–ਦਇਆਲ–ਹੇ ਦਇਆ ਦੇ ਘਰ ! ਪ੍ਰਭ–ਹੇ ਪ੍ਰਭੂ ! ਹਰਿ ਰਾਇਆ–ਹੇ ਪ੍ਰਭੂ ਪਾਤਿਸ਼ਾਹ ! ਹਉ–ਮੈਂ । ਮਾਗਉ–

ਮਾਗਉ, ਮੈਂ ਮੰਗਦਾ ਹਾਂ। ਸਰਣਿ—ਆਸਰਾ, ਓਟ। ਮੁਖਿ—ਮੁਖ ਵਿਚ। ਭਗਤਿ ਵਛਲੁ—ਭਗਤੀ ਨਾਲ ਪਿਆਰ ਕਰਨ ਵਾਲਾ। ਬਿਰਦੁ—ਮੁੱਢ ਕਦੀਮਾਂ ਦਾ ਸੁਭਾਉ। ਲਾਜ—ਇੱਜ਼ਤ। ਨਾਮਿ—ਨਾਮ ਦੀ ਰਾਹੀਂ ।੪।

ਅਰਥ :—ਹੇ ਦੀਨਾਂ ਉਤੇ ਦਇਆ ਕਰਨ ਵਾਲੇ ! ਹੇ ਹਰੀ ! ਹੇ ਪ੍ਰਭੂ ! ਹੇ ਪ੍ਰਭੂ ਪਾਤਿਸ਼ਾਹ ! ਮੇਰੀ ਬੇਨਤੀ ਸੁਣ। ਹੇ ਹਰੀ ! ਮੈਂ ਤੇਰੇ ਨਾਮ ਦਾ ਆਸਰਾ ਮੰਗਦਾ ਹਾਂ। ਹੇ ਹਰੀ ! (ਤੇਰੀ ਮੇਹਰ ਹੋਵੇ ਤਾਂ ਮੈਂ ਤੇਰਾ ਨਾਮ) ਆਪਣੇ ਮੂੰਹ ਵਿਚ ਪਾ ਸਕਦਾ ਹਾਂ (ਮੂੰਹ ਨਾਲ ਜਪ ਸਕਦਾ ਹਾਂ)।

(ਹੇ ਭਾਈ !) ਪਰਮਾਤਮਾ ਦਾ ਇਹ ਮੁੱਢ ਕਦੀਮਾਂ ਦਾ ਸੁਭਾਉ ਹੈ ਕਿ ਉਹ ਭਗਤੀ ਨਾਲ ਪਿਆਰ ਕਰਦਾ ਹੈ (ਜਿਹੜਾ ਉਸ ਦੀ ਸਰਨ ਪਏ, ਉਸ ਦੀ) ਇੱਜ਼ਤ ਰੱਖ ਲੈਂਦਾ ਹੈ। (ਹੇ ਭਾਈ !) ਦਾਸ ਨਾਨਕ (ਭੀ) ਉਸ ਹਰੀ ਦੀ ਸਰਨ ਆ ਪਿਆ ਹੈ, (ਸਰਨ ਆਏ ਮਨੁੱਖ ਨੂੰ) ਹਰੀ ਆਪਣੇ ਨਾਮ ਵਿਚ ਜੋੜ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ।੪।੮।੧੫।

ਆਸਾ ਮਹਲਾ ੪ ॥

ਗੁਰਮੁਖਿ ਢੂੰਢਿ ਢੂਢੇਦਿਆ ਹਰਿ ਸਜਣੁ ਲਧਾ ਰਾਮ ਰਾਜੇ ॥
ਕੰਚਨ ਕਾਇਆ ਕੋਟ ਗੜ ਵਿਚਿ ਹਰਿ ਹਰਿ ਸਿਧਾ ॥
ਹਰਿ ਹਰਿ ਹੀਰਾ ਰਤਨੁ ਹੈ ਮੇਰਾ ਮਨੁ ਤਨੁ ਵਿਧਾ ॥
ਧੁਰਿ ਭਾਗ ਵਡੇ ਹਰਿ ਪਾਇਆ ਨਾਨਕ ਰਸਿ ਗੁਧਾ ॥੧॥

ਪਦ ਅਰਥ :—ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਲਧਾ—ਲੱਭ ਪਿਆ ਹੈ। ਕੰਚਨ ਕੋਟ ਗੜ—ਸੋਨੇ ਦਾ ਕਿਲ੍ਹਾ। ਕਾਇਆ—ਸਰੀਰ। ਸਿਧਾ—ਸਿੱਧਾ, ਪਰਗਟ। ਵਿਧਾ—ਵਿੱਝ ਗਿਆ ਹੈ। ਧੁਰਿ—ਧੁਰ ਦਰਗਾਹ ਤੋਂ। ਰਸਿ—ਰਸ ਵਿਚ, ਅਨੰਦ ਵਿਚ। ਗੁਧਾ—ਗੁੱਝ ਗਿਆ ਹਾਂ ।੧।

ਅਰਥ :-(ਹੇ ਭਾਈ !) ਗੁਰੂ ਦੀ ਸਰਨ ਪੈ ਕੇ ਭਾਲ ਕਰਦਿਆਂ

ਕਰਦਿਆਂ ਮੈਂ ਮਿੱਤਰ-ਪ੍ਰਭੂ ਨੂੰ (ਆਪਣੇ ਅੰਦਰ ਹੀ) ਲੱਭ ਲਿਆ ਹੈ। ਮੇਰਾ ਇਹ ਸਰੀਰ ਕਿਲ੍ਹਾ (ਮਾਨੋ) ਸੋਨੇ ਦਾ ਬਣ ਗਿਆ ਹੈ, (ਕਿਉਂਕਿ ਗੁਰੂ ਦੀ ਕਿਰਪਾ ਨਾਲ) ਇਸ ਵਿਚ ਪਰਮਾਤਮਾ ਪਰਗਟ ਹੋ ਗਿਆ ਹੈ। (ਹੇ ਭਾਈ! ਮੈਨੂੰ ਆਪਣੇ ਅੰਦਰ ਹੀ) ਪਰਮਾਤਮਾ ਦਾ ਨਾਮ-ਰਤਨ, ਪਰਮਾਤਮਾ ਦਾ ਨਾਮ-ਹੀਰਾ (ਮਿਲ ਪਿਆ) ਹੈ (ਜਿਸ ਨਾਲ ਮੇਰਾ ਕਠੋਰ) ਮਨ, (ਮੇਰਾ ਕਠੋਰ) ਹਿਰਦਾ ਵਿੰਨ੍ਹਿਆ ਗਿਆ ਹੈ (ਨਰਮ ਹੋ ਗਿਆ ਹੈ)। ਹੇ ਨਾਨਕ! (ਆਖ-ਹੇ ਭਾਈ!) ਧੁਰ ਪ੍ਰਭੂ ਦੀ ਹਜ਼ੂਰੀ ਤੋਂ ਵੱਡੇ ਭਾਗਾਂ ਨਾਲ ਮੈਨੂੰ ਪਰਮਾਤਮਾ ਮਿਲ ਪਿਆ ਹੈ, ਮੇਰਾ ਆਪਾ ਉਸ ਦੇ ਪ੍ਰੇਮ-ਰਸ ਵਿਚ ਭਿੱਜ ਗਿਆ ਹੈ।੧।

ਪੰਥੁ ਦਸਾਵਾ ਨਿਤ ਖੜੀ ਮੁੰਧ ਜੋਬਨਿ ਬਾਲੀ ਰਾਮ ਰਾਜੇ॥
ਹਰਿ ਹਰਿ ਨਾਮੁ ਚੇਤਾਇ ਗੁਰ ਹਰਿ ਮਾਰਗਿ ਚਾਲੀ॥
ਮੇਰੈ ਮਨਿ ਤਨਿ ਨਾਮੁ ਆਧਾਰੁ ਹੈ ਹਉਮੈ ਬਿਖੁ ਜਾਲੀ॥
ਜਨ ਨਾਨਕ ਸਤਿਗੁਰੁ ਮੇਲਿ ਹਰਿ
ਹਰਿ ਮਿਲਿਆ ਬਨਵਾਲੀ॥੨॥

ਪਦ ਅਰਥ :–ਪੰਥੁ–ਰਸਤਾ। ਦਸਾਵਾ–ਦਸਾਵਾਂ, ਮੈਂ ਪੁੱਛਦੀ ਹਾਂ। ਮੁੰਧ–ਜੀਵ-ਇਸਤ੍ਰੀ। ਜੋਬਨਿ–ਜਵਾਨੀ ਵਿਚ (ਮੱਤੀ ਹੋਈ)। ਬਾਲੀ–ਅੰਞਾਣ। ਗੁਰ–ਹੇ ਗੁਰੂ! ਚੇਤਾਇ–ਚੇਤੇ ਕਰਾ। ਮਾਰਗਿ–ਰਸਤੇ ਉਤੇ। ਚਾਲੀ–ਚੱਲਾਂ। ਮਨਿ–ਮਨ ਵਿਚ। ਤਨਿ–ਹਿਰਦੇ ਵਿਚ। ਆਧਾਰੁ–ਆਸਰਾ। ਬਿਖੁ–ਜ਼ਹਿਰ। ਜਾਲੀ–ਜਾਲੀਂ, ਜਲਾਵਾਂ, ਸਾੜ ਦਿਆਂ। ਮੇਲਿ–ਮਿਲਾ। ਬਨਵਾਲੀ–ਪਰਮਾਤਮਾ।੨।

ਅਰਥ :–ਹੇ ਸਤਿਗੁਰੂ! ਮੈਂ ਜੋਬਨ-ਮੱਤੀ ਅੰਞਾਣ ਜੀਵ-ਇਸਤ੍ਰੀ (ਤੇਰੇ ਦਰ ਤੇ) ਸਦਾ ਖਲੋਤੀ ਹੋਈ (ਤੈਥੋਂ ਪਤੀ-ਪ੍ਰਭੂ ਦੇ ਦੇਸ ਦਾ) ਰਾਹ ਪੁਛਦੀ ਹਾਂ। ਹੇ ਸਤਿਗੁਰੂ! ਮੈਨੂੰ ਪ੍ਰਭੂ-ਪਤੀ ਦਾ ਨਾਮ ਚੇਤੇ ਕਰਾਂਦਾ ਰਹੁ, (ਮੇਹਰ ਕਰ) ਮੈਂ ਪਰਮਾਤਮਾ ਦੇ (ਦੇਸ ਪਹੁੰਚਾਣ ਵਾਲੇ) ਰਸਤੇ

ਉਤੇ ਤੁਰਾਂ। ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਪ੍ਰਭੂ ਦਾ ਨਾਮ ਹੀ ਸਹਾਰਾ ਹੈ। (ਜੇ ਤੇਰੀ ਕਿਰਪਾ ਹੋਵੇ ਤਾਂ ਇਸ ਨਾਮ ਦੀ ਬਰਕਤਿ ਨਾਲ ਆਪਣੇ ਅੰਦਰੋਂ) ਮੈਂ ਹਉਮੈ-ਜ਼ਹਰ ਨੂੰ ਸਾੜ ਦਿਆਂ। ਹੇ ਦਾਸ ਨਾਨਕ! (ਆਖ–ਹੇ ਪ੍ਰਭੂ! ਮੈਨੂੰ) ਗੁਰੂ ਮਿਲਾ। ਜਿਹੜਾ ਭੀ ਕੋਈ ਪਰਮਾਤਮਾ ਨੂੰ ਮਿਲਿਆ ਹੈ, ਗੁਰੂ ਦੀ ਰਾਹੀਂ ਹੀ ਮਿਲਿਆ ਹੈ।੨।

ਗੁਰਮੁਖਿ ਪਿਆਰੇ ਆਇ ਮਿਲੁ ਮੈ ਚਿਰੀ ਵਿਛੁੰਨੇ ਰਾਮ ਰਾਜੇ॥
ਮੇਰਾ ਮਨੁ ਤਨੁ ਬਹੁਤੁ ਬੈਰਾਗਿਆ ਹਰਿ ਨੈਣ ਰਸਿ ਭਿੰਨੇ॥
ਮੈ ਹਰਿ ਪ੍ਰਭੁ ਪਿਆਰਾ ਦਸਿ ਗੁਰੁ ਮਿਲਿ ਹਰਿ ਮਨੁ ਮੰਨੇ॥
ਹਉ ਮੂਰਖੁ ਕਾਰੈ ਲਾਈਆ ਨਾਨਕ ਹਰਿ ਕੰਮੇ॥੩॥

ਪਦ ਅਰਥ:-ਗੁਰਮੁਖਿ–ਗੁਰੂ ਦੀ ਰਾਹੀਂ। ਪਿਆਰੇ–ਹੇ ਪਿਆਰੇ ਹਰੀ! ਮੈ–ਮੈਨੂੰ। ਬੈਰਾਗਿਆ–ਉਦਰਿਆ ਹੋਇਆ ਹੈ। ਰਸਿ–(ਪ੍ਰੇਮ-) ਜਲ ਨਾਲ। ਭਿੰਨੇ–ਭਿੱਜੇ ਹੋਏ। ਮਿਲਿ-ਮਿਲ ਕੇ। ਮੰਨੇ–ਪਤੀਜ ਜਾਏ, ਧਰਵਾਸ ਫੜੇ। ਹਉ–ਮੈਂ।੩।

ਅਰਥ:-ਹੇ ਪਿਆਰੇ ਹਰੀ! ਮੈਨੂੰ ਚਿਰ ਦੇ ਵਿਛੁੜੇ ਹੋਏ ਨੂੰ ਗੁਰੂ ਦੀ ਰਾਹੀਂ ਆ ਮਿਲ। ਹੇ ਹਰੀ! ਮੇਰਾ ਮਨ ਮੇਰਾ ਹਿਰਦਾ ਬਹੁਤ ਉਦਰਿਆ ਹੋਇਆ ਹੈ, ਮੇਰੀਆਂ ਅੱਖਾਂ (ਵਿਛੋੜੇ ਦੇ ਕਾਰਨ ਤੇਰੇ) ਪ੍ਰੇਮ-ਜਲ ਨਾਲ ਭਿੱਜੀਆਂ ਹੋਈਆਂ ਹਨ। ਹੇ ਹਰੀ! ਮੈਨੂੰ ਪਿਆਰੇ ਗੁਰੂ ਦੀ ਦੱਸ ਪਾ, ਗੁਰੂ ਨੂੰ ਮਿਲ ਕੇ ਮੇਰਾ ਮਨ ਤੇਰੀ ਯਾਦ ਵਿਚ ਗਿੱਝ ਜਾਏ। ਹੇ ਨਾਨਕ! (ਆਖ–) ਹੇ ਹਰੀ! ਮੈਂ ਮੂਰਖ ਹਾਂ, ਮੈਨੂੰ ਆਪਣੇ (ਨਾਮ ਸਿਮਰਨ ਦੇ) ਕੰਮ ਵਿਚ ਜੋੜ।੩।

ਗੁਰ ਅੰਮ੍ਰਿਤ ਭਿਨੀ ਦੇਹੁਰੀ ਅੰਮ੍ਰਿਤੁ ਬੁਰਕੇ ਰਾਮ ਰਾਜੇ॥
ਜਿਨਾ ਗੁਰਬਾਣੀ ਮਨਿ ਭਾਈਆ ਅੰਮ੍ਰਿਤਿ ਛਕਿ ਛਕੇ॥
ਗੁਰਿ ਤੁਠੈ ਹਰਿ ਪਾਇਆ ਚੂਕੇ ਧਕ ਧਕੇ॥
ਹਰਿ ਜਨੁ ਹਰਿ ਹਰਿ ਹੋਇਆ ਨਾਨਕੁ ਹਰਿ ਇਕੇ॥੪॥੯॥੧੬॥

ਪਦ ਅਰਥ :–ਗੁਰ ਦੇਹੁਰੀ–ਗੁਰੂ ਦਾ ਸੋਹਣਾ ਸਰੀਰ। ਅੰਮ੍ਰਿਤ–ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਬੁਰਕੇ–(ਹੋਰਨਾ ਦੇ ਹਿਰਦੇ ਸਰੀਰ ਵਿਚ) ਛਿੜਕਦਾ ਹੈ। ਮਨਿ–ਮਨ ਵਿਚ। ਭਾਈਆ–ਭਾਈ, ਪਿਆਰੀ ਲੱਗੀ। ਅੰਮ੍ਰਿਤਿ–ਅੰਮ੍ਰਿਤ ਨਾਲ, ਆਤਮਕ ਜੀਵਨ ਦੇਣ ਵਾਲੇ ਜਲ ਨਾਲ। ਛਕਿ ਛਕੇ–ਛਕਿ ਛਕਿ, ਛਕ ਛਕ ਕੇ। ਤੁਠੈ–ਦਇਆਵਾਨ ਹੋਣ ਨਾਲ। ਚੁਕੇ–ਮੁੱਕ ਗਏ। ਧਕ ਧਕੇ–ਨਿੱਤ ਦੇ ਧੱਕੇ, ਨਿੱਤ ਦੇ ਠੇਡੇ। ਨਾਨਕੁ–ਨਾਨਕ (ਆਖਦਾ ਹੈ)।੪।

ਅਰਥ :–(ਹੇ ਭਾਈ) ਗੁਰੂ ਦਾ ਸੋਹਣਾ ਹਿਰਦਾ ਸਦਾ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਭਿੱਜਾ ਰਹਿੰਦਾ ਹੈ, ਉਹ (ਗੁਰੂ ਹੋਰਨਾਂ ਦੇ ਹਿਰਦੇ ਵਿਚ ਭੀ ਇਹ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਛਿੜਕਦਾ ਰਹਿੰਦਾ ਹੈ। ਜਿਨ੍ਹਾਂ ਮਨੁੱਖਾਂ ਨੂੰ ਆਪਣੇ ਮਨ ਵਿਚ ਸਤਿਗੁਰੂ ਦੀ ਬਾਣੀ ਪਿਆਰੀ ਲੱਗ ਪੈਂਦੀ ਹੈ, ਬਾਣੀ ਦਾ ਰਸ ਮਾਣ ਮਾਣ ਕੇ ਉਹਨਾਂ ਦੇ ਹਿਰਦੇ ਭੀ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਭਿੱਜ ਜਾਂਦੇ ਹਨ। ਨਾਨਕ (ਆਖਦਾ ਹੈ, ਗੁਰੂ ਦੀ ਕਿਰਪਾ ਨਾਲ) ਪਰਮਾਤਮਾ ਤੇ ਪਰਮਾਤਮਾ ਦਾ ਸੇਵਕ ਇਕ-ਰੂਪ ਹੋ ਜਾਂਦੇ ਹਨ, ਸੇਵਕ ਪਰਮਾਤਮਾ ਵਿਚ ਲੀਨ ਹੋ ਜਾਂਦਾ ਹੈ।੪।੬।੧੬।

ਆਸਾ ਮਹਲਾ ੪ ॥

ਹਰਿ ਅੰਮ੍ਰਿਤ ਭਗਤਿ ਭੰਡਾਰ ਹੈ
ਗੁਰ ਸਤਿਗੁਰ ਪਾਸੇ ਰਾਮ ਰਾਜੇ ॥
ਗੁਰੁ ਸਤਿਗੁਰੁ ਸਚਾ ਸਾਹੁ ਹੈ ਸਿਖ ਦੇਇ ਹਰਿ ਰਾਸੇ ॥
ਧਨੁ ਧੰਨੁ ਵਣਜਾਰਾ ਵਣਜੁ ਹੈ ਗੁਰੁ ਸਾਹੁ ਸਾਬਾਸੇ ॥
ਜਨੁ ਨਾਨਕੁ ਗੁਰੁ ਤਿਨੀ ਪਾਇਆ
ਜਿਨ ਧੁਰਿ ਲਿਖਤੁ ਲਿਲਾਟਿ ਲਿਖਾਸੇ ॥੧॥

ਪਦ ਅਰਥ :–ਪਾਸੇ–ਪਾਸਿ, ਕੋਲ। ਸਚਾ ਸਾਹੁ–ਸਦਾ-ਥਿਰ ਨਾਮ-ਖ਼ਜ਼ਾਨੇ ਦਾ ਸ਼ਾਹੂਕਾਰ। ਸਿਖ–ਸਿੱਖਾਂ ਨੂੰ। ਦੇਇ–ਦੇਂਦਾ ਹੈ। ਰਾਸੇ–

ਰਾਸਿ, ਪੂੰਜੀ, ਸਰਮਾਇਆ । ਧਨੁ ਧੰਨੁ—ਭਾਗਾਂ ਵਾਲਾ । ਸਾਬਾਸੇ—ਸ਼ਾਬਾਸ਼ । ਜਿਨ ਲਿਲਾਟਿ—ਜਿਨ੍ਹਾਂ ਦੇ ਮੱਥੇ ਉਤੇ । ਧੁਰਿ—ਧੁਰ ਦਰਗਾਹ ਤੋਂ । ਲਿਖਾਸੇ—ਲਿਖਿਆ ਹੋਇਆ ਹੈ ।੧।

ਅਰਥ :—(ਹੇ ਭਾਈ !) ਆਤਮਕ ਜੀਵਨ ਦੇਣ ਵਾਲੀ ਪ੍ਰਭੂ-ਭਗਤੀ ਦੇ ਖ਼ਜ਼ਾਨੇ ਗੁਰੂ ਸਤਿਗੁਰੂ ਦੇ ਕੋਲ ਹੀ ਹਨ । ਇਸ ਸਦਾ-ਥਿਰ ਹਰਿ-ਭਗਤੀ ਦੇ ਖ਼ਜ਼ਾਨੇ ਦਾ ਸ਼ਾਹੂਕਾਰ ਗੁਰੂ ਸਤਿਗੁਰ ਹੀ ਹੈ, ਉਹ ਆਪਣੇ ਸਿੱਖਾਂ ਨੂੰ ਇਹ ਭਗਤੀ-ਸਰਮਾਇਆ ਦੇਂਦਾ ਹੈ । (ਹੇ ਭਾਈ !) (ਪ੍ਰਭੂ-ਭਗਤੀ ਦਾ ਵਣਜ) ਸ੍ਰੇਸ਼ਟ ਵਣਜ ਹੈ, ਭਾਗਾਂ ਵਾਲਾ ਹੈ ਉਹ ਮਨੁੱਖ ਜੋ ਇਹ ਵਣਜ ਕਰਦਾ ਹੈ, ਨਾਮ-ਧਨ ਦਾ ਸ਼ਾਹ ਗੁਰੂ ਉਸ ਮਨੁੱਖ ਨੂੰ ਸ਼ਾਬਾਸ਼ ਦੇਂਦਾ ਹੈ । ਦਾਸ ਨਾਨਕ (ਆਖਦਾ ਹੈ—ਹੇ ਭਾਈ !) ਜਿਨ੍ਹਾਂ ਮਨੁੱਖਾਂ ਦੇ ਮੱਥੇ ਉੱਤੇ ਧੁਰੋਂ ਪ੍ਰਭੂ ਦੀ ਹਜ਼ੂਰੀ ਤੋਂ (ਇਸ ਸਰਮਾਏ ਦੀ ਪ੍ਰਾਪਤੀ ਦਾ) ਲੇਖ ਲਿਖਿਆ ਹੈ, ਉਹਨਾਂ ਨੂੰ ਹੀ ਮਿਲਦਾ ਹੈ ।੧।

ਸਚੁ ਸਾਹੁ ਹਮਾਰਾ ਤੂੰ ਧਣੀ ਸਭੁ ਜਗਤੁ ਵਣਜਾਰਾ ਰਾਮ ਰਾਜੇ ॥
ਸਭ ਭਾਂਡੇ ਤੁਧੈ ਸਾਜਿਆ ਵਿਚਿ ਵਸਤੁ ਹਰਿ ਥਾਰਾ ॥
ਜੋ ਪਾਵਹਿ ਭਾਂਡੇ ਵਿਚਿ ਵਸਤੁ ਸਾ ਨਿਕਲੈ
ਕਿਆ ਕੋਈ ਕਰੇ ਵੇਚਾਰਾ ॥
ਜਨ ਨਾਨਕ ਕਉ ਹਰਿ ਬਖਸਿਆ ਹਰਿ ਭਗਤਿ ਭੰਡਾਰਾ ॥੨॥

ਪਦ ਅਰਥ :—ਸਚੁ—ਸਦਾ ਕਾਇਮ ਰਹਿਣ ਵਾਲਾ । ਧਣੀ—ਮਾਲਕ । ਸਭੁ—ਸਾਰਾ । ਭਾਂਡੇ—ਸਰੀਰ । ਤੁਧੈ—ਤੂੰ ਹੀ । ਹਰਿ—ਹੇ ਹਰੀ ! ਥਾਰਾ—ਤੇਰੀ ਹੀ । ਪਾਵਹਿ—ਤੂੰ ਪਾਂਦਾ ਹੈਂ । ਸਾ—ਉਹੀ । ਕਉ—ਨੂੰ ।੨।

ਅਰਥ :—ਹੇ ਪ੍ਰਭੂ ! ਤੂੰ ਸਾਡਾ ਮਾਲਕ ਹੈਂ, ਤੂੰ ਸਾਡਾ ਸਦਾ ਕਾਇਮ ਰਹਿਣ ਵਾਲਾ ਸ਼ਾਹ ਹੈਂ । (ਤੇਰਾ ਪੈਦਾ ਕੀਤਾ ਹੋਇਆ ਇਹ) ਸਾਰਾ ਜਗਤ ਇਥੇ ਤੇਰੇ ਦਿੱਤੇ ਨਾਮ-ਸਰਮਾਏ ਨਾਲ ਨਾਮ ਦਾ ਵਣਜ ਕਰਨ ਆਇਆ ਹੋਇਆ ਹੈ । ਹੇ ਪ੍ਰਭੂ ! ਇਹ ਸਾਰੇ ਜੀਵ ਜੰਤ ਤੂੰ ਹੀ ਪੈਦਾ ਕੀਤੇ ਹਨ, ਇਹਨਾਂ ਦੇ ਅੰਦਰ ਤੇਰੀ ਹੀ ਦਿੱਤੀ ਹੋਈ ਜਿੰਦ-ਵਸਤ

ਮੌਜੂਦ ਹੈ। ਕੋਈ ਵਿਚਾਰਾ ਜੀਵ (ਆਪਣੇ ਉੱਦਮ ਨਾਲ) ਕੁਝ ਭੀ ਨਹੀਂ ਕਰ ਸਕਦਾ, ਜਿਹੜਾ ਕੋਈ (ਗੁਣ ਔਗੁਣ) ਪਦਾਰਥ ਤੂੰ ਇਹਨਾਂ ਸਰੀਰਾਂ ਵਿਚ ਪਾਂਦਾ ਹੈਂ, ਉਹੀ ਉੱਘੜਦਾ ਹੈ। ਹੇ ਹਰੀ! ਆਪਣੇ ਦਾਸ ਨਾਨਕ ਨੂੰ ਭੀ ਤੂੰ ਹੀ (ਮੇਹਰ ਕਰ ਕੇ) ਆਪਣੀ ਭਗਤੀ ਦਾ ਖ਼ਜ਼ਾਨਾ ਬਖ਼ਸ਼ਿਆ ਹੈ।੨।

ਹਮ ਕਿਆ ਗੁਣ ਤੇਰੇ ਵਿਥਰਹ ਸੁਆਮੀ
ਤੂੰ ਅਪਰ ਅਪਾਰੋ ਰਾਮ ਰਾਜੇ ॥
ਹਰਿ ਨਾਮੁ ਸਾਲਾਹਹ ਦਿਨੁ ਰਾਤਿ ਏਹਾ ਆਸ ਆਧਾਰੋ ॥
ਹਮ ਮੂਰਖ ਕਿਛੂਅ ਨ ਜਾਣਹਾ ਕਿਵ ਪਾਵਹ ਪਾਰੋ ॥
ਜਨੁ ਨਾਨਕੁ ਹਰਿ ਕਾ ਦਾਸੁ ਹੈ ਹਰਿ ਦਾਸ ਪਨਿਹਾਰੋ ॥੩॥

ਪਦ ਅਰਥ :–ਹਮ–ਅਸੀ ਜੀਵ। ਵਿਥਰਹ–ਵਿਸਥਾਰ ਨਾਲ ਦੱਸ ਸਕਦੇ ਹਾਂ। ਕਿਆ ਗੁਣ–ਕੇਹੜੇ ਕੇਹੜੇ ਗੁਣ? ਸੁਆਮੀ–ਹੇ ਸੁਆਮੀ! ਅਪਰ–ਜਿਸ ਤੋਂ ਪਰੇ ਹੋਰ ਕੋਈ ਨਹੀਂ। ਅਪਾਰ–ਜਿਸ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ। ਸਾਲਾਹਹ–ਅਸੀ ਸਲਾਹੁੰਦੇ ਹਾਂ। ਆਧਾਰੋ–ਆਸਰਾ। ਕਿਛੂਅ–ਕੁਝ ਭੀ। ਨ ਜਾਣਹਾ–ਅਸੀ ਨਹੀਂ ਜਾਣਦੇ। ਕਿਵ–ਕਿਵੇਂ? ਪਾਵਹ–ਅਸੀ ਪਾਈਏ। ਪਾਰੋ–ਪਾਰੁ, ਅੰਤ। ਪਨਿਹਾਰੋ–ਪਾਣੀ ਭਰਨ ਵਾਲਾ, ਸੇਵਕ।੩।

ਅਰਥ :–ਹੇ ਮੇਰੇ ਮਾਲਕ! (ਤੂੰ ਬੇਅੰਤ ਗੁਣਾਂ ਦਾ ਮਾਲਕ ਹੈਂ) ਅਸੀ ਤੇਰੇ ਕੇਹੜੇ ਕੇਹੜੇ ਗੁਣ ਗਿਣ ਕੇ ਦੱਸ ਸਕਦੇ ਹਾਂ? ਤੂੰ ਬੇਅੰਤ ਹੈਂ, ਤੂੰ ਬੇਅੰਤ ਹੈਂ। ਹੇ ਸੁਆਮੀ! ਅਸੀ ਤਾਂ ਦਿਨੇ ਰਾਤਤੇਰੇ ਨਾਮ ਦੀ ਹੀ ਵਡਿਆਈ ਕਰਦੇ ਹਾਂ, ਸਾਡੇ ਜੀਵਨ ਦਾ ਇਹੀ ਸਹਾਰਾ ਹੈ, ਇਹੀ ਆਸਰਾ ਹੈ। ਹੇ ਪ੍ਰਭੂ! ਅਸੀ ਮੂਰਖ ਹਾਂ, ਸਾਨੂੰ ਕੋਈ ਸਮਝ ਨਹੀਂ ਹੈ, ਅਸੀ ਤੇਰਾ ਅੰਤ ਕਿਵੇਂ ਪਾ ਸਕਦੇ ਹਾਂ? (ਹੇ ਭਾਈ!) ਦਾਸ ਨਾਨਕ ਤਾਂ ਪਰਮਾਤਮਾ ਦਾ ਦਾਸ ਹੈ, ਪਰਮਾਤਮਾ ਦੇ ਦਾਸਾਂ ਦਾ ਦਾਸ ਹੈ।੩।

ਜਿਉ ਭਾਵੈ ਤਿਉ ਰਾਖਿ ਲੈ ਹਮ ਸਰਣਿ ਪ੍ਰਭ ਆਏ ਰਾਮ ਰਾਜੇ ॥
ਹਮ ਭੂਲਿ ਵਿਗਾੜਹ ਦਿਨਸੁ ਰਾਤਿ ਹਰਿ ਲਾਜ ਰਖਾਏ ॥
ਹਮ ਬਾਰਿਕ ਤੂੰ ਗੁਰੁ ਪਿਤਾ ਹੈ ਦੇ ਮਤਿ ਸਮਝਾਏ ॥
ਜਨੁ ਨਾਨਕੁ ਦਾਸੁ ਹਰਿ ਕਾਂਢਿਆ ਹਰਿ ਪੈਜ ਰਖਾਏ ॥੪॥
੧੦॥੧੭॥

ਪਦ ਅਰਥ :–ਭਾਵੈ–(ਤੈਨੂੰ) ਚੰਗਾ ਲੱਗੇ। ਪ੍ਰਭ–ਹੇ ਪ੍ਰਭੂ ! ਭੂਲਿ–ਭੁੱਲ ਕੇ, ਕੁਰਾਹੇ ਪੈ ਕੇ। ਵਿਗਾੜਹ–ਅਸੀ ਆਪਣੇ ਜੀਵਨ ਨੂੰ ਖ਼ਰਾਬ ਕਰ ਰਹੇ ਹਾਂ। ਲਾਜ–ਇੱਜ਼ਤ। ਹਰਿ–ਹੇ ਹਰੀ ! ਰਖਾਏ–ਰਖਾਇ, ਰੱਖ। ਦੇ–ਦੇ ਕੇ। ਸਮਝਾਏ–ਸਮਝਾਇ, ਸਮਝ ਬਖ਼ਸ਼। ਕਾਂਢਿਆ–ਕਿਹਾ ਜਾਂਦਾ ਹੈ, ਅਖਵਾਂਦਾ ਹੈ। ਪੈਜ–ਲਾਜ। ਰਖਾਏ–ਰਖਾਇ, ਰੱਖ।੪।

ਅਰਥ :–ਹੇ ਪ੍ਰਭੂ ! ਅਸੀ ਤੇਰੀ ਸਰਨ ਆਏ ਹਾਂ, ਹੁਣ ਜਿਵੇਂ ਤੇਰੀ ਮਰਜ਼ੀ ਹੋਵੇ ਤਿਵੇਂ ਸਾਨੂੰ (ਮੰਦੇ ਕੰਮਾਂ ਤੋਂ) ਬਚਾ ਲੈ। ਅਸੀ ਦਿਨ ਰਾਤ (ਜੀਵਨ-ਰਾਹ ਤੋਂ) ਖੁੰਝ ਕੇ (ਆਪਣੇ ਆਤਮਕ ਜੀਵਨ ਨੂੰ) ਖ਼ਰਾਬ ਕਰਦੇ ਰਹਿੰਦੇ ਹਾਂ। ਹੇ ਹਰੀ ! ਸਾਡੀ ਇੱਜ਼ਤ ਰੱਖ। ਹੇ ਪ੍ਰਭੂ ! ਅਸੀ ਤੇਰੇ ਬੱਚੇ ਹਾਂ, ਤੂੰ ਸਾਡਾ ਗੁਰੂ ਹੈਂ, ਤੂੰ ਸਾਡਾ ਪਿਤਾ ਹੈਂ, ਸਾਨੂੰ ਮਤਿ ਦੇ ਕੇ ਚੰਗੀ ਸਮਝ ਬਖ਼ਸ਼।

ਹੇ ਹਰੀ ! ਦਾਸ ਨਾਨਕ ਤੇਰਾ ਦਾਸ ਅਖਵਾਂਦਾ ਹੈ, (ਮੇਹਰ ਕਰ, ਆਪਣੇ ਦਾਸ ਦੀ) ਇੱਜ਼ਤ ਰੱਖ।੪।੧੦।੧੭।

ਆਸਾ ਮਹਲਾ ੪ ॥

ਜਿਨ੍ ਮਸਤਕਿ ਧੁਰਿ ਹਰਿ ਲਿਖਿਆ
ਤਿਨਾ ਸਤਿਗੁਰੁ ਮਿਲਿਆ ਰਾਮ ਰਾਜੇ ॥
ਅਗਿਆਨੁ ਅੰਧੇਰਾ ਕਟਿਆ ਗੁਰ ਗਿਆਨੁ ਘਟਿ ਬਲਿਆ ॥
ਹਰਿ ਲਧਾ ਰਤਨੁ ਪਦਾਰਥੋ ਫਿਰਿ ਬਹੁੜਿ ਨ ਚਲਿਆ ॥
ਜਨ ਨਾਨਕ ਨਾਮੁ ਆਰਾਧਿਆ ਆਰਾਧਿ ਹਰਿ ਮਿਲਿਆ ॥੧॥

ਪਦ ਅਰਥ :–ਮਸਤਕਿ–ਮੱਥੇ ਉਤੇ। ਧੁਰਿ–ਧੁਰ ਦਰਗਾਹ

ਤੋਂ । ਅਗਿਆਨੁ—ਆਤਮਕ ਜੀਵਨ ਵਲੋਂ ਬੇ-ਸਮਝੀ। ਅੰਧੇਰਾ—ਹਨੇਰਾ । ਘਟਿ—ਹਿਰਦੇ ਵਿਚ। ਬਲਿਆ—ਚਮਕ ਪਿਆ। ਲਧਾ—ਲੱਭ ਪਿਆ । ਪਦਾਰਥੋ—ਕੀਮਤੀ ਚੀਜ਼ । ਬਹੁੜਿ—ਮੁੜ । ਚਲਿਆ—ਗਵਾਚਿਆ । ਆਰਾਧਿ—ਸਿਮਰ ਕੇ ।੧।

ਅਰਥ :–(ਹੇ ਭਾਈ !) ਜਿਨ੍ਹਾਂ ਮਨੁੱਖਾਂ ਦੇ ਮੱਥੇ ਉਤੇ ਧੁਰ ਦਰਗਾਹ ਤੋਂ ਪਰਮਾਤਮਾ (ਗੁਰੂ-ਮਿਲਾਪ ਦਾ ਲੇਖ) ਲਿਖ ਦੇਂਦਾ ਹੈ, ਉਹਨਾਂ ਨੂੰ ਗੁਰੂ ਮਿਲ ਪੈਂਦਾ ਹੈ। (ਉਹਨਾਂ ਦੇ ਮਨ ਵਿਚੋਂ, ਗੁਰੂ ਦੀ ਮੇਹਰ ਨਾਲ) ਆਤਮਕ ਜੀਵਨ ਵਲੋਂ ਬੇ-ਸਮਝੀ ਦਾ ਹਨੇਰਾ ਦੂਰ ਹੋ ਜਾਂਦਾ ਹੈ, ਤੇ, ਉਹਨਾਂ ਦੇ ਹਿਰਦੇ ਵਿਚ ਗੁਰੂ ਦੀ ਬਖ਼ਸ਼ੀ ਹੋਈ ਆਤਮਕ ਜੀਵਨ ਦੀ ਸੂਝ ਚਮਕ ਪੈਂਦੀ ਹੈ। ਉਹਨਾਂ ਨੂੰ ਪਰਮਾਤਮਾ ਦਾ ਨਾਮ ਕੀਮਤੀ ਰਤਨ ਲੱਭ ਪੈਂਦਾ ਹੈ, ਜਿਹੜਾ ਮੁੜ (ਉਹਨਾਂ ਪਾਸੋਂ ਕਦੇ) ਗੁਆਚਦਾ ਨਹੀਂ। ਹੇ ਦਾਸ ਨਾਨਕ ! (ਆਖ—ਹੇ ਭਾਈ ! ਗੁਰੂ ਦੀ ਸਰਨ ਪੈ ਕੇ) ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ, ਨਾਮ ਸਿਮਰ ਕੇ ਉਹ ਪਰਮਾਤਮਾ ਵਿਚ ਹੀ ਲੀਨ ਹੋ ਜਾਂਦੇ ਹਨ ।੧।

ਜਿਨੀ ਐਸਾ ਹਰਿ ਨਾਮੁ ਨ ਚੇਤਿਓ
ਸੇ ਕਾਹੇ ਜਗਿ ਆਏ ਰਾਮ ਰਾਜੇ ॥
ਇਹੁ ਮਾਣਸ ਜਨਮੁ ਦੁਲੰਭੁ ਹੈ ਨਾਮ ਬਿਨਾ ਬਿਰਥਾ ਸਭੁ ਜਾਏ ॥
ਹੁਣਿ ਵਤੈ ਹਰਿ ਨਾਮੁ ਨ ਬੀਜਿਓ ਅਗੈ ਭੁਖਾ ਕਿਆ ਖਾਏ ॥
ਮਨਮੁਖਾ ਨੋ ਫਿਰਿ ਜਨਮੁ ਹੈ ਨਾਨਕ ਹਰਿ ਭਾਏ ॥੨॥

ਪਦ ਅਰਥ :–ਐਸਾ—ਅਜਿਹਾ ਕੀਮਤੀ । ਸੇ—ਉਹ ਬੰਦੇ। ਕਾਹੇ—ਕਿਸ ਵਾਸਤੇ ? ਜਗਿ—ਜਗਤ ਵਿਚ । ਦੁਲੰਭੁ—ਦੁਰਲੱਭ, ਬੜੀ ਮੁਸ਼ਕਲ ਨਾਲ ਮਿਲਣ ਵਾਲਾ। ਬਿਰਥਾ—ਅਜਾਈਂ । ਸਭੁ—ਸਾਰਾ। ਹੁਣਿ—ਇਸ ਮਨੁੱਖਾ ਜਨਮ ਵਿਚ । ਵਤੈ—ਵੱਤਰ ਦੇ ਵੇਲੇ। ਅਗੈ—ਪਰਲੋਕ ਵਿਚ, ਸਮਾ ਲੰਘ ਜਾਣ ਤੇ । ਕਿਆ ਖਾਏ-ਕੀਹ ਖਾਏਗਾ ? ਮਨਮੁਖ—ਆਪਣੇ ਮਨ ਦੇ ਪਿਛੇ ਤੁਰਨ ਵਾਲੇ। ਹਰਿ ਭਾਇ—ਹਰੀ ਨੂੰ (ਇਹੀ) ਚੰਗਾ ਲੱਗਦਾ ਹੈ ।੨।

ਅਰਥ :–(ਹੇ ਭਾਈ! ਆਤਮਕ ਜੀਵਨ ਦੀ ਸੂਝ ਦੇਣ ਵਾਲਾ) ਅਜਿਹਾ ਕੀਮਤੀ ਨਾਮ ਜਿਨ੍ਹਾਂ ਮਨੁੱਖਾਂ ਨੇ ਨਹੀਂ ਸਿਮਰਿਆ, ਉਹ ਜਗਤ ਵਿਚ ਕਾਹਦੇ ਲਈ ਜੰਮੇ? (ਉਹਨਾਂ ਦਾ ਮਨੁੱਖਾ ਜਨਮ ਕਿਸੇ ਕੰਮ ਨਾਹ ਆਇਆ)। ਇਹ ਮਨੁੱਖਾ ਜਨਮ ਬੜੀ ਮੁਸ਼ਕਲ ਨਾਲ ਮਿਲਦਾ ਹੈ, ਨਾਮ ਸਿਮਰਨ ਤੋਂ ਬਿਨਾ ਸਾਰੇ ਦਾ ਸਾਰਾ ਵਿਅਰਥ ਚਲਾ ਜਾਂਦਾ ਹੈ। (ਹੇ ਭਾਈ! ਜਿਹੜਾ ਕਿਸਾਨ ਵੱਤਰ ਵੇਲੇ ਪੈਲੀ ਨਹੀਂ ਬੀਜਦਾ, ਉਹ ਵੇਲਾ ਬੀਤ ਜਾਣ ਤੇ ਭੁੱਖਾ ਮਰਦਾ ਹੈ, ਤਿਵੇਂ ਹੀ) ਜਿਹੜਾ ਮਨੁੱਖਾ ਜਨਮ ਵਿਚ ਢੁਕਵੇਂ ਸਮੇ (ਆਪਣੇ ਹਿਰਦੇ ਦੀ ਖੇਤੀ ਵਿਚ) ਪਰਮਾਤਮਾ ਦਾ ਨਾਮ ਨਹੀਂ ਬੀਜਦਾ, ਉਹ ਪਰਲੋਕ ਵਿਚ ਤਦੋਂ ਕਿਹੜੀ ਖ਼ੁਰਾਕ ਵਰਤੇਗਾ ਜਦੋਂ ਆਤਮਕ ਜੀਵਨ ਦੇ ਪਲ੍ਰਨ ਵਾਸਤੇ ਨਾਮ-ਭੋਜਨ ਦੀ ਲੋੜ ਪਏਗੀ? ਹੇ ਨਾਨਕ! (ਆਖ–) ਆਪਣੇ ਮਨ ਦੇ ਪਿੱਛੇ ਤੁਰਨ ਵਾਲਿਆਂ ਨੂੰ ਮੁੜ ਮੁੜ ਜਨਮਾਂ ਦਾ ਚੱਕਰ ਮਿਲਦਾ ਹੈ, (ਉਹਨਾਂ ਵਾਸਤੇ) ਪਰਮਾਤਮਾ ਨੂੰ ਇਹੀ ਚੰਗਾ ਲੱਗਦਾ ਹੈ।੨।

ਤੂੰ ਹਰਿ ਤੇਰਾ ਸਭੁ ਕੋ ਸਭਿ ਤੁਧੁ ਉਪਾਏ ਰਾਮ ਰਾਜੇ ॥
ਕਿਛੁ ਹਾਥਿ ਕਿਸੈ ਦੈ ਕਿਛੁ ਨਾਹੀ ਸਭਿ ਚਲਹਿ ਚਲਾਏ ॥
ਜਿਨ੍ ਤੂੰ ਮੇਲਹਿ ਪਿਆਰੇ ਸੇ ਤੁਧੁ ਮਿਲਹਿ ਜੋ ਹਰਿ ਮਨਿ ਭਾਏ ॥
ਜਨ ਨਾਨਕ ਸਤਿਗੁਰੁ ਭੇਟਿਆ ਹਰਿ ਨਾਮਿ ਤਰਾਏ ॥੩॥

ਪਦ ਅਰਥ :–ਸਭੁ ਕੋ–ਹਰੇਕ ਜੀਵ। ਸਭਿ–ਸਾਰੇ। ਹਾਥਿ–ਹੱਥ ਵਿਚ। ਚਲਹਿ–ਚੱਲਦੇ ਹਨ, ਤੁਰਦੇ ਹਨ। ਪਿਆਰੇ–ਹੇ ਪਿਆਰੇ! ਤੁਧੁ–ਤੈਨੂੰ। ਮਨਿ–ਮਨ ਵਿਚ। ਭਾਏ–ਚੰਗੇ ਲੱਗਦੇ ਹਨ। ਨਾਮਿ–ਨਾਮ ਦੀ ਰਾਹੀਂ। ਤਰਾਏ–ਪਾਰ ਲੰਘਾਂਦਾ ਹੈ।੩।

ਅਰਥ :–ਹੇ ਹਰੀ! ਤੂੰ ਸਭ ਜੀਵਾਂ ਦਾ ਮਾਲਕ ਹੈਂ, ਹਰੇਕ ਜੀਵ ਤੇਰਾ (ਪੈਦਾ ਕੀਤਾ ਹੋਇਆ ਹੈ), ਸਾਰੇ ਜੀਵ ਤੂੰ ਹੀ ਪੈਦਾ ਕੀਤੇ ਹੋਏ ਹਨ। ਕਿਸੇ ਜੀਵ ਦੇ ਆਪਣੇ ਵੱਸ ਵਿਚ ਕੁਝ ਨਹੀਂ, ਜਿਵੇਂ ਤੂੰ ਤੋਰਦਾ ਹੈਂ, ਤਿਵੇਂ ਸਾਰੇ ਜੀਵ ਤੁਰਦੇ ਹਨ। ਹੇ ਪਿਆਰੇ! ਜਿਨ੍ਹਾਂ ਜੀਵਾਂ ਨੂੰ ਤੂੰ ਆਪਣੇ ਨਾਲ ਮਿਲਾਂਦਾ ਹੈਂ, ਜੇਹੜੇ ਤੈਨੂੰ ਆਪਣੇ ਮਨ ਵਿਚ

ਚੰਗੇ ਲੱਗਦੇ ਹਨ, ਉਹ ਤੇਰੇ ਚਰਨਾਂ ਵਿਚ ਜੁੜੇ ਰਹਿੰਦੇ ਹਨ।

ਹੇ ਦਾਸ ਨਾਨਕ ! (ਆਖ—ਹੇ ਭਾਈ !) ਜਿਨ੍ਹਾਂ ਮਨੁੱਖਾਂ ਨੂੰ ਗੁਰੂ ਮਿਲ ਪੈਂਦਾ ਹੈ, ਗੁਰੂ ਉਹਨਾਂ ਨੂੰ ਪਰਮਾਤਮਾ ਦੇ ਨਾਮ ਵਿਚ ਜੋੜ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ।੩।

ਕੋਈ ਗਾਵੈ ਰਾਗੀ ਨਾਦੀ ਬੇਦੀ ਬਹੁ ਭਾਂਤਿ ਕਰਿ
ਨਹੀ ਹਰਿ ਹਰਿ ਭੀਜੈ ਰਾਮ ਰਾਜੇ ॥
ਜਿਨਾ ਅੰਤਰਿ ਕਪਟੁ ਵਿਕਾਰੁ ਹੈ ਤਿਨਾ ਰੋਇ ਕਿਆ ਕੀਜੈ ॥
ਹਰਿ ਕਰਤਾ ਸਭੁ ਕਿਛੁ ਜਾਣਦਾ ਸਿਰਿ ਰੋਗ ਹਥੁ ਦੀਜੈ ॥
ਜਿਨਾ ਨਾਨਕ ਗੁਰਮੁਖਿ ਹਿਰਦਾ ਸੁਧੁ ਹੈ ਹਰਿ ਭਗਤਿ ਹਰਿ ਲੀਜੈ
॥੪॥੧੧॥੧੮॥

ਪਦ ਅਰਥ :—ਗਾਵੈ—ਗੁਣ ਗਾਂਦਾ ਹੈ। ਰਾਗੀ—ਰਾਗੀਂ, ਰਾਗਾਂ ਦੀ ਰਾਹੀਂ ਗਾ ਕੇ। ਨਾਦੀ—ਨਾਦੀਂ, ਸੰਖ ਆਦਿ ਵਜਾ ਕੇ। ਬੇਦੀ—ਬੇਦੀਂ, ਧਰਮ-ਪੁਸਤਕਾਂ ਦੀ ਰਾਹੀਂ। ਬਹੁ ਭਾਂਤਿ ਕਰਿ—ਕਈ ਤਰੀਕਿਆਂ ਨਾਲ। ਭੀਜੈ—ਪ੍ਰਸੰਨ ਹੁੰਦਾ। ਅੰਤਰਿ—ਅੰਦਰ। ਕਪਟੁ—ਫ਼ਰੇਬ। ਰੋਇ—ਰੋ ਕੇ। ਸਿਰਿ ਰੋਗ—ਰੋਗਾਂ ਦੇ ਸਿਰ ਉਤੇ। ਹਥੁ ਦੀਜੈ—ਹੱਥ ਦਿੱਤਾ ਜਾਏ। ਸੁਧੁ—ਪਵਿਤ੍ਰ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ।੪।

ਅਰਥ:—(ਹੇ ਭਾਈ !) ਕੋਈ ਮਨੁੱਖ ਰਾਗ ਗਾ ਕੇ, ਕੋਈ ਸੰਖ ਆਦਿਕ ਸਾਜ ਵਜਾ ਕੇ, ਕੋਈ ਧਰਮ-ਪੁਸਤਕਾਂ ਪੜ੍ਹ ਕੇ ਕਈ ਤਰੀਕਿਆਂ ਨਾਲ ਪਰਮਾਤਮਾ ਦੇ ਗੁਣ ਗਾਂਦਾ ਹੈ, ਪਰ ਪਰਮਾਤਮਾ ਇਸ ਤਰ੍ਹਾਂ ਪ੍ਰਸੰਨ ਨਹੀਂ ਹੁੰਦਾ, (ਕਿਉਂਕਿ) ਕਰਤਾਰ (ਹਰੇਕ ਮਨੁੱਖ ਦੇ ਦਿਲ ਦੀ) ਹਰੇਕ ਗੱਲ ਜਾਣਦਾ ਹੈ, ਅੰਦਰਲੇ ਰੋਗਾਂ ਉਤੇ ਬੇਸ਼ੱਕ ਹੱਥ ਦਿੱਤਾ ਜਾਏ (ਅੰਦਰਲੇ ਵਿਕਾਰਾਂ ਨੂੰ ਲੁਕਾਣ ਦਾ ਜਤਨ ਕੀਤਾ ਜਾਏ, ਤਾਂ ਭੀ ਪਰਮਾਤਮਾ ਪਾਸੋਂ ਲੁਕੇ ਨਹੀਂ ਰਹਿ ਸਕਦੇ)। ਹੇ ਨਾਨਕ ! ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਮਨੁੱਖਾਂ ਦਾ ਹਿਰਦਾ ਪਵਿਤ੍ਰ ਹੋ ਜਾਂਦਾ ਹੈ, ਉਹੀ ਪਰਮਾਤਮਾ ਦੀ ਭਗਤੀ ਕਰਦੇ ਹਨ, ਉਹੀ ਹਰੀ ਦਾ ਨਾਮ ਲੈਂਦੇ ਹਨ।੪।੧੧।੧੮।

ਆਸਾ ਮਹਲਾ ੪ ॥

ਜਿਨ ਅੰਤਰਿ ਹਰਿ ਹਰਿ ਪ੍ਰੀਤਿ ਹੈ
ਤੇ ਜਨ ਸੁਘੜ ਸਿਆਣੇ ਰਾਮ ਰਾਜੇ ॥
ਜੋ ਬਾਹਰਹੁ ਭੁਲਿ ਚੁਕਿ ਬੋਲਦੇ ਭੀ ਖਰੇ ਹਰਿ ਭਾਣੇ ॥
ਹਰਿ ਸੰਤਾ ਨੋ ਹੋਰੁ ਥਾਉ ਨਾਹੀ ਹਰਿ ਮਾਣੁ ਨਿਮਾਣੇ ॥
ਜਨ ਨਾਨਕ ਨਾਮੁ ਦੀਬਾਣੁ ਹੈ ਹਰਿ ਤਾਣੁ ਸਤਾਣੇ ॥੧॥

ਪਦ ਅਰਥ :–ਅੰਤਰਿ–ਹਿਰਦੇ ਵਿਚ। ਤੇ ਜਨ–ਉਹ ਬੰਦੇ। ਸੁਘੜ–ਸੁਚੱਜੇ, ਚੰਗੀ ਮਾਨਸਕ ਘਾੜਤ ਵਾਲੇ। ਭੁਲਿ–ਭੁੱਲ ਕੇ। ਚੁਕਿ–ਉਕਾਈ ਖਾ ਕੇ। ਭੀ–ਫਿਰ ਭੀ। ਖਰੇ–ਚੰਗੇ। ਭਾਣੇ–ਪਿਆਰੇ ਲੱਗਦੇ ਹਨ। ਥਾਉਂ–ਥਾਂ, ਆਸਰਾ। ਦੀਬਾਣੁ–ਸਹਾਰਾ, ਫ਼ਰਿਆਦ ਦੀ ਥਾਂ। ਤਾਣੁ–ਤਾਕਤ, ਬਾਹੂ-ਬਲ। ਸਤਾਣੇ–ਤਕੜੇ, ਤਾਕਤ ਵਾਲੇ।੧।

ਅਰਥ :–(ਹੇ ਭਾਈ!) ਜਿਨ੍ਹਾਂ ਬੰਦਿਆਂ ਦੇ ਹਿਰਦੇ ਵਿਚ ਪਰਮਾਤਮਾ ਦਾ ਪਿਆਰ ਮੌਜੂਦ ਹੈ (ਪਰਮਾਤਮਾ ਦੀਆਂ ਨਜ਼ਰਾਂ ਵਿਚ) ਉਹ ਬੰਦੇ ਸੁਚੱਜੇ ਹਨ, ਸਿਆਣੇ ਹਨ। ਜੇ ਉਹ ਕਦੇ ਉਕਾਈ ਖਾ ਕੇ ਗਲਤੀ ਨਾਲ ਬਾਹਰ ਲੋਕਾਂ ਵਿਚ (ਉਕਾਈ ਵਾਲੇ ਬੋਲ) ਬੋਲ ਬੈਠਦੇ ਹਨ ਤਾਂ ਭੀ ਪਰਮਾਤਮਾ ਨੂੰ ਉਹ ਚੰਗੇ ਪਿਆਰੇ ਲੱਗਦੇ ਹਨ। (ਹੇ ਭਾਈ!) ਪਰਮਾਤਮਾ ਦੇ ਸੰਤਾਂ ਨੂੰ (ਪਰਮਾਤਮਾ ਤੋਂ ਬਿਨਾ) ਹੋਰ ਕੋਈ ਆਸਰਾ ਨਹੀਂ ਹੁੰਦਾ, (ਉਹ ਜਾਣਦੇ ਹਨ ਕਿ) ਪਰਮਾਤਮਾ ਹੀ ਨਿਮਾਣਿਆਂ ਦਾ ਮਾਣ ਹੈ। ਹੇ ਨਾਨਕ! (ਆਖ–) ਪਰਮਾਤਮਾ ਦੇ ਸੇਵਕਾਂ ਵਾਸਤੇ ਪਰਮਾਤਮਾ ਦਾ ਨਾਮ ਹੀ ਸਹਾਰਾ ਹੈ, ਪਰਮਾਤਮਾ ਹੀ ਉਹਨਾਂ ਦਾ ਬਾਹੂ-ਬਲ ਹੈ (ਜਿਸ ਦੇ ਆਸਰੇ ਉਹ ਵਿਕਾਰਾਂ ਦੇ ਟਾਕਰੇ ਤੇ) ਤਕੜੇ ਰਹਿੰਦੇ ਹਨ।੧।

ਜਿਥੈ ਜਾਇ ਬਹੈ ਮੇਰਾ ਸਤਿਗੁਰੂ ਸੋ ਥਾਨੁ ਸੁਹਾਵਾ ਰਾਮ ਰਾਜੇ ॥
ਗੁਰਸਿਖੀ ਸੋ ਥਾਨੁ ਭਾਲਿਆ ਲੈ ਧੂਰਿ ਮੁਖਿ ਲਾਵਾ ॥

ਗੁਰਸਿਖਾ ਕੀ ਘਾਲ ਥਾਇ ਪਈ ਜਿਨ੍ ਹਰਿਨਾਮੁ ਧਿਆਵਾ ॥
ਜਿਨ੍ ਨਾਨਕੁ ਸਤਿਗੁਰੁ ਪੂਜਿਆ ਤਿਨ ਹਰਿ ਪੂਜ ਕਰਾਵਾ ॥੨॥

ਪਦ ਅਰਥ :–ਜਿਥੈ–ਜਿਸ ਥਾਂ ਤੇ । ਜਾਇ–ਜਾ ਕੇ । ਸੁਹਾਵਾ–ਸੁਹਣਾ । ਗੁਰਸਿੱਖੀ–ਗੁਰ-ਸਿੱਖਾਂ ਨੇ। ਭਾਲਿਆ–ਲੱਭ ਲਿਆ। ਧੂਰਿ–ਧੂੜ । ਮੁਖਿ–ਮੂੰਹ ਉਤੇ । ਘਾਲ–ਮੇਹਨਤ । ਥਾਇ ਪਈ–(ਪ੍ਰਭੂ-ਦਰ ਤੇ) ਕਬੂਲ ਹੋ ਗਈ । ਪੂਜ ਕਰਾਵਾ–ਪੂਜਾ ਕਰਾਂਦਾ ਹੈ। ਕਰਾਵਾ–ਕਰਾਈ। ਲਾਵਾ–ਲਾਈ । ਧਿਆਵਾ–ਧਿਆਇਆ ।੨।

ਅਰਥ :–(ਹੇ ਭਾਈ !) ਜਿਸ ਥਾਂ ਤੇ ਪਿਆਰਾ ਗੁਰੂ ਜਾ ਬੈਠਦਾ ਹੈ (ਗੁਰ-ਸਿੱਖਾਂ ਵਾਸਤੇ) ਉਹ ਥਾਂ ਸੋਹਣਾ ਬਣ ਜਾਂਦਾ ਹੈ। ਗੁਰਸਿੱਖ ਉਸ ਥਾਂ ਨੂੰ ਲੱਭ ਲੈਂਦੇ ਹਨ, ਤੇ, ਉਸ ਦੀ ਧੂੜ ਲੈ ਕੇ ਆਪਣੇ ਮੱਥੇ ਉਤੇ ਲਾ ਲੈਂਦੇ ਹਨ। ਜੇਹੜੇ ਗੁਰਸਿੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ, ਉਹਨਾਂ ਦੀ (ਗੁਰ-ਅਸਥਾਨ ਭਾਲਣ ਦੀ) ਮੇਹਨਤ ਪਰਮਾਤਮਾ ਦੇ ਦਰ ਤੇ ਕਬੂਲ ਹੋ ਜਾਂਦੀ ਹੈ। ਨਾਨਕ (ਆਖਦਾ ਹੈ–) ਜੇਹੜੇ ਮਨੁੱਖ (ਆਪਣੇ ਹਿਰਦੇ ਵਿਚ) ਗੁਰੂ ਦਾ ਆਦਰ-ਸਤਕਾਰ ਬਿਠਾਂਦੇ ਹਨ, ਪਰਮਾਤਮਾ (ਜਗਤ ਵਿਚ ਓਹਨਾਂ ਦਾ) ਆਦਰ ਕਰਾਂਦਾ ਹੈ ।੨।

ਗੁਰਸਿਖਾ ਮਨਿ ਹਰਿ ਪ੍ਰੀਤਿ ਹੈ
ਹਰਿ ਨਾਮ ਹਰਿ ਤੇਰੀ ਰਾਮ ਰਾਜੇ ॥
ਕਰਿ ਸੇਵਹਿ ਪੂਰਾ ਸਤਿਗੁਰੂ ਭੁਖ ਜਾਇ ਲਹਿ ਮੇਰੀ ॥
ਗੁਰਸਿਖਾ ਕੀ ਭੁਖ ਸਭ ਗਈ ਤਿਨ ਪਿਛੈ ਹੋਰਿ ਖਾਇ ਘਨੇਰੀ ॥
ਜਨ ਨਾਨਕ ਹਰਿ ਪੁੰਨੁ ਬੀਜਿਆ
ਫਿਰਿ ਤੋਟਿ ਨ ਆਵੈ ਹਰਿ ਪੁੰਨ ਕੇਰੀ ॥੩॥

ਪਦ ਅਰਥ :–ਮਨਿ–ਮਨ ਵਿਚ । ਹਰਿ–ਹੇ ਹਰੀ ! ਕਰਿ ਮੇਰਾ–ਪੂਰਨ ਜਾਣ ਕੇ, ਅਭੁੱਲ ਜਾਣ ਕੇ। ਭੁਖ–ਮਾਇਆ ਦੀ ਭੁੱਖ। ਪੂਰੀ–ਮਾਇਆ ਦੀ ਮਮਤਾ। ਜਾਇ ਲਹਿ–ਲਹਿ ਜਾਂਦੀ ਹੈ। ਸਭ–

ਸਾਰੀ । ਖਾਇ–(ਆਤਮਕ ਖ਼ੁਰਾਕ) ਖਾਂਦੀ ਹੈ । ਘਨੇਰੀ–ਬਹੁਤ ਲੁਕਾਈ । ਹਰਿ ਪੁੰਨੁ–ਨਾਮ ਸਿਮਰਨ ਦਾ ਭਲਾ ਬੀਜ । ਤੋਟਿ–ਕਮੀ, ਘਾਟ । ਕੇਰੀ–ਦੀ । ਪੁੰਨ ਕੇਰੀ–ਭਲੇ ਕੰਮ ਦੀ ।

ਅਰਥ :–ਹੇ ਹਰੀ ! ਗੁਰੂ ਦੇ ਸਿੱਖਾਂ ਦੇ ਮਨ ਵਿਚ ਤੇਰੀ ਪ੍ਰੀਤਿ ਬਣੀ ਰਹਿੰਦੀ ਹੈ, ਤੇਰੇ ਨਾਮ ਦਾ ਪਿਆਰ ਟਿਕਿਆ ਰਹਿੰਦਾ ਹੈ, ਉਹ ਆਪਣੇ ਗੁਰੂ ਨੂੰ ਅਭੁੱਲ ਜਾਣ ਕੇ ਉਸ ਦੀ ਦੱਸੀ ਹੋਈ ਸੇਵਾ ਕਰਦੇ ਰਹਿੰਦੇ ਹਨ, (ਜਿਸ ਦੀ ਬਰਕਤਿ ਨਾਲ ਉਹਨਾਂ ਦੇ ਮਨ ਵਿਚੋਂ) ਮਾਇਆ ਦੀ ਭੁੱਖ ਦੂਰ ਹੋ ਜਾਂਦੀ ਹੈ, ਉਹਨਾਂ ਦੀ ਸੰਗਤਿ ਕਰ ਕੇ ਹੋਰ ਬਥੇਰੀ ਲੁਕਾਈ (ਨਾਮ ਸਿਮਰਨ ਦੀ ਆਤਮਕ ਖ਼ੁਰਾਕ) ਖਾਂਦੀ ਹੈ । ਹੇ ਦਾਸ ਨਾਨਕ ! ਜੇਹੜੇ ਮਨੁੱਖ (ਆਪਣੇ ਹਿਰਦੇ-ਖੇਤ ਵਿਚ) ਹਰਿ-ਨਾਮ ਸਿਮਰਨ ਦਾ ਭਲਾ ਬੀਜ ਬੀਜਦੇ ਹਨ, ਉਹਨਾਂ ਦੇ ਅੰਦਰ ਇਸ ਭਲੇ ਕਰਮ ਦੀ ਕਦੇ ਕਮੀ ਨਹੀਂ ਹੁੰਦੀ ।੩।

ਗੁਰਸਿਖਾ ਮਨਿ ਵਾਧਾਈਆ
ਜਿਨ੍ ਮੇਰਾ ਸਤਿਗੁਰੂ ਡਿਠਾ ਰਾਮ ਰਾਜੇ ॥
ਕੋਈ ਕਰਿ ਗਲ ਸੁਣਾਵੈ ਹਰਿ ਨਾਮ ਕੀ
ਸੋ ਲਗੈ ਗੁਰਸਿਖਾ ਮਨਿ ਮਿਠਾ ॥
ਹਰਿ ਦਰਗਹ ਗੁਰਸਿਖ ਪੈਨਾਈਅਹਿ ਜਿਨ੍ਾ ਮੇਰਾ ਸਤਿਗੁਰੁ ਤੁਠਾ॥
ਜਨ ਨਾਨਕ ਹਰਿ ਹਰਿ ਹੋਇਆ, ਹਰਿ ਹਰਿ ਮਨਿ ਵੁਠਾ ॥੪॥
੧੨॥੧੯॥

ਪਦ ਅਰਥ :–ਮਨਿ–ਮਨ ਵਿਚ । ਵਾਧਾਈਆਂ–ਖ਼ੁਸ਼ੀਆਂ, ਆਤਮਕ ਉਤਸ਼ਾਹ, ਚੜ੍ਹਦੀ ਕਲਾ । ਜਿਨ੍–ਜਿਨ੍ਹਾਂ ਨੇ । ਗਲ–ਗੱਲ, ਜ਼ਿਕਰ । ਸੋ–ਉਹ ਮਨੁੱਖ । ਮਿਠਾ–ਪਿਆਰਾ । ਪੈਨਾਈਅਹਿ–ਸਰੋਪਾ ਦਿੱਤੇ ਜਾਂਦੇ ਹਨ, ਸਨਮਾਨੇ ਜਾਂਦੇ ਹਨ [ਵਰਤਮਾਨ ਕਾਲ ਕਰਮ ਵਾਚ, ਅਨ-ਪੁਰਖ, ਬਹੁ-ਵਚਨ] । ਤੁਠਾ–ਮੇਹਰਬਾਨ ਹੋਇਆ ।

ਨਾਨਕੁ–ਨਾਨਕ (ਆਖਦਾ ਹੈ)। ਵੁਠਾ–ਆ ਵੱਸਿਆ।੪।

ਅਰਥ :–(ਹੇ ਭਾਈ!) ਜਿਨ੍ਹਾਂ ਗੁਰਸਿੱਖਾਂ ਨੇ ਪਿਆਰੇ ਗੁਰੂ ਦਾ ਦਰਸ਼ਨ ਕਰ ਲਿਆ, ਉਹਨਾਂ ਦੇ ਮਨ ਵਿਚ ਸਦਾ ਚੜ੍ਹਦੀ ਕਲਾ ਬਣੀ ਰਹਿੰਦੀ ਹੈ। ਜੇ ਕੋਈ ਮਨੁੱਖ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੀ ਗੱਲ ਆ ਸੁਣਾਏ ਤਾਂ ਉਹ ਮਨੁੱਖ ਗੁਰਸਿੱਖਾਂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ। (ਹੇ ਭਾਈ!) ਜਿਨ੍ਹਾਂ ਗੁਰਸਿੱਖਾਂ ਉਤੇ ਪਿਆਰਾ ਸਤਿਗੁਰੂ ਮੇਹਰਬਾਨ ਹੁੰਦਾ ਹੈ ਉਹਨਾਂ ਨੂੰ ਪਰਮਾਤਮਾ ਦੀ ਦਰਗਾਹ ਵਿਚ ਆਦਰ-ਮਾਣ ਮਿਲਦਾ ਹੈ। ਨਾਨਕ ਆਖਦਾ ਹੈ, ਉਹ ਗੁਰਸਿੱਖ ਪਰਮਾਤਮਾ ਦਾ ਰੂਪ ਹੋ ਜਾਂਦੇ ਹਨ, ਪਰਮਾਤਮਾ ਉਹਨਾਂ ਦੇ ਮਨ ਵਿਚ ਸਦਾ ਵੱਸਿਆ ਰਹਿੰਦਾ ਹੈ।੪।੧੨।੧੯।

ਆਸਾ ਮਹਲਾ ੪ ॥

ਜਿਨ੍ਹਾ ਭੇਟਿਆ ਮੇਰਾ ਪੂਰਾ ਸਤਿਗੁਰੂ
ਤਿਨ ਹਰਿ ਨਾਮੁ ਦ੍ਰਿੜਾਵੈ ਰਾਮ ਰਾਜੇ ॥
ਤਿਸ ਕੀ ਤ੍ਰਿਸਨਾ ਭੁਖ ਸਭ ਉਤਰੈ ਜੋ ਹਰਿ ਨਾਮੁ ਧਿਆਵੈ ॥
ਜੋ ਹਰਿ ਹਰਿ ਨਾਮੁ ਧਿਆਇਦੇ ਤਿਨ੍ ਜਮੁ ਨੇੜਿ ਨ ਆਵੈ ॥
ਜਨ ਨਾਨਕ ਕਉ ਹਰਿ ਕ੍ਰਿਪਾ ਕਰਿ
ਨਿਤ ਜਪੈ ਹਰਿਨਾਮੁ ਹਰਿ ਨਾਮਿ ਤਰਾਵੈ ॥੧॥

ਪਦ ਅਰਥ :–ਜਿਨ੍ਹਾ ਭੇਟਿਆ–ਜਿਨ੍ਹਾਂ ਨੇ ਸਰਨ ਲਈ। ਦ੍ਰਿੜਾਵੈ–ਹਿਰਦੇ ਵਿਚ ਪੱਕਾ ਕਰ ਦੇਂਦਾ ਹੈ। ਤਿਸ ਕੀ–ਉਸ (ਮਨੁੱਖ) ਦੀ। ਤ੍ਰਿਸਨਾ–ਤ੍ਰੇਹ। ਜੋ–ਜਿਹੜਾ ਮਨੁੱਖ। ਜੋ ਧਿਆਇਦੇ–ਜੇਹੜੇ ਮਨੁੱਖ ਸਿਮਰਦੇ ਹਨ। ਤਿਨ੍ ਨੇੜਿ–ਉਹਨਾਂ ਦੇ ਨੇੜੇ। ਕਰਿ–ਕਰੇ, ਕਰਦਾ ਹੈ। ਨਾਮਿ–ਨਾਮ ਵਿਚ (ਜੋੜ ਕੇ)। ਤਰਾਵੈ–ਪਾਰ ਲੰਘਾ ਦੇਂਦਾ ਹੈ।੧।

ਅਰਥ :–(ਹੇ ਭਾਈ!) ਜਿਨ੍ਹਾਂ ਮਨੁੱਖਾਂ ਨੇ ਪਿਆਰੇ ਗੁਰੂ ਦਾ ਪੱਲਾ ਫੜ ਲਿਆ, ਗੁਰੂ ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਪੱਕਾ ਕਰ ਦੇਂਦਾ ਹੈ। ਜਿਹੜਾ ਮਨੁੱਖ ਪਰਮਾਤਮਾ ਦਾ ਨਾਮ

ਸਿਮਰਦਾ ਹੈ, ਉਸ ਮਨੁੱਖ ਦੀ ਮਾਇਆ ਵਾਲੀ ਭੁੱਖ-ਤ੍ਰੇਹ ਸਾਰੀ ਦੂਰ ਹੋ ਜਾਂਦੀ ਹੈ। ਜੇਹੜੇ ਮਨੁੱਖ ਸਦਾ ਪਰਮਾਤਮਾ ਦਾ ਨਾਮ ਸਿਮਰਦੇ ਰਹਿੰਦੇ ਹਨ, ਜਮ ਉਹਨਾਂ ਦੇ ਨੇੜੇ ਨਹੀਂ ਢੁਕਦਾ (ਆਤਮਕ ਮੌਤ ਉਹਨਾ ਉੱਤੇ ਆਪਣਾ ਪ੍ਰਭਾਵ ਨਹੀਂ ਪਾ ਸਕਦੀ)। ਹੇ ਦਾਸ ਨਾਨਕ! (ਆਖ–ਜਿਸ ਮਨੁੱਖ ਉਤੇ) ਪਰਮਾਤਮਾ ਕਿਰਪਾ ਕਰਦਾ ਹੈ, ਉਹ ਸਦਾ ਉਸ ਦਾ ਨਾਮ ਜਪਦਾ ਹੈ, ਤੇ, ਪਰਮਾਤਮਾ ਉਸ ਨੂੰ ਆਪਣੇ ਨਾਮ ਵਿਚ ਜੋੜ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ।੧।

ਜਿਨ੍ਹੀ ਗੁਰਮੁਖਿ ਨਾਮੁ ਧਿਆਇਆ,
ਤਿਨ੍ਹਾ ਫਿਰਿ ਬਿਘਨੁ ਨ ਹੋਈ ਰਾਮ ਰਾਜੇ ॥
ਜਿਨੀ ਸਤਿਗੁਰ ਪੁਰਖੁ ਮਨਾਇਆ ਤਿਨ੍ ਪੂਜੇ ਸਭੁ ਕੋਈ ॥
ਜਿਨ੍ਹੀ ਸਤਿਗੁਰੁ ਪਿਆਰਾ ਸੇਵਿਆ ਤਿਨ੍ਹਾ ਸੁਖੁ ਸਦ ਹੋਈ ॥
ਜਿਨ੍ਹਾ ਨਾਨਕੁ ਸਤਿਗੁਰੁ ਭੇਟਿਆ ਤਿਨ੍ਹਾ ਮਿਲਿਆ ਹਰਿ ਸੋਈ॥੨॥

ਪਦ ਅਰਥ :–ਗੁਰਮੁਖਿ–ਗੁਰੂ ਦੀ ਰਾਹੀਂ। ਬਿਘਨੁ–ਰੁਕਾਵਟ। ਸਦ–ਸਦਾ। ਪੁਰਖੁ–ਮਹਾ ਪੁਰਖ, ਸਮਰੱਥਾ ਵਾਲਾ। ਪੂਜੇ–ਆਦਰ ਕਰਦਾ ਹੈ। ਸਭੁ ਕੋਈ–ਹਰੇਕ ਜੀਵ। ਨਾਨਕੁ–ਨਾਨਕ (ਆਖਦਾ ਹੈ)। ਭੇਟਿਆ–ਸਰਨ ਲਈ, ਪੱਲਾ ਫੜਿਆ। ਸੋਈ–ਆਪ ਹੀ।੨।

ਅਰਥ :–(ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰਦੇ ਹਨ, ਉਹਨਾਂ ਦੇ ਜੀਵਨ-ਸਫ਼ਰ ਵਿਚ ਮੁੜ (ਵਿਕਾਰਾਂ ਆਦਿਕਾਂ ਦੀ) ਕੋਈ ਰੁਕਾਵਟ ਨਹੀਂ ਪੈਂਦੀ। ਜੇਹੜੇ ਮਨੁੱਖ) ਆਪਣਾ ਜੀਵਨ ਸੁੱਚਾ ਬਣਾ ਕੇ) ਸਮਰੱਥਾ ਵਾਲੇ ਗੁਰੂ ਨੂੰ ਪ੍ਰਸੰਨ ਕਰ ਲੈਂਦੇ ਹਨ, ਹਰੇਕ ਜੀਵ ਉਹਨਾਂ ਦਾ ਆਦਰ-ਸਤਕਾਰ ਕਰਦਾ ਹੈ। ਜੇਹੜੇ ਮਨੁੱਖ ਪਿਆਰੇ ਗੁਰੂ ਦੀ ਦੱਸੀ ਸੇਵਾ ਕਰਦੇ ਹਨ (ਗੁਰੂ ਦਾ ਆਸਰਾ ਲੈਂਦੇ ਹਨ) ਉਹਨਾਂ ਨੂੰ ਸਦਾ ਹੀ ਆਤਮਕ ਆਨੰਦ ਪ੍ਰਾਪਤ ਰਹਿੰਦਾ ਹੈ। ਨਾਨਕ (ਆਖਦਾ ਹੈ) ਜੇਹੜੇ ਮਨੁੱਖ ਗੁਰੂ ਦਾ

ਪੱਲਾ ਫੜਦੇ ਹਨ, ਉਹਨਾਂ ਨੂੰ ਪਰਮਾਤਮਾ ਆਪ ਆ ਮਿਲਦਾ ਹੈ।੨।

[ਨੋਟ :–ਧਿਆਇਆ, ਮਨਾਇਆ, ਸੇਵਿਆ, ਭੇਟਿਆ, ਮਿਲਿਆ–ਇਹ ਲਫ਼ਜ਼ 'ਭੂਤ ਕਾਲ' ਵਿਚ ਹਨ। ਅਰਥ 'ਵਰਤਮਾਨ ਕਾਲ' ਵਿਚ ਕੀਤਾ ਗਿਆ ਹੈ]।

ਜਿਨ੍ਾ ਅੰਤਰਿ ਗੁਰਮੁਖਿ ਪ੍ਰੀਤਿ ਹੈ.
ਤਿਨ੍ ਹਰਿ ਰਖਣਹਾਰਾ ਰਾਮ ਰਾਜੇ ॥
ਤਿਨ੍ ਕੀ ਨਿੰਦਾ ਕੋਈ ਕਿਆ ਕਰੇ ਜਿਨ੍ ਹਰਿ ਨਾਮੁ ਪਿਆਰਾ ॥
ਜਿਨ੍ ਹਰਿ ਸੇਤੀ ਮਨੁ ਮਾਨਿਆ ਸਭ ਦੂਸਟ ਝਖ ਮਾਰਾ ॥
ਜਨ ਨਾਨਕ ਨਾਮੁ ਧਿਆਇਆ ਹਰਿ ਰਖਣਹਾਰਾ ॥੩॥

ਪਦ ਅਰਥ :–ਅੰਤਰਿ–ਹਿਰਦੇ ਵਿਚ। ਗੁਰਮੁਖਿ–ਗੁਰੂ ਦੇ ਦੱਸੇ ਰਾਹ ਉਤੇ ਤੁਰਿਆਂ। ਰਖਣਹਾਰਾ–ਬਚਾਣ ਦੀ ਸਮਰੱਥਾ ਵਾਲਾ। ਕਿਆ ਕਰੇ–ਕੀਹ ਕਰ ਸਕਦਾ ਹੈ? ਨਹੀਂ ਕਰ ਸਕਦਾ (ਕਿਉਂਕਿ ਉਹਨਾਂ ਵਿਚ ਕੋਈ ਵਿਕਾਰ ਰਹਿ ਹੀ ਨਹੀਂ ਜਾਂਦਾ, ਜਿਸ ਨੂੰ ਭੰਡਿਆ ਜਾ ਸਕੇ)। ਸੇਤੀ–ਨਾਲ। ਮਾਨਿਆ–ਪਤੀਜ ਗਿਆ, ਗਿੱਝ ਗਿਆ। ਦੂਸਟ–ਦੁਰਜਨ, ਭੈੜੇ ਮਨੁੱਖ। ਝਖ–ਵਿਅਰਥ ਜਤਨ।੩।

ਅਰਥ :–(ਹੇ ਭਾਈ!) ਗੁਰੂ ਦੇ ਦੱਸੇ ਰਸਤੇ ਤੁਰ ਕੇ ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦੀ ਪ੍ਰੀਤਿ ਪੈਦਾ ਹੋ ਜਾਂਦੀ ਹੈ, ਬਚਾਣ ਦੀ ਸਮਰੱਥਾ ਵਾਲਾ ਪਰਮਾਤਮਾ (ਉਹਨਾਂ ਨੂੰ ਵਿਕਾਰਾਂ ਤੋਂ ਬਚਾ ਲੈਂਦਾ ਹੈ), ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਦਾ ਨਾਮ ਪਿਆਰਾ ਲੱਗਣ ਲੱਗ ਪੈਂਦਾ ਹੈ, ਕੋਈ ਮਨੁੱਖ ਉਹਨਾਂ ਦੀ ਨਿੰਦਾ ਨਹੀਂ ਕਰ ਸਕਦਾ, ਕਿਉਂਕਿ ਕੋਈ ਨਿੰਦਣ-ਜੋਗ ਭੈੜ ਉਹਨਾਂ ਦੇ ਜੀਵਨ ਵਿਚ ਰਹਿ ਹੀ ਨਹੀਂ ਜਾਂਦਾ), ਸੋ, ਜਿਨ੍ਹਾਂ ਮਨੁੱਖਾਂ ਦਾ ਮਨ ਪਰਮਾਤਮਾ ਨਾਲ ਗਿੱਝ ਜਾਂਦਾ ਹੈ, ਭੈੜੇ ਮਨੁੱਖ (ਉਹਨਾਂ ਨੂੰ ਬਦਨਾਮ ਕਰਨ ਲਈ ਐਵੇਂ) ਵਿਅਰਥ ਟੱਕਰਾਂ ਮਾਰਦੇ ਹਨ। ਹੇ ਦਾਸ ਨਾਨਕ! (ਆਖ–) ਜੇਹੜੇ ਮਨੁੱਖ ਹਰਿ-ਨਾਮ ਸਿਮਰਦੇ ਹਨ, ਬਚਾਣ ਦੀ ਸਮਰੱਥਾ ਵਾਲਾ ਹਰੀ

(ਉਹਨਾਂ ਨੂੰ ਵਿਕਾਰਾਂ ਤੋਂ ਬਚਾ ਲੈਂਦਾ ਹੈ) ।੩।

ਹਰਿ ਜੁਗੁ ਜੁਗੁ ਭਗਤ ਉਪਾਇਆ
ਪੈਜ ਰਖਦਾ ਆਇਆ ਰਾਮ ਰਾਜੇ ॥
ਹਰਣਾਖਸੁ ਦੁਸਟੁ ਹਰਿ ਮਾਰਿਆ ਪ੍ਰਹਲਾਦੁ ਤਰਾਇਆ ॥
ਅਹੰਕਾਰੀਆ ਨਿੰਦਕਾ ਪਿਠਿ ਦੇਇ ਨਾਮਦੇਉ ਮੁਖਿ ਲਾਇਆ ॥
ਜਨ ਨਾਨਕ ਐਸਾ ਹਰਿ ਸੇਵਿਆ ਅੰਤਿ ਲਏ ਛਡਾਇਆ ॥੪॥
੧੩॥੨੦॥

ਪਦ ਅਰਥ :–ਜੁਗੁ ਜੁਗੁ–ਹਰੇਕ ਜੁਗ ਵਿਚ [ਵੇਖੋ ਗੁਰਬਾਣੀ ਵਿਆਕਰਣ] । ਉਪਾਇਆ–ਪੈਦਾ ਕਰਦਾ ਆ ਰਿਹਾ ਹੈ। ਪੈਜ–ਇੱਜ਼ਤ। ਦੇਇ–ਦੇ ਕੇ । ਮੁਖਿ ਲਾਇਆ–ਆਪਣੇ ਮੂੰਹ ਲਾਇਆ, ਆਦਰ-ਸਨਮਾਨ ਦਿੱਤਾ, ਇੱਜ਼ਤ ਬਖ਼ਸ਼ੀ। ਐਸਾ–ਇਹੋ ਜਿਹੀ ਸਮਰਥਾ ਵਾਲਾ। ਅੰਤਿ -ਆਖ਼ਰ ਨੂੰ ।੪।

ਅਰਥ :–ਪਰਮਾਤਮਾ ਹਰੇਕ ਜੁਗ ਵਿਚ ਹੀ ਭਗਤ ਪੈਦਾ ਕਰਦਾ ਹੈ, ਤੇ, (ਭੀੜਾ ਸਮੇ) ਉਹਨਾਂ ਦੀ ਇੱਜ਼ਤ ਰੱਖਦਾ ਆ ਰਿਹਾ ਹੈ (ਜਿਵੇਂ ਕਿ, ਪ੍ਰਹਿਲਾਦ ਦੇ ਜ਼ਾਲਮ ਪਿਤਾ) ਚੰਦਰੇ ਹਰਣਾਖਸ਼ ਨੂੰ ਪਰਮਾਤਮਾ ਨੇ (ਆਖ਼ਰ ਜਾਨੋਂ) ਮਾਰ ਦਿੱਤਾ (ਤੇ ਆਪਣੇ ਭਗਤ) ਪ੍ਰਹਿਲਾਦ ਨੂੰ (ਪਿਊ ਦੇ ਦਿੱਤੇ ਕਸ਼ਟਾਂ ਤੋਂ) ਸਹੀ ਸਲਾਮਤਿ ਬਚਾ ਲਿਆ, (ਜਿਵੇਂ ਕਿ, ਮੰਦਰ ਵਿਚੋਂ ਧੱਕੇ ਦੇਣ ਵਾਲੇ) ਨਿੰਦਕਾਂ ਤੇ (ਜਾਤਿ-) ਅਭਿਮਾਮੀਆਂ ਨੂੰ (ਪਰਮਾਤਮਾ ਨੇ) ਪਿੱਠ ਦੇ ਕੇ (ਆਪਣੇ ਭਗਤ) ਨਾਮਦੇਵ ਨੂੰ ਦਰਸ਼ਨ ਦਿੱਤਾ। ਹੇ ਦਾਸ ਨਾਨਕ ! ਜਿਹੜਾ ਭੀ ਮਨੁੱਖ ਇਹੋ ਜਿਹੀ ਸਮਰੱਥਾ ਵਾਲੇ ਪਰਮਾਤਮਾ ਦੀ ਸੇਵਾ-ਭਗਤੀ ਕਰਦਾ ਹੈ, ਪਰਮਾਤਮਾ ਉਸ ਨੂੰ (ਦੋਖੀਆਂ ਵਲੋਂ ਦਿੱਤੇ ਜਾ ਰਹੇ ਸਭ ਕਸ਼ਟਾਂ ਤੋਂ) ਆਖ਼ਰ ਬਚਾ ਲੈਂਦਾ ਹੈ ।੪।੧੩।੨੦।

ਪ੍ਰੋ: ਸਾਹਿਬ ਸਿੰਘ ਲਿਖਤ ਪੁਸਤਕਾਂ

੧. ਬਾਬਾਣੀਆਂ ਕਹਾਣੀਆਂ	੨. ਮੇਰੀ ਜੀਵਨ ਕਹਾਣੀ
੩. ਗੁਰਬਾਣੀ ਵਿਆਕਰਣ	੪. ਸਿਮਰਨ ਦੀਆਂ ਬਰਕਤਾਂ
੫. ਆਦਿ ਬੀੜ ਬਾਰੇ	੬. ਸਦਾਚਾਰਕ ਲੇਖ
੭. ਸਰਬੱਤ ਦਾ ਭਲਾ	੮. ਧਰਮ ਤੇ ਸਦਾਚਾਰ
੯. ਬੁਰਾਈ ਦਾ ਟਾਕਰਾ	੧੦. ਸਿਖੁ ਸਿਦਕੁ ਨਾ ਹਾਰੇ

੧੧. ਗੁਰਬਾਣੀ ਤੇ ਇਤਿਹਾਸ ਬਾਰੇ

੧੨. ਜੀ: ਬ੍ਰਿ: ਗੁਰੂ ਨਾਨਕ ਦੇਵ ਜੀ	੧੩. ਜੀ: ਬ੍ਰਿ: ਗੁਰੂ ਗੋਬਿੰਦ ਸਿੰਘ ਜੀ
੧੪. " ਗੁਰੂ ਅੰਗਦ ਦੇਵ ਜੀ	੧੫. " ਗੁਰੂ ਅਮਰਦਾਸ ਜੀ
੧੬. " ਗੁਰੂ ਰਾਮਦਾਸ ਜੀ	੧੭. " ਗੁਰੂ ਅਰਜਨ ਦੇਵ ਜੀ
੧੮. " ਗੁਰੂ ਹਰਿ ਗੋਬਿੰਦ ਜੀ	੧੯. " ਗੁਰੂ ਤੇਗ ਬਹਾਦਰ ਜੀ

੨੦. " ਗੁਰੂ ਹਰਿ ਰਾਇ ਜੀ ਤੇ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ

੨੧. ਗੁਰ ਇਤਿਹਾਸ ਪਾ: ੨ ਤੋਂ ੯ ਇਕੋ ਜਿਲਦ ਵਿਚ

੨੨. ਜਪੁਜੀ ਸਾਹਿਬ ਸਟੀਕ	੨੩. ਆਸਾ ਦੀ ਵਾਰ ਸਟੀਕ
੨੪. ਸੁਖਮਨੀ ਸਾਹਿਬ ਸਟੀਕ	੨੫. ਨਿਤਨੇਮ ਸਟੀਕ
੨੬. ਭੱਟਾਂ ਦੇ ਸਵਈਏ ਸਟੀਕ	੨੭. ਸੱਤੇ ਬਲਵੰਡ ਦੀ ਵਾਰ ਸਟੀਕ
੨੮. ਸਿੱਧ ਗੋਸਟਿ ਸਟੀਕ	੨੯. ਰਾਮਕਲੀ ਸਦ ਸਟੀਕ
੩੦. ਸਲੋਕ ਫਰੀਦ ਜੀ ਸਟੀਕ	੩੧. ਸਲੋਕ ਕਬੀਰ ਜੀ ਸਟੀਕ

੩੨. ਭਗਤ ਬਾਣੀ ਸਟੀਕ (ਪੰਜ ਜਿਲਦਾਂ)

੩੩. ਸਲੋਕ ਗੁਰੂ ਅੰਗਦ ਸਾਹਿਬ ਸਟੀਕ

੩੪. ਬਾਰਹਮਾਹ ਤੁਖਾਰੀ ਤੇ ਮਾਝ ਸਟੀਕ

੩੫. ਜਾਪੁ ਸਾਹਿਬ ਸਵੱਈਏ ਚੌਪਈ ਸਟੀਕ

੩੬ ਸ੍ਰੀ ਗੁਰੂ ਗ੍ਰੰਥ ਸਾਹਿਬ ਦਰਪਣ (ਸ੍ਰੀ ਗੁਰੂ ਗ੍ਰੰਥ ਸਾਹਿਬ ਸਟੀਕ) ਦਸ ਜਿਲਦਾਂ

੩੭. ਜਪੁਜੀ ਸਟੀਕ (ਹਿੰਦੀ ਵਿਚ)

ISBN 81-7205-012-7